Fair Advice Financial | Care Wealth Management Inc.
RDSP (Registered Disability Savings Plan)
Disabled person who is eligible for Disability Tax Credit.
And who is 49 years old or younger.
By contributing in an RDSP Plan he/she may be eligible to receive up to $90,000 in government bonds & grants.
Contact : 647-951-7900
SUKHWINDER NAHAL CFP, CLU Financial Planner
www.fairadvicefinancial.com
7900 Hurontario St., Suite 308, Brampton, ON, L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 20* Issue 232 | Thursday, November 25, 2021 | Tel: 905-793-2202 | Fax: 905-793-2282 | news@punjabipost.ca *ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ*

## ਕਾਰੋਬਾਰਾਂ ਤੇ ਵਰਕਰਜ਼ ਲਈ ਲਿਬਰਲਾਂ ਨੇ ਪੇਸ਼ ਕੀਤਾ ਨਵਾਂ ਪੈਨਡੈਮਿਕ ਏਡ ਬਿੱਲ

ਓਟਵਾ, 24 ਨਵੰਬਰ (ਪੋਸਟ ਬਿਊਰੋ) : ਬੁੱਧਵਾਰ ਦੁਪਹਿਰ ਨੂੰ ਲਿਬਰਲ ਸਰਕਾਰ ਵੱਲੋਂ ਨਵਾਂ ਪੈਨਡੈਮਿਕ ਏਡ ਬਿੱਲ ਪੇਸ਼ ਕੀਤਾ ਗਿਆ, ਜੋ ਕਿ ਕਾਰੋਬਾਰਾਂ ਤੇ ਵਰਕਰਜ਼ ਲਈ 2022 ਦੀ ਬਸੰਤ ਤੱਕ ਥੋੜ੍ਹੀ ਵਿੱਤੀ ਸਹਾਇਤਾ ਮੁਹੱਈਆ ਕਰਵਾਏਗਾ।

ਜੇ ਪਾਸ ਹੋ ਜਾਂਦਾ ਹੈ ਤਾਂ ਬਿੱਲ ਸੀ-2 ਤਹਿਤ ਕਈ ਨਵੇਂ ਟੀਚਿਆਂ ਆਧਾਰਤ ਪ੍ਰੋਗਰਾਮ ਲਿਆਂਦੇ ਜਾਣਗੇ, ਮਹਾਂਮਾਰੀ ਦੇ ਸ਼ੁਰੂ ਹੋਣ ਸਮੇਂ ਪੇਸ਼ ਕੀਤੇ ਗਏ ਪਹਿਲਾਂ ਤੋਂ ਹੀ ਮੌਜੂਦ ਬੈਨੇਫਿਟਸ ਨੂੰ ਮੁੜ ਸਿਰਜਿਆ ਜਾਵੇਗਾ। ਇਸ ਮੌਕੇ ਡਿਪਟੀ ਪ੍ਰਧਾਨ ਮੰਤਰੀ ਤੇ ਵਿੱਤ ਮੰਤਰੀ ਕ੍ਰਿਸਟੀਆ ਫਰੀਲੈਂਡ ਨੇ ਦੱਸਿਆ ਕਿ ਵੈਕਸੀਨੇਸ਼ਨ ਦੀ ਉੱਚ ਦਰ ਕਾਰਨ ਇੱਕ ਮਿਲੀਅਨ ਤੋਂ ਵੱਧ ਰੋਜ਼ਗਾਰ ਦੇ ਮੌਕੇ ਪੈਦਾ ਹੋਏ, ਬੱਚੇ ਸਕੂਲਾਂ ਵਿੱਚ ਪਰਤੇ, ਦੇਸ਼ ਭਰ ਵਿੱਚ ਕਾਰੋਬਾਰ ਹੌਲੀ ਹੌਲੀ ਰੀਓਪਨ ਹੋ ਰਹੇ ਹਨ। ਇਨ੍ਹਾਂ ਨਵੇਂ ਤੇ ਸੁਧਰੇ ਹੋਏ ਹਾਲਾਤ ਦੇ ਮੱਦੇਨਜ਼ਰ ਲੋਕਾਂ ਦੀ ਮਦਦ ਲਈ ਹੋਰ ਮਾਪਦੰਡ ਅਪਣਾਏ ਜਾਣਾ ਬੇਹੱਦ ਜ਼ਰੂਰੀ ਹੈ।



ਉਨ੍ਹਾਂ ਆਖਿਆ ਕਿ ਪਹਿਲਾਂ ਤੋਂ ਹੀ ਐਲਾਨੇ ਗਏ ਟੂਰਿਜ਼ਮ ਐਂਡ ਹੌਸਪਿਟੈਲਿਟੀ ਰਿਕਵਰੀ ਪ੍ਰੋਗਰਾਮ ਤੇ ਬਿਜ਼ਨਸ ਰਿਕਵਰੀ ਪ੍ਰੋਗਰਾਮ ਵੇਜ ਤੇ ਰੈਂਟ ਸਬਸਿਡੀਜ਼ ਰਾਹੀਂ ਮਦਦ ਮੁਹੱਈਆ ਕਰਵਾਉਣਗੇ। ਟੂਰਿਜ਼ਮ ਐਂਡ ਹਾਸਪਿਟੈਲਿਟੀ ਰਿਕਵਰੀ ਪ੍ਰੋਗਰਾਮ ਹੋਟਲਾਂ, ਟੂਰ ਆਪਰੇਟਰਜ਼, ਟਰੈਵਲ ਏਜੰਸੀਜ਼ ਤੇ ਰੈਸਟੋਰੈਂਟਸ ਉੱਤੇ ਲਾਗੂ ਹੋਵੇਗਾ ਤੇ ਇਸ ਦਾ ਸਬਸਿਡੀ ਰੇਟ 75 ਫੀ ਸਦੀ ਹੋਵੇਗਾ ਜਦਕਿ ਬਿਜ਼ਨਸ ਰਿਕਵਰੀ ਪ੍ਰੋਗਰਾਮ ਉਨ੍ਹਾਂ ਬਿਜ਼ਨਸਿਜ਼ ਉੱਤੇ ਅਪਲਾਈ ਹੋਵੇਗਾ ਜਿਨ੍ਹਾਂ ਨੂੰ ਕਾਫੀ ਜ਼ਿਆਦਾ ਨੁਕਸਾਨ ਸਹਿਣਾ ਪਿਆ ਤੇ ਇਸ ਦਾ ਸਬਸਿਡੀ ਰੇਟ 50 ਫੀ ਸਦੀ ਹੋਵੇਗਾ। ਪਹਿਲੇ ਪ੍ਰੋਗਰਾਮ ਲਈ ਯੋਗ ਬਣਨ ਵਾਸਤੇ ਕਾਰੋਬਾਰਾਂ ਨੂੰ 12 ਮਹੀਨਿਆਂ ਦੀ ਆਮਦਨ ਵਿੱਚ 40 ਫੀ ਸਦੀ ਘਾਟੇ ਦੇ ਨਾਲ ਨਾਲ ਮੌਜੂਦਾ ਮਹੀਨੇ ਦੀ ਆਮਦਨ ਵਿੱਚ ਆਈ ਕਮੀ ਦਰਸਾਉਣੀ ਹੋਵੇਗੀ ਜਦਕਿ ਦੂਜੇ ਪ੍ਰੋਗਰਾਮ ਲਈ ਯੋਗ ਹੋਣ ਵਾਸਤੇ ਕਾਰੋਬਾਰਾਂ ਨੂੰ 12 ਮਹੀਨਿਆਂ ਦੀ ਆਮਦਨ ਵਿੱਚ 50 ਫੀ ਸਦੀ ਕਮੀ ਦੇ ਨਾਲ ਨਾਲ ਮੌਜੂਦਾ ਮਹੀਨੇ ਦੀ ਆਮਦਨ ਵਿੱਚ ਵੀ ਐਨੀ ਹੀ ਕਮੀ ਦਰਸਾਉਣੀ ਹੋਵੇਗੀ।

...ਬਾਕੀ ਪੰਨਾ 3 'ਤੇ

## ਸਾਬਕਾ ਇੰਟਰਨੈਸ਼ਨਲ ਸਟੂਡੈਂਟਸ ਦੀ ਮਦਦ ਲਈ ਸਰਕਾਰ ਨੇ ਲਿਆਂਦੀ ਨਵੀਂ ਪਾਲਿਸੀ

### ਹੁਣ ਓਪਨ ਵਰਕ ਪਰਮਿਟ ਲਈ ਅਪਲਾਈ ਕਰ ਸਕਣਗੇ ਪੀਜੀਡਬਲਿਊਪੀ ਹੋਲਡਰਜ਼

ਓਟਵਾ, 24 ਨਵੰਬਰ (ਪੋਸਟ ਬਿਊਰੋ) : ਇੰਟਰਨੈਸ਼ਨਲ ਸਟੂਡੈਂਟਸ ਵੱਲੋਂ ਕੈਨੇਡਾ ਦੀ ਤਰੱਕੀ ਵਿੱਚ ਕਾਫੀ ਯੋਗਦਾਨ ਪਾਇਆ ਜਾਂਦਾ ਹੈ। ਸਾਡੇ ਅਰਥਚਾਰੇ ਵਿੱਚ ਕੌਮਾਂਤਰੀ ਸਟੂਡੈਂਟਸ ਵੱਲੋਂ ਸਾਲਾਨਾ 21 ਬਿਲੀਅਨ ਡਾਲਰ ਦਾ ਯੋਗਦਾਨ ਪਾਇਆ ਜਾਂਦਾ ਹੈ ਤੇ ਸਾਡੀ ਕਮਿਊਨਿਟੀਜ਼ ਦੀ ਮਦਦ ਕੀਤੀ ਜਾਂਦੀ ਹੈ। ...ਬਾਕੀ ਪੰਨਾ 3 'ਤੇ



## ਰੀਓਪਨਿੰਗ ਓਨਟਾਰੀਓ ਐਕਟ ਤਹਿਤ ਫੋਰਡ ਸਰਕਾਰ ਨੇ ਐਮਰਜੰਸੀ ਆਰਡਰਜ਼ ਵਿੱਚ ਕੀਤਾ ਵਾਧਾ

ਓਨਟਾਰੀਓ, 24 ਨਵੰਬਰ (ਪੋਸਟ ਬਿਊਰੋ) : ਰੀਓਪਨਿੰਗ ਓਨਟਾਰੀਓ ਐਕਟ ਤਹਿਤ ਫੋਰਡ ਸਰਕਾਰ ਨੇ ਐਮਰਜੰਸੀ ਆਰਡਰਜ਼ ਵਿੱਚ ਮਾਰਚ 2022 ਤੱਕ ਦਾ ਵਾਧਾ ਕਰ ਦਿੱਤਾ ਹੈ। ਇਹ ਐਮਰਜੰਸੀ ਆਰਡਰਜ਼ ਪਹਿਲੀ ਦਸੰਬਰ ਨੂੰ ਐਕਸਪਾਇਰ ਹੋਣ ਜਾ ਰਹੇ ਸਨ। ਮੰਗਲਵਾਰ ਨੂੰ ਕੁਈਨਜ਼ ਪਾਰਕ ਵਿਖੇ ਸਾਲੀਸਿਟਰ ਜਨਰਲ ਸਿਲਵੀਆ ਜੋਨਜ਼ ਵੱਲੋਂ ਪਾਸ ਕੀਤੇ ਗਏ ਇੱਕ ਮਤੇ ਤੋਂ ਬਾਅਦ ਇਨ੍ਹਾਂ ਹੁਕਮਾਂ ਵਿੱਚ ਵਾਧਾ ਕੀਤਾ ਗਿਆ। ਇਸ ਮਤੇ ਦੇ ਪਾਸ ਹੋਣ ਨਾਲ ਫਰਡ ਸਰਕਾਰ ਨੂੰ 28 ਮਾਰਚ



ਤੱਕ ਇਨ੍ਹਾਂ ਹੁਕਮਾਂ ਵਿੱਚ ਵਾਧਾ ਕਰਨ ਦੀ ਪਾਵਰ ਮਿਲ ਗਈ ਹੈ। ਆਰਓਏ ਤਹਿਤ ਹਰੇਕ ਹੁਕਮ 30 ਦਿਨਾਂ ਲਈ ਕੈਬਨਿਟ ਵੱਲੋਂ ਪਾਸ ਹੋਣੇ ਜ਼ਰੂਰੀ ਹਨ।

ਜੋਨਜ਼ ਦੇ ਤਰਜ਼ਮਾਨ ਨੇ ਦੱਸਿਆ ਕਿ ਐਮਰਜੰਸੀ ਪਾਵਰਜ਼ ਵਿੱਚ ਵਾਧੇ ਨਾਲ ਸਰਕਾਰ ਨੂੰ ਕੋਵਿਡ-19 ਸਬੰਧੀ ਸਾਰੀਆਂ ਰਹਿੰਦੀਆਂ ਪਾਬੰਦੀਆਂ ਮਾਰਚ ਤੱਕ ਹਟਾਉਣ ਦਾ ਅਖ਼ਤਿਆਰ ਮਿਲ ਗਿਆ ਹੈ। ਆਰਓਏ ਵਿੱਚ ਵਾਧੇ ਤੋਂ ਬਿਨਾਂ ਪਬਲਿਕ ਹੈਲਥ ਮਾਪਦੰਡ ਪਹਿਲੀ ਦਸੰਬਰ ਤੋਂ ਹੀ ਖ਼ਤਮ ਹੋ ਜਾਣੇ ਸਨ। ਰੀਓਪਨਿੰਗ ਐਕਟ ਤਹਿਤ ਇਸ ਸਮੇਂ 28 ਆਰਡਰਜ਼ ਪ੍ਰਭਾਵੀ ਹਨ, ਇਨ੍ਹਾਂ ਵਿੱਚ ਵੈਕਸੀਨੇਸ਼ਨ ਦਾ ਸਬੂਤ ਵਿਖਾਉਣਾ ਵੀ ਇੱਕ ਹੈ। ਇਸ ਮਹੀਨੇ ਦੇ ਸ਼ੁਰੂ ਵਿੱਚ ਕੋਵਿਡ-19 ਦੇ ਮਾਮਲਿਆਂ ਵਿੱਚ ਵਾਧਾ ਹੋਣ ਕਾਰਨ ਓਨਟਾਰੀਓ ਨੇ ਰੀਓਪਨਿੰਗ ਪਲੈਨ ਦੇ ਅਗਲੇ ਕਦਮ ਉੱਤੇ ਰੋਕ ਲਾ ਦਿੱਤੀ ਸੀ।

## ਜਵਾਬਦੇਹੀ ਤੋਂ ਬਚਣ ਲਈ ਸਰਕਾਰ ਕਾਮਨਜ਼ ਦੀ ਕਾਰਵਾਈ ਮੁੜ ਚਲਾਉਣਾ ਚਾਹੁੰਦੀ ਹੈ ਹਾਈਬ੍ਰਿਡ ਫਾਰਮੈਟ 'ਚ : ਟੋਰੀਜ਼

ਓਟਵਾ, 24 ਨਵੰਬਰ (ਪੋਸਟ ਬਿਊਰੋ) : ਕੋਵਿਡ-19 ਮਹਾਂਮਾਰੀ ਦੌਰਾਨ ਇਸ ਤੋਂ ਬਚਣ ਲਈ ਐਮਪੀਜ਼ ਵੱਲੋਂ ਹਾਊਸ ਆਫ ਕਾਮਨਜ਼ ਦੀ ਕਾਰਵਾਈ ਵਰਚੂਅਲੀ ਚਲਾਉਣ ਦਾ ਐਮਪੀਜ਼ ਵੱਲੋਂ ਫੈਸਲਾ ਕੀਤਾ ਗਿਆ ਸੀ। ਇਸ ਨੂੰ ਹਾਊਸ ਆਫ ਕਾਨਮਜ਼ ਦਾ ਹਾਈਬ੍ਰਿਡ ਫਾਰਮੈਟ ਦੱਸਿਆ ਗਿਆ ਸੀ। ਇੱਕ ਵਾਰੀ ਫਿਰ ਮੌਜੂਦਾ ਹਾਲਾਤ ਦੇ ਮੱਦੇਨਜ਼ਰ ਹਾਊਸ ਆਫ ਕਾਮਨਜ਼ ਦੀ ਕਾਰਵਾਈ ਹਾਈਬ੍ਰਿਡ



ਫਾਰਮੈਟ ਅਨੁਸਾਰ ਚਲਾਉਣ ਦੇ ਬਣ ਰਹੇ ਆਸਾਰ ਦਾ ਤੇ ਸਰਕਾਰ ਵੱਲੋਂ ਇਸ ਸਬੰਧ ਵਿੱਚ ਪੇਸ਼ ਕੀਤੇ ਜਾਣ ਵਾਲੇ ਪ੍ਰਸਤਾਵ ਦਾ ਕੰਜ਼ਰਵੇਟਿਵ ਐਮਪੀਜ਼ ਵੱਲੋਂ ਵਿਰੋਧ ਕਰਨ ਦਾ ਫੈਸਲਾ ਕੀਤਾ ਗਿਆ ਹੈ।

ਕੰਜ਼ਰਵੇਟਿਵ ਡਿਪਟੀ ਆਗੂ ਕੈਂਡਿਸ ਬਰਜਨ ਦਾ ਕਹਿਣਾ ਹੈ ਕਿ ਉਨ੍ਹਾਂ ਦੀ ਪਾਰਟੀ ਇਸ ਤਰ੍ਹਾਂ ਹਾਈਬ੍ਰਿਡ ਸਿਟਿੰਗਜ਼ ਲਈ ਰਾਜ਼ੀ ਨਹੀਂ ਹੈ ਕਿਉਂਕਿ ਉਨ੍ਹਾਂ ਨੂੰ ਡਰ ਹੈ ਕਿ ਇਸ ਤਰ੍ਹਾਂ ਦੀ ਕਾਰਵਾਈ ਨਾਲ ਮੰਤਰੀ ਕਾਮਨਜ਼ ਵਿੱਚ ਵਿਰੋਧੀ ਧਿਰਾਂ ਦੇ ਸਵਾਲਾਂ ਦੇ ਜਵਾਬ ਦੇਣ ਤੋਂ ਬਚ ਜਾਂਦੇ ਹਨ। ...ਬਾਕੀ ਪੰਨਾ 3 'ਤੇ

## ਪਹਿਲੇ ਦਿਨ ਹੀ ਪੰਜ ਤੋਂ 11 ਸਾਲ ਦੇ ਬੱਚਿਆਂ ਲਈ ਬੁੱਕ ਕਰਵਾਈਆਂ ਗਈਆਂ 31,000 ਵੈਕਸੀਨ ਅਪੁਆਇੰਟਮੈਂਟਸ

ਟੋਰਾਂਟੋ, 24 ਨਵੰਬਰ (ਪੋਸਟ ਬਿਊਰੋ) : ਸਿਟੀ ਆਫ ਟੋਰਾਂਟੋ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਪੰਜ ਤੋਂ 11 ਸਾਲ ਦਰਮਿਆਨ ਬੱਚਿਆਂ ਲਈ 31,000 ਵੈਕਸੀਨ ਅਪੁਆਇੰਟਮੈਂਟਸ ਮੰਗਲਵਾਰ ਨੂੰ ਬੁੱਕ ਕਰਵਾਈਆਂ ਗਈਆਂ। ਓਨਟਾਰੀਓ ਭਰ ਦੇ ਇਸ ਉਮਰ ਵਰਗ ਦੇ ਬੱਚਿਆਂ ਲਈ ਅਪੁਆਇੰਟਮੈਂਟ ਬੁੱਕ ਕਰਵਾਉਣ ਦਾ ਇਹ ਪਹਿਲਾ ਦਿਨ ਸੀ।

ਸਿਟੀ ਨੇ ਦੱਸਿਆ ਕਿ ਅਗਲੇ ਢਾਈ ਹਫਤਿਆਂ ਲਈ ਇਸ ਉਮਰ ਵਰਗ ਦੇ ਬੱਚਿਆਂ ਵਾਸਤੇ 49,000 ਅਪੁਆਇੰਟਮੈਂਟਸ ਉਪਲਬਧ ਹਨ। ਮੇਅਰ ਜੌਹਨ ਟੋਰੀ ਨੇ ਇਸ ਗੱਲ ਉੱਤੇ ਖੁਸ਼ੀ ਪ੍ਰਗਟਾਈ ਕਿ ਇਹ ਅਪੁਆਇੰਟਮੈਂਟਸ ਐਨੀ ਜਲਦੀ ਬੁੱਕ ਹੋ ਗਈਆਂ। ਉਨ੍ਹਾਂ ਆਖਿਆ ਕਿ ਇਨ੍ਹਾਂ ਬੱਚਿਆਂ ਦੇ ਨਾਲ ਨਾਲ ਸਾਡੀ ਸਾਰਿਆਂ ਦੀ ਸਾਂਝੀ ਸਿਹਤ ਲਈ ਇਹ ਵੈਕਸੀਨੇਸ਼ਨ ਕਾਫੀ ਜ਼ਰੂਰੀ ਹੈ। ਇਸ ਦੇ ਨਾਲ ਹੀ ਇਹ ਸਾਡੇ ਸਕੂਲਾਂ ਨੂੰ ਖੁੱਲ੍ਹਾ ਰੱਖਣ ਤੇ ਮਹਾਂਮਾਰੀ ਨੂੰ ਜੜ੍ਹੋਂ ਖ਼ਤਮ ਕਰਨ ਲਈ ਵੀ ਜ਼ਰੂਰੀ ਹੈ।

ਉਨ੍ਹਾਂ ਆਖਿਆ ਕਿ ਇਹ ਵੈਕਸੀਨਜ਼ ਪ੍ਰਭਾਵਸ਼ਾਲੀ ਤੇ ਸੁਰੱਖਿਅਤ ਹਨ। ਓਨਟਾਰੀਓ ਵਿੱਚ ਟੋਰਾਂਟੋ ਅਜਿਹੀ ਪਹਿਲੀ ਸਿਟੀ ਹੈ ਜਿਸ ਨੇ ਮੰਗਲਵਾਰ ਤੋਂ ਬੱਚਿਆਂ ਦਾ ਟੀਕਾਕਰਣ ਸ਼ੁਰੂ ਕੀਤਾ ਹੈ ਪਰ ਸ਼ੁਰੂਆਤੀ ਗੇੜ ਵਿੱਚ ਸਿਰਫ 10 ਬੱਚਿਆਂ ਨੂੰ ਹੀ ਵੈਕਸੀਨੇਟ ਕੀਤਾ ਗਿਆ।



ਮੇਅਰ ਟੋਰੀ ਨੇ ਆਖਿਆ ਕਿ ਉਹ ਆਸ ਕਰਦੇ ਹਨ ਕਿ ਟੋਰਾਂਟੋ ਦੇ ਪੰਜ ਤੋਂ 11 ਸਾਲਾਂ ਦਰਮਿਆਨ ਦੇ ਸਾਰੇ ਬੱਚਿਆਂ ਦਾ ਟੀਕਾਕਰਣ ਜਲਦ ਤੋਂ ਜਲਦ ਹੋ ਜਾਵੇ। ਬੁੱਧਵਾਰ ਨੂੰ ਟੋਰੀ, ਟੋਰਾਂਟੋ ਬੋਰਡ ਆਫ ਹੈਲਥ ਦੇ ਚੇਅਰ ਜੋਅ ਕ੍ਰੈਸੀ ਤੇ ਮੈਡੀਕਲ ਆਫੀਸਰ ਆਫ ਹੈਲਥ ਡਾ• ਐਲੀਨ ਡੀ ਵਿੱਲਾ ਬੱਚਿਆਂ ਦੇ ਟੀਕਾਕਰਣ ਬਾਰੇ ਸਿਟੀ ਨੂੰ ਅਪਡੇਟ ਕਰਨ ਲਈ ਮੈਟਰੋ ਟੋਰਾਂਟੋ ਕਨਵੈਨਸ਼ਨ ਸੈਂਟਰ ਉੱਤੇ ਮੌਜੂਦ ਸਨ। ਬੱਚਿਆਂ ਦੇ ਟੀਕਾਕਰਣ ਲਈ ਇਹ ਕਲੀਨਿਕ ਵੀਰਵਾਰ ਤੋਂ ਹੇਠ ਦੱਸੀਆਂ ਲੋਕੇਸ਼ਨਜ਼ ਉੱਤੇ ਖੋਲ੍ਹੇ ਜਾਣਗੇ :

- Metro Toronto Convention Centre, 255 Front St. W., North Building, Hall A
- Cloverdale Mall, 250 The East Mall
- Scarborough Town Centre, 300 Borough Dr.
- Mitchell Field Community Centre, 89 Church Ave.
- Woodbine Mall, 500 Rexdale Blvd.

ਸਕੂਲ ਆਧਾਰਿਤ ਮੋਬਾਈਲ ਕਲੀਨਿਕਸ ਵੀ ਵੀਰਵਾਰ ਤੋਂ ਬੱਚਿਆਂ ਦਾ ਟੀਕਾਕਰਣ ਸ਼ੁਰੂ ਕਰਨਗੇ। ਇਸ ਤੋਂ ਇਲਾਵਾ ਕੁੱਝ ਲੋਕਲ ਫਾਰਮੇਸੀਜ਼ ਤੇ ਡਾਕਟਰਜ਼ ਆਫਿਸਿਜ਼ ਵਿੱਚ ਵੀ ਬੱਚਿਆਂ ਨੂੰ ਸ਼ੌਟ ਦਿੱਤੇ ਜਾਣਗੇ।

Best Insurance Rates
*Life *Auto *Home *Business
ਕਾਰ ਅਤੇ ਘਰ ਦੀ ਇੰਸ਼ੋਰੈਂਸ ਲਈ ਘੱਟ ਰੇਟ
Discounts upto 35% on Auto & Home
Dir: 647-400-2949
Amanpreet S. Batth R.I.B.O
Axel Insurance Brokers Ltd.
1550 South Gateway Rd. Suite 220 Mississauga, ON L4W 5G6

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI 416.994.7272
www.allkindinsurance.com

INSURANCE
Home, Auto, Business, Trucking, Life Insurance, Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat Broker
Axel InsuranceBrokers Ltd. 1332 Khalsa Dr, Unit # 11, Mississauga, ON L5S 0A2

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill Certified & Licensed Exterminator

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma
Open Saturday
Providing excellent quality legal services to our clients

KELLEY LAW OFFICE
Immigration, Real Estate, Family Law, Business Closing, Corporate, Wills & Estate, Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley Barrister, Solicitor & Notary Public
905-362-0755

Royal Pest Control
Residential Commercial Industrial
Specialist in Bedbugs Service
All Pest Control :
Mouse & Rats, Spiders & Fleas, Bedbugs, Wasps, Cockroaches, Carpenter Ants, Silver Fish, Racoons
Call : PARESH PATEL
416 938 4598

YES! Immigration
Yes we can...
Locations: Woodbridge, Mississauga, Scarborough
Celebrating 16 Years
16 ਸਾਲਾਂ ਤੋਂ ਤੋਹਾਡੀ ਸੇਵਾ ਵਿਚ
ਇੰਮਿਗਰੇਸ਼ਨ ਸੇਵਾਵਾਂ 10-20% Discount
iccrc Raj Narang, Ritu Narang
ਕੇਨੇਡਾ ਦੇ ਵੀਜ਼ਾ ਵਾਸਤੇ ਅਜੱ ਹੀ ਸੰਪਰਕ ਕਰੋ:
(416)740-6969
(647)616-1020

SUPER VISA INSURANCE EXPERTS
Punjab Insurance Inc
Super Visa Monthly plans available
7003 Steeles Ave. W, Unit 10 Etobicoke, ON, M9W 0A2
gill@punjabinsurance.ca
416-724-5000
RANJIT GILL Insurance Advisor
Disability Insurance, Mortgage Insurance, Life Insurance, Visitor Insurance, Travel Insurance, RESP(Education Plan), Critical Illness Insurance

INSURANCE MART INSURANCE COMPANY
Life Insurance, Critical Illness, Disability, Super Visa, Home and Auto Insurance
Gurdip Gill (647)767-6665
gurdipgill1@hotmail.ca

Dubai Jewellers
2700 Northpark Drive Unit #19, Brampton Ontario L6S 0E9
North Park & Airport Major Intersection
ਨਵੇਂ ਬਣੇ ਪਲਾਜ਼ਾ ਦੇ ਵਿਚ
Gift Prize with Every Purchase
* Repair at no extra cost
* Appraisal Certificate
* Buy, Sell, Trade
Tuesday to Sunday (12-8) (Monday Closed)
Raj & Gulshan Mob: 416-465-1200
www.dubaijewellers.ca
info@dubaijewellers.ca

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types, Walkie pallet Low Lift, Electric Motor Narrow Aisle Reach, Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Avon Financial Inc. Brokerage Lic. 12538
Cell: 416-841-4218 Tel: 905-216-5563
Harpreet Singh Goraya Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca


NOW HIRING
U.S. CROSS BORDER SINGLES & TEAMS AND CANADIAN TEAMS
US Singles $0.64/mile
US Teams $0.66/mile
Canadian teams $0.62/mile
LIGHT SPEED Logistics Inc.
OUR FAMILY WELCOMES YOU
U.S. Singles – Dedicated Truck
Desirable Lanes to the U.S.
U.S. Teams – New Dedicated Truck
Canadian Teams – New Dedicated Truck
Comprehensive Company Benefits
Flexible Work Schedule
LIGHT SPEED HAS YOU COVERED
Steve Hunt O 905.696.0700 x7224 C 905.229.9011 E shunt@lslinc.com
6015 Kestrel Road, Mississauga, ONTARIO L5T 1S8
www.lslinc.com


BLACK FRIDAY DEALS ARE IN.
GET A $50 IN-STORE CREDIT
*WITH NEW ACTIVATION ON A $40/MO DATA, TALK, & TEXT PLAN OR HIGHER
1 Promenade Circle | Thornhill, ON | 647-274-3808
379 Main St. North | Brampton, ON | 905-451-0379
2456 Lake Shore Blvd West | Etobicoke, ON | 416-259-3654
chatr AUTHORIZED DEALER
*Offer available Friday, November 26th 2021 and subject to change without notice. Only applicable with new activation on a $40/mo or higher Data, Talk & Text plan. In-store credit cannot be applied to top-ups, bill payments, SIM cards, vouchers or redeemed for cash and has no cash value. Visit chatrmobile.com/plans for more details. ™ Trademarks used under license ©2021

# ਕਾਰੋਬਾਰਾਂ ਤੇ ਵਰਕਰਜ਼ ਲਈ ਲਿਬਰਲਾਂ ਨੇ ਪੇਸ਼ ਕੀਤਾ ਨਵਾਂ ਪੈਨਡੈਮਿਕ ਏਡ ਬਿੱਲ

...ਪੰਨਾ 1 ਦਾ ਬਾਕੀ

ਸਰਕਾਰ ਵੱਲੋਂ ਲਾਗੂ ਲਾਕਡਾਊਨਜ਼ ਤੋਂ ਪ੍ਰਭਾਵਿਤ ਕਾਰੋਬਾਰਾਂ ਦੀ ਮਦਦ ਲਈ ਸਰਕਾਰ ਲੋਕਲ ਲਾਕਡਾਊਨ ਪ੍ਰੋਗਰਾਮ ਵੀ ਪੇਸ਼ ਕਰਨ ਜਾ ਰਹੀ ਹੈ। ਇਨ੍ਹਾਂ ਕੰਪਨੀਆਂ ਨੂੰ ਵੱਧ ਤੋਂ ਵੱਧ ਸਬਸਿਡੀ ਰਕਮ ਮਿਲੇਗੀ।

ਵਰਕਰਜ਼ ਲਈ ਬਿੱਲ ਵਿੱਚ ਕੈਨੇਡਾ ਵਰਕਰ ਲਾਕਡਾਊਨ ਬੈਨੇਫਿਟ ਦਰਜ ਹਨ,ਜੋ ਕਿ ਮਸ਼ਹੂਰ ਕੈਨੇਡਾ ਰਿਸਪਾਂਸ ਬੈਨੇਫਿਟ ਦੀ ਥਾਂ ਲੈਣਗੇ। ਇਹ ਉਨ੍ਹਾਂ ਲਈ ਵੀ ਹੋਣਗੇ ਜਿਨ੍ਹਾਂ ਦਾ ਕੰਮ ਸਿੱਧੇ ਤੌਰ ਉੱਤੇ ਮਹਾਂਮਾਰੀ ਕਾਰਨ ਪ੍ਰਭਾਵਿਤ ਹੋਇਆ।ਇਹ ਇੰਪਲੌਇਮੈਂਟ ਇੰਸ਼ੋਰੈਂਸ ਲਈ ਯੋਗ ਤੇ ਅਯੋਗ ਵਰਕਰਜ਼ ਲਈ ਵੀ ਉਪਲਬਧ ਹੋਣਗੇ, ਜਿਨਾਂ ਚਿਰ ਉਹ ਓਨੇ ਅਰਸੇ ਲਈ ਈਆਈ ਰਾਹੀਂ ਬੈਨੇਫਿਟ ਹਾਸਲ ਨਹੀਂ ਕਰਦੇ।

ਇਸ ਤੋਂ ਇਲਾਵਾ ਲਿਬਰਲਜ਼ ਕੈਨੇਡਾ ਰਿਕਵਰੀ ਕੇਅਰਗਿਵਿੰਗ ਬੈਨੇਫਿਟ ਤੇ ਕੈਨੇਡਾ ਰਿਕਵਰੀ ਸਿੱਕਨੈੱਸ ਬੈਨੇਫਿਟ ਵਿੱਚ ਵਾਧਾ ਕਰਨ ਦਾ ਪ੍ਰਸਤਾਵ ਵੀ ਲਿਆ ਰਹੇ ਹਨ। ਪਹਿਲੇ ਬੈਨੇਫਿਟਸ 42 ਤੋਂ 44 ਹਫਤਿਆਂ ਲਈ ਤੇ ਦੂਜੇ ਬੈਨੇਫਿਟਸ ਚਾਰ ਤੋਂ ਛੇ ਹਫਤਿਆਂ ਲਈ ਹੋਣਗੇ। ਇਸ ਤੋਂ ਇਲਾਵਾ ਕੈਨੇਡਾ ਰਿਕਵਰੀ ਹਾਇਰਿੰਗ ਪ੍ਰੋਗਰਾਮ ਉਨ੍ਹਾਂ ਇੰਪਲੌਇਰਜ਼ ਲਈ ਹੋਵੇਗਾ ਜਿਨ੍ਹਾਂ ਨੂੰ ਆਮਦਨ ਵਿੱਚ 10 ਫੀ ਸਦੀ ਤੋਂ ਵੱਧ ਦਾ ਨੁਕਸਾਨ ਹੋਇਆ ਹੈ। ਇਸ ਬੈਨੇਫਿਟ ਲਈ ਸਬਸਿਡੀ ਰੇਟ 50 ਫੀ ਸਦੀ ਤੱਕ ਹੋਵੇਗਾ। ਇਨ੍ਹਾਂ ਸਾਰੇ ਪ੍ਰੋਗਰਾਮਾਂ ਵਿੱਚ 7 ਮਈ, 2022 ਤੱਕ ਵਾਧਾ ਕੀਤਾ ਜਾਵੇਗਾ।

# ਸਾਬਕਾ ਇੰਟਰਨੈਸ਼ਨਲ ਸਟੂਡੈਂਟਸ ਦੀ ਮਦਦ ਲਈ ਸਰਕਾਰ ਨੇ ਲਿਆਂਦੀ ਨਵੀਂ ਪਾਲਿਸੀ

...ਪੰਨਾ 1 ਦਾ ਬਾਕੀ

ਹਾਲਾਂਕਿ ਮਹਾਂਮਾਰੀ ਨੇ ਕੌਮਾਂਤਰੀ ਸਟੂਡੈਂਟਸ ਲਈ ਵੱਡੀਆਂ ਚੁਣੌਤੀਆਂ ਪੇਸ਼ ਕੀਤੀਆਂ ਹਨ। ਖਾਸਤੌਰ ਉੱਤੇ ਪੋਸਟ ਗ੍ਰੈਜੂਏਸ਼ਨ ਵਰਕ ਪਰਮਿਟ (ਪੀਜੀਡਬਲਿਊਪੀ) ਹੋਲਡਰਜ਼ ਲਈ ਇਹ ਚੁਣੌਤੀਆਂ ਕਾਫੀ ਜ਼ਿਆਦਾ ਹਨ।ਮਹਾਂਮਾਰੀ ਕਾਰਨ ਪਏ ਵਿਘਣ ਕਰਕੇ ਤੇ ਅਸਥਿਰਤਾ ਕਾਰਨ ਉਨ੍ਹਾਂ ਨੂੰ ਪਰਮਾਨੈਂਟ ਰੈਜ਼ੀਡੈਂਸ ਲਈ ਅਪਲਾਈ ਕਰਨ ਵਾਸਤੇ ਜਿਹੜਾ ਤਜਰਬਾ ਚਾਹੀਦਾ ਸੀ ਉਹ ਨਹੀਂ ਹਾਸਲ ਹੋ ਸਕਿਆ।

ਇਸ ਚੁਣੌਤੀਆਂ ਭਰੇ ਸਮੇਂ ਵਿੱਚ ਕੌਮਾਂਤਰੀ ਵਿਦਿਆਰਥੀਆਂ ਦੀ ਮਦਦ ਲਈ ਕੈਨੇਡਾ ਸਰਕਾਰ ਵੱਲੋਂ ਨਵੀਂ ਪਾਲਿਸੀ ਦਾ ਐਲਾਨ ਕੀਤਾ ਗਿਆ ਹੈ।ਇਮੀਗ੍ਰੇਸ਼ਨ ਮੰਤਰੀ ਈ ਐਲ ਮੈਂਡੀਸਿਨੋ, ਵੱਲੋਂ ਅੱਜ ਇਹ ਐਲਾਨ ਕੀਤਾ ਗਿਆ ਕਿ ਸਾਬਕਾ ਇੰਟਰਨੈਸ਼ਨਲ ਵਿਦਿਆਰਥੀ, ਜਿਨ੍ਹਾਂ ਕੋਲ ਪੀਜੀਡਬਲਿਊਪੀ ਸੀ, ਹੁਣ ਓਪਨ ਵਰਕ ਪਰਮਿਟ ਲਈ ਅਪਲਾਈ ਕਰ ਸਕਣਗੇ। ਕੈਨੇਡਾ ਵਿੱਚ ਰਹਿ ਰਹੇ ਵਿਦੇਸ਼ੀ ਨਾਗਰਿਕਾਂ, ਜਿਨ੍ਹਾਂ ਦਾ ਪੀਜੀਡਬਲਿਊਪੀ ਮਹਾਂਮਾਰੀ ਕਾਰਨ ਐਕਸਪਾਇਰ ਹੋ ਚੁੱਕਿਆ ਹੈ ਜਾਂ ਹੋਣ ਜਾ ਰਿਹਾ ਹੈ, ਕੋਲ ਹੁਣ ਓਪਨ ਵਰਕ ਪਰਮਿਟ ਲਈ ਅਪਲਾਈ ਕਰਨ ਦਾ ਸੁਨਹਿਰਾ ਮੌਕਾ ਹੈ। ਇਹ 18 ਮਹੀਨਿਆਂ ਲਈ ਵੈਲਿਡ ਹੋਵੇਗਾ ਤੇ ਇਸ ਨਾਲ ਸਾਬਕਾ ਇੰਟਰਨੈਸ਼ਨਲ ਵਿਦਿਆਰਥੀਆਂ ਨੂੰ ਕੈਨੇਡਾ ਵਿੱਚ ਰਹਿਣ ਦੀ ਇਜਾਜ਼ਤ ਮਿਲ ਜਾਵੇਗੀ, ਉਹ ਇੰਪਲੌਇਮੈਂਟ ਹਾਸਲ ਕਰ ਸਕਣਗੇ ਤੇ ਇਸ ਦੇਸ਼ ਵਿੱਚ ਆਪਣਾ ਭਵਿੱਖ ਬਣਾ ਸਕਣਗੇ।

ਸਰਕਾਰ ਵੱਲੋਂ ਇਹ ਕਦਮ ਕੌਮਾਂਤਰੀ ਵਿਦਿਆਰਥੀਆਂ ਨੂੰ ਕੈਨੇਡਾ ਵਿੱਚ ਪਰਮਾਨੈਂਟਲੀ ਸੈਟਲ ਹੋਣ ਵਾਸਤੇ ਹੱਲਾਸ਼ੇਰੀ ਦੇਣ ਲਈ ਚੁੱਕਿਆ ਗਿਆ ਹੈ ਤਾਂ ਕਿ ਉਹ ਰੋਜ਼ਗਾਰ ਦੇ ਮੌਕੇ ਪੈਦਾ ਕਰਨ ਵਿੱਚ ਮਦਦ ਕਰ ਸਕਣ ਤੇ ਲੇਬਰ ਦੀ ਘਾਟ ਨੂੰ ਪੂਰਾ ਕਰ ਸਕਣ ਤੇ ਸਾਡੇ ਕਾਰੋਬਾਰ ਚਮਕ ਸਕਣ।ਉਨ੍ਹਾਂ ਆਖਿਆ ਕਿ ਇਨ੍ਹਾਂ ਵਿਦਿਆਰਥੀਆਂ ਕੋਲ ਰੋਜ਼ਗਾਰ ਲਈ ਹੁਨਰ ਵੀ ਹੈ ਤੇ ਭਾਸ਼ਾ ਦਾ ਗੁਰ ਵੀ ਹੈ, ਇਸ ਦੇ ਨਾਲ ਉਨ੍ਹਾਂ ਕੋਲ ਕੈਨੇਡੀਅਨ ਸਿੱਖਿਆ ਤੇ ਕੰਮ ਦਾ ਤਜਰਬਾ ਵੀ ਹੈ, ਇਸ ਲਈ ਉਹ ਪੂਰੀ ਤਰ੍ਹਾਂ ਪਰਮਾਨੈਂਟ ਰੈਜ਼ੀਡੈਂਟ ਸਟੇਟਸ ਲਈ ਅਪਲਾਈ ਕਰਨ ਦੇ ਕਾਬਲ ਹਨ। 2019 ਵਿੱਚ 58000 ਗ੍ਰੈਜੂਏਟਸ ਤੋਂ ਵੀ ਵੱਧ ਨੇ ਪਰਮਾਨੈਂਟਲੀ ਇਮੀਗ੍ਰੇਟ ਕਰਨ ਲਈ ਸਫਲਤਾਪੂਰਬਕ ਅਪਲਾਈ ਕੀਤਾ ਸੀ ਤੇ ਕੈਨੇਡਾ ਵਿੱਚ ਰਹਿਣ ਦੇ ਉਨ੍ਹਾਂ ਦੇ ਫੈਸਲੇ ਨਾਲ ਸਾਡੀਆਂ ਡੈਮੋਗ੍ਰੈਫਿਕ ਚੁਣੌਤੀਆਂ ਵੀ ਘਟਣਗੀਆਂ।

# ਜਵਾਬਦੇਹੀ ਤੋਂ ਬਚਣ ਲਈ ਸਰਕਾਰ ਕਾਮਨਜ਼ ਦੀ ਕਾਰਵਾਈ ਮੁੜ ਚਲਾਉਣਾ ਚਾਹੁੰਦੀ ਹੈ ਹਾਈਬ੍ਰਿਡ ਫਾਰਮੈਟ 'ਚ : ਟੋਰੀਜ਼

...ਪੰਨਾ 1 ਦਾ ਬਾਕੀ

ਐਮਪੀਜ਼ ਅੱਜ ਇਸ ਗੱਲ ਉੱਤੇ ਬਹਿਸ ਕਰਨਗੇ ਕਿ ਹਾਈਬ੍ਰਿਡ ਫਾਰਮੈਟ ਨੂੰ ਜਾਰੀ ਰੱਖਿਆ ਜਾਵੇ ਜਾਂ ਨਹੀਂ। ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਲਿਬਰਲ ਤੇ ਐਨਡੀਪੀ ਦੋਵੇਂ ਹੀ ਇਸ ਫਾਰਮੈਟ ਦੇ ਸਮਰਥਨ ਵਿੱਚ ਹਨ। ਦੋਵਾਂ ਪਾਰਟੀਆਂ ਦਾ ਕਹਿਣਾ ਹੈ ਕਿ ਇਸ ਨਾਲ ਕੋਵਿਡ-19 ਦੇ ਪਸਾਰ ਉੱਤੇ ਰੋਕ ਲੱਗੇਗੀ ਤੇ ਅਜਿਹੇ ਐਮਪੀਜ਼ ਨੂੰ ਘਰ ਤੋਂ ਜਾਂ ਆਪਣੇ ਆਫਿਸ ਤੋਂ ਕੰਮ ਕਰਨ ਦਾ ਮੌਕਾ ਮਿਲੇਗਾ ਜਿਹੜੇ ਬਿਮਾਰ ਹਨ ਜਾਂ ਜਿਨ੍ਹਾਂ ਦੇ ਪਰਿਵਾਰਕ ਮੈਂਬਰ ਬਿਮਾਰ ਹਨ।

ਦੂਜੇ ਪਾਸੇ ਕੰਜ਼ਰਵੇਟਿਵ ਤੇ ਬਲਾਕ ਕਿਊਬਿਕੁਆ ਦੋਵੇਂ ਹੀ ਇਨ ਪਰਸਨ ਸਿਟਿੰਗਜ਼ ਲਈ ਪਰਤਣਾ ਚਾਹੁੰਦੇ ਹਨ। ਬਰਜਨ ਨੇ ਇਹ ਵੀ ਆਖਿਆ ਕਿ ਹਾਈਬ੍ਰਿਡ ਫਾਰਮੈਟ ਸਰਕਾਰ ਨੂੰ ਮੁਲਾਂਕਣ ਤੇ ਜਵਾਬਦੇਹੀ ਤੋਂ ਬਚਣ ਲਈ ਤਿਆਰ ਕੀਤਾ ਗਿਆ ਹੈ ਨਾ ਕਿ ਕੈਨੇਡੀਅਨਜ਼ ਨੂੰ ਇਸ ਘਾਤਕ ਵਾਇਰਸ ਤੋਂ ਬਚਾਉਣ ਲਈ।

# ਛੁਰੇਬਾਜ਼ੀ ਕਾਰਨ ਗੰਭੀਰ ਜ਼ਖ਼ਮੀ ਵਿਅਕਤੀ ਨੂੰ ਪਹੁੰਚਾਇਆ ਗਿਆ ਹਸਪਤਾਲ

ਮਿਸੀਸਾਗਾ, 24 ਨਵੰਬਰ (ਪੋਸਟ ਬਿਊਰੋ) : ਮਿਸੀਸਾਗਾ ਵਿੱਚ ਵਾਪਰੀ ਛੁਰੇਬਾਜ਼ੀ ਦੀ ਘਟਨਾ ਵਿੱਚ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਪੀਲ ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।



ਬੁੱਧਵਾਰ ਨੂੰ ਇਹ ਘਟਨਾ ਡਿਕਸੀ ਰੋਡ ਤੇ ਬ੍ਰਿਟੇਨੀਆ ਰੋਡ ਈਸਟ ਉੱਤੇ ਕਮਰਸ਼ੀਅਲ ਪ੍ਰਾਪਰਟੀ ਉੱਤੇ ਸ਼ਾਮੀਂ 6:00 ਵਜੇ ਤੋਂ ਪਹਿਲਾਂ ਵਾਪਰੀ। ਗੰਭੀਰ ਜ਼ਖ਼ਮੀ ਹਾਲਤ ਵਿੱਚ ਇੱਕ ਵਿਅਕਤੀ ਨੂੰ ਪੀਲ ਪੈਰਾਮੈਡਿਕਸ ਵੱਲੋਂ ਲੋਕਲ ਹਸਪਤਾਲ ਪਹੁੰਚਾਇਆ ਗਿਆ।

ਅਜੇ ਤੱਕ ਇਹ ਪਤਾ ਨਹੀਂ ਲੱਗ ਸਕਿਆ ਹੈ ਕਿ ਛੁਰੇਬਾਜ਼ੀ ਕਿਉਂ ਹੋਈ ਪਰ ਪੁਲਿਸ ਨੇ ਦੱਸਿਆ ਕਿ ਇਸ ਸਬੰਧ ਵਿੱਚ ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ।

# ਓਸਲਰ ਫਾਊਂਡੇਸ਼ਨ ਦੀ ਕਮਾਲ ਦੀ ਨੀਲਾਮੀ ਹੋ ਗਈ ਹੈ ਸ਼ੁਰੂ

ਬਰੈਂਪਟਨ, 24 ਨਵੰਬਰ (ਪੋਸਟ ਬਿਊਰੋ) : ਵਿਲੀਅਮ ਓਸਲਰ ਹੈਲਥ ਸਿਸਟਮ ਫਾਊਂਡੇਸ਼ਨ (ਓਸਲਰ ਫਾਊਂਡੇਸ਼ਨ) ਵੱਲੋਂ ਓਸਲਰ ਫਾਊਂਡੇਸ਼ਨ ਦੀ ਕਮਾਲ ਦੀ ਨੀਲਾਮੀ ਸ਼ੁਰੂ ਕੀਤੀ ਜਾ ਰਹੀ ਹੈ। ਆਨਲਾਈਨ ਕੀਤੀ ਜਾਣ ਵਾਲੀ ਇਸ ਨੀਲਾਮੀ ਵਿੱਚ ਸਾਰਿਆਂ ਲਈ ਹਾਸਲ ਕਰਨ ਵਾਸਤੇ ਕੁੱਝ ਨਾ ਕੁੱਝ ਹੋਵੇਗਾ।ਇਸ ਨੀਲਾਮੀ ਰਾਹੀਂ ਆਪਣੀ ਹਾਲੀਡੇਅ ਸ਼ਾਪਿੰਗ ਲਿਸਟ ਮੁਤਾਬਕ ਤੁਸੀਂ ਆਪਣੇ ਜਾਂ ਆਪਣਿਆਂ ਲਈ ਕੋਈ ਨਾ ਕੋਈ ਆਈਟਮ ਹਾਸਲ ਕਰ ਸਕੋਗੇ ਤੇ ਇਸ ਦੇ ਨਾਲ ਹੀ ਤੁਸੀਂ ਆਪਣੇ ਘਰ ਦੇ ਨੇੜੇ ਸਥਿਤ ਹੈਲਥ ਕੇਅਰ ਦੀ ਵੀ ਮਦਦ ਕਰ ਸਕੋਗੇ।



ਓਸਲਰ ਫਾਊਂਡੇਸ਼ਨ ਦੀ ਆਪਣੀ ਹੀ ਕਿਸਮ ਦੀ ਇਹ ਆਨਲਾਈਨ ਨੀਲਾਮੀ 24 ਨਵੰਬਰ ਨੂੰ ਸ਼ੁਰੂ ਹੋਵੇਗੀ ਤੇ 3 ਦਸੰਬਰ ਤੱਕ ਚੱਲੇਗੀ। ਇਸ ਨੀਲਾਮੀ ਰਾਹੀਂ ਹਾਸਲ ਹੋਣ ਵਾਲੇ ਫੰਡਜ਼ ਨਾਲ ਬਿਲਡ ਬੈਕ, ਟੁਗੈਦਰ ਕੈਂਪੇਨ ਦੀ ਮਦਦ ਕੀਤੀ ਜਾਵੇਗੀ, ਜਿਨ੍ਹਾਂ ਵੱਲੋਂ ਓਸਲਰ ਲਈ 10 ਮਿਲੀਅਨ ਡਾਲਰ ਇੱਕਠੇ ਕਰਨ ਦਾ ਟੀਚਾ ਮਿਥਿਆ ਗਿਆ ਹੈ। ਇਸ ਨਾਲ ਸਮੁੱਚੀ ਕਮਿਊਨਿਟੀ ਦੀ ਕੋਵਿਡ-19 ਮਹਾਂਮਾਰੀ ਤੋਂ ਉਭਰਨ ਵਿੱਚ ਵੀ ਮਦਦ ਹੋਵੇਗੀ। ਇਸ ਨਾਲ ਅਸੀਂ ਸਾਰੇ ਬਿਹਤਰ ਢੰਗ ਨਾਲ, ਮਜ਼ਬੂਤੀ ਨਾਲ ਤੇ ਇੱਕਜੁੱਟ ਹੋ ਕੇ ਮਹਾਂਮਾਰੀ ਵਿੱਚੋਂ ਬਾਹਰ ਆ ਸਕਾਂਗੇ।

ਇਸ ਦੌਰਾਨ ਇੱਕਠੇ ਹੋਏ ਫੰਡਾਂ ਰਾਹੀਂ ਜ਼ਰੂਰੀ ਵਸਤਾਂ, ਜਿਵੇਂ ਕਿ ਸਰਜੀਕਲ ਟੇਬਲ, ਅਨੈਸਥੀਸੀਆ ਗੈਸ ਮਸ਼ੀਨਜ਼, ਲੈਪਰੋਸਕੋਪਸ ਤੇ ਕੈਮਰਾ ਹੈੱਡਜ਼, ਏਵੀ ਸਰਜੀਕਲ ਇੰਟੇਗ੍ਰੇਸ਼ਨ ਸਿਸਟਮਜ਼ ਤੇ ਪੁਰਾਣੇ ਪੈ ਚੁੱਕੇ ਸਾਜ਼ੋ ਸਮਾਨ ਨੂੰ ਬਦਲਣ ਤੇ ਵਧੀ ਹੋਈ ਮੰਗ ਦੀ ਪੂਰਤੀ ਲਈ, ਖਰੀਦੀਆਂ ਜਾਣਗੀਆਂ। ਵਿਲੀਅਮ ਓਸਲਰ ਹੈਲਥ ਸਿਸਟਮ ਫਾਊਂਡੇਸ਼ਨ ਕੈਨ ਮੇਅਹਿਊ ਨੇ ਆਖਿਆ ਕਿ ਇਸ ਨੀਲਾਮੀ ਦੌਰਾਨ ਕੀਤੀ ਜਾਣ ਵਾਲੀ ਖਰੀਦਦਾਰੀ ਕਾਫੀ ਅਰਥਭਰਪੂਰ ਹੋਵੇਗੀ। ਇਸ ਦੌਰਾਨ ਇੱਕਠੇ ਹੋਣ ਵਾਲੇ ਫੰਡਾਂ ਦੇ ਬਰਾਬਰ ਬ੍ਰਾਮੇਲੀਆ ਲਾਇਨਜ਼ ਕਲੱਬ (1.5 ਮਿਲੀਅਨ ਡਾਲਰ ਤੱਕ) ਵੱਲੋਂ ਫੰਡ ਦਿੱਤੇ ਜਾਣਗੇ।

ਇਹ ਨੀਲਾਮੀ ਸਾਡੇ ਸਪਾਂਸਰਜ਼- ਲਿਊਨਾ! ਨਕਲ 183, ਗੋਲਡ ਸਪਾਂਸਰਜ਼ ਆਰਮਰ ਇੰਸ਼ੋਰੈਂਸ ਬ੍ਰੋਕਰਜ ਲਿਮਟਿਡ, ਬਰਡਨ, ਲੈਡਨਰ, ਜਰਵੇਅ, ਸੋਡੈਕਸੋ ਕੈਨੇਡਾ, ਐਸ ਰੌਬਿਨਸਨ ਐਂਡ ਐਸੋਸਿਏਟਸ ਆਫ ਆਰਬੀਸੀ ਡੌਮੀਨੀਅਨ ਸਕਿਊਰਿਟੀਜ਼, ਦੀ ਮਦਦ ਸਦਕਾ ਹੀ ਸੰਭਵ ਹੋ ਸਕਿਆ ਹੈ।

# ਕੁਈਨ ਨੇੜੇ ਚੱਲੀ ਗੋਲੀ, 2 ਜ਼ਖ਼ਮੀ

ਓਨਟਾਰੀਓ, 24 ਨਵੰਬਰ (ਪੋਸਟ ਬਿਊਰੋ) : ਬੁੱਧਵਾਰ ਸਵੇਰੇ ਟ੍ਰਿਨਿਟੀ ਬੈੱਲਵੁੱਡਜ਼ ਨੇੜੇ ਚੱਲੀ ਗੋਲੀ ਤੋਂ ਬਾਅਦ ਦੋ ਵਿਅਕਤੀ ਜ਼ਖ਼ਮੀ ਹੋ ਗਏ।




ਹਾਦਸੇ ਤੋਂ ਬਾਅਦ ਐਮਰਜੰਸੀ ਕ੍ਰਿਊ ਨੂੰ ਸਵੇਰੇ 3:30 ਵਜੇ ਕੁਈਨ ਸਟਰੀਟ ਵੈਸਟ ਤੇ ਡੋਵਰਕੋਰਟ ਰੋਡ ਏਰੀਆ ਵਿੱਚ ਸੱਦਿਆ ਗਿਆ। ਪੁਲਿਸ ਨੇ ਦੱਸਿਆ ਕਿ ਇੱਕ ਵਿਅਕਤੀ ਨੂੰ ਲੱਤ ਵਿੱਚ ਗੋਲੀ ਲੱਗੀ ਸੀ ਜਦਕਿ ਦੂਜੇ ਨੂੰ ਢਿੱਡ ਵਿੱਚ ਗੋਲੀ ਲੱਗੀ ਸੀ। ਪੁਲਿਸ ਵੱਲੋਂ ਹਾਲ ਦੀ ਘੜੀ ਕਿਸੇ ਮਸ਼ਕੂਕ ਦਾ ਵੇਰਵਾ ਜਾਰੀ ਨਹੀਂ ਕੀਤਾ ਗਿਆ ਹੈ ਪਰ ਪੁਲਿਸ ਨੇ ਆਖਿਆ ਕਿ ਹਾਦਸੇ ਵਾਲੀ ਥਾਂ ਤੋਂ ਇੱਕ ਚਿੱਟੇ ਰੰਗ ਦੀ ਸੇਡਾਨ ਜਾਂਦੀ ਵੇਖੀ ਗਈ।

ਇਸ ਇਲਾਕੇ ਵਿੱਚੋਂ ਇੱਕ ਹਥਿਆਰ ਵੀ ਬਰਾਮਦ ਹੋਇਆ ਹੈ। ਡੋਵਰਕੋਰਟ ਤੋਂ ਕੁਈਨ ਰੋਡ ਨੂੰ ਬੰਦ ਕਰ ਦਿੱਤਾ ਗਿਆ ਹੈ ਤੇ ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ।

# ਅਮਰੀਕੀ ਯੂਨੀਵਰਸਿਟੀਆਂ ਅੱਜ ਵੀ ਭਾਰਤੀਆਂ ਦੀ ਪਹਿਲੀ ਪਸੰਦ

ਸੈਕਰਾਮੈਂਟੋ, 24 ਨਵੰਬਰ (ਪੋਸਟ ਬਿਊਰੋ)- ਇਹ ਪਹਿਲੀ ਵਾਰ ਹੈ ਕਿ ਕੋਵਿਡ ਮਹਾਂਮਾਰੀ ਦੌਰਾਨ ਅਮਰੀਕਾ ਦੀਆਂ ਯੂਨੀਵਰਸਿਟੀਆਂ ਵਿੱਚ ਕੌਮਾਂਤਰੀ ਵਿਦਿਆਰਥੀਆਂ ਦਾ ਦਾਖਲਾ 46 ਫੀਸਦੀ ਕਰੀਬ ਘਟਿਆ ਹੈ।

ਇਹ ਖੁਲਾਸਾ ਇੰਸਟੀਚਿਊਟ ਆਫ ਇੰਟਰਨੈਸ਼ਨਲ ਐਜੂਕੇਸ਼ਨ ਵੱਲੋਂ ਜਾਰੀ 'ਓਪਨ ਡੋਰਜ਼ 2021' ਰਿਪੋਰਟ ਵਿੱਚ ਕੀਤਾ ਗਿਆ ਹੈ। ਇਹ ਵੀ ਤੱਥ ਸਾਹਮਣੇ ਆਇਆ ਹੈ ਕਿ ਅੱਜ ਵੀ ਭਾਰਤੀ ਵਿਦਿਆਰਥੀਆਂ ਦੀ ਪਹਿਲੀ ਪਸੰਦ ਅਮਰੀਕੀ ਯੂਨੀਵਰਸਿਟੀਆਂ ਵਿੱਚ ਪੜ੍ਹਾਈ ਕਰਨ ਦੀ ਹੈ। ਰਿਪੋਰਟ ਅਨੁਸਾਰ ਯਾਤਰਾ ਪਾਬੰਦੀਆਂ ਅਤੇ ਹੋਰ ਰੋਕਾਂ ਦੇ ਬਾਵਜੂਦ 1,45,528 ਵਿਦਿਆਰਥੀ ਅਮਰੀਕਾ ਵਿੱਚ ਨਿੱਜੀ ਤੌਰ ਉੱਤੇ ਜਾਂ ਵਿਦੇਸ਼ਾਂ ਵਿੱਚੋਂ ਆਨਲਾਈਨ ਪੜ੍ਹਾਈ ਸ਼ੁਰੂ ਕਰਨ ਵਿੱਚ ਸਮਰਥ ਰਹੇ। ਸਾਲ 2020-21 ਦੇ ਦੌਰਾਨ ਅਮਰੀਕਾ ਦੀਆਂ ਯੂਨੀਵਰਸਿਟੀਆਂ ਵਿੱਚ ਕੁੱਲ 9,14,000 ਵਿਦਿਆਰਥੀਆਂ ਨੇ ਦਾਖਲਾ ਲਿਆ, ਜੋ ਪਿਛਲੇ ਸਾਲ ਦੀ ਤੁਲਨਾ ਵਿੱਚ 15 ਫੀਸਦੀ ਘੱਟ ਹਨ। ਇਸ ਤੋਂ ਬਿਨਾ ਪੜ੍ਹਾਈ ਖਤਮ ਕਰਨ ਉਪਰੰਤ ਦੋ ਲੱਖ ਤੋਂ ਵੱਧ ਕੌਮਾਂਤਰੀ ਵਿਦਿਆਰਥੀਆਂ ਨੇ ਆਪਸ਼ਨਲ ਪ੍ਰੈਕਟੀਕਲ ਟਰੇਨਿੰਗ ਲਈ ਜਾਂ ਕੰਮ ਵਾਸਤੇ ਤਜ਼ਰਬਾ ਹਾਸਲ ਕੀਤਾ। ਹਾਲਾਂ ਕਿ ਇਸ ਰਿਪੋਰਟ ਵਿੱਚ ਇਹ ਨਹੀਂ ਦੱਸਿਆ ਗਿਆ ਕਿ ਇਹ ਵਿਦਿਆਰਥੀ ਮੂਲ ਰੂਪ ਵਿੱਚ ਕਿਸ ਦੇਸ਼ ਦੇ ਹਨ ਪਰੰਤੂ ਸਟੈਟਿਸਟਾ ਵੱਲੋਂ ਜਾਰੀ ਇੱਕ ਵੱਖਰੀ ਰਿਪੋਰਟ ਅਨੁਸਾਰ 2020-21 ਦੌਰਾਨ 1,67,000 ਤੋਂ ਵਧ ਭਾਰਤੀ ਵਿਦਿਆਰਥੀਆਂ ਨੇ ਅਮਰੀਕਾ ਵਿੱਚ ਪੜ੍ਹਾਈ ਕੀਤੀ। ਇਸ ਰਿਪੋਰਟ ਅਨੁਸਾਰ ਭਾਰਤ ਤੇ ਚੀਨ ਤੋਂ ਸਭ ਤੋਂ ਵਧ ਵਿਦਿਆਰਥੀ ਅਮਰੀਕਾ ਪੜ੍ਹਨ ਲਈ ਆਉਂਦੇ ਹਨ ਤੇ ਅਮਰੀਕਾ ਅੱਜ ਵੀ ਇਨ੍ਹਾਂ ਵਿਦਿਆਰਥੀਆਂ ਲਈ ਪੜ੍ਹਾਈ ਵਾਸਤੇ ਪਹਿਲੀ ਪਸੰਦ ਹੈ।

# ਵਿਛੜੇ ਦੋਸਤ 73 ਸਾਲਾਂ ਬਾਅਦ ਕਰਤਾਰਪੁਰ ਲਾਂਘੇ ਨੇ ਮਿਲਾਏ

ਅੰਮ੍ਰਿਤਸਰ, 23 ਨਵੰਬਰ (ਪੋਸਟ ਬਿਊਰੋ)- ਕਰਤਾਰਪੁਰ ਲਾਂਘਾ ਇੱਕ ਵਾਰ ਮੁੜ ਕੇ ਖੁੱਲ੍ਹਣ ਉੱਤੇ ਦੇਸ਼ ਦੀ ਵੰਡ ਵੇਲੇ ਵੱਖ ਹੋਏ ਦੋ ਦੋਸਤਾਂ ਦੀ ਮੁਲਾਕਾਤ ਸੰਭਵ ਹੋ ਸਕੀ ਹੈ।



ਭਾਰਤ ਦੇ ਗੋਪਾਲ ਸਿੰਘ ਸੰਨ 1947 ਵਿੱਚ ਆਪਣੇ ਬਚਪਨ ਦੇ ਦੋਸਤ ਮੁਹੰਮਦ ਬਸ਼ੀਰ ਤੋਂ ਵਿੱਛੜ ਗਏ ਤੇ ਏਨੇ ਸਮੇਂ ਬਾਅਦ ਜਦੋਂ ਉਨ੍ਹਾਂ ਇੱਕ ਦੂਜੇ ਨੂੰ ਗਲਵੱਕੜੀ ਵਿੱਚ ਲਿਆ ਤਾਂ ਦੋਵਾਂ ਦੀਆਂ ਅੱਖਾਂ ਹੰਝੂਆਂ ਨਾਲ ਭਰ ਆਈਆਂ ਅਤੇ ਇਹ ਨਜ਼ਾਰਾ ਵੇਖਣ ਵਾਲੇ ਹੋਰ ਸ਼ਰਧਾਲੂ ਤੇ ਯਾਤਰੀ ਵੀ ਭਾਵੁਕ ਹੋ ਗਏ। ਇਸ ਸਮੇਂ ਗੋਪਾਲ ਸਿੰਘ ਦੀ ਉਮਰ 94 ਸਾਲ ਅਤੇ ਮੁਹੰਮਦ ਬਸ਼ੀਰ ਦੀ ਉਮਰ 91 ਸਾਲ ਹੈ। ਪਤਾ ਲੱਗਾ ਹੈ ਕਿ ਕਰਤਾਰਪੁਰ ਲਾਂਘੇ ਰਾਹੀਂ ਪਾਕਿਸਤਾਨ ਪਹੁੰਚੇ ਗੋਪਾਲ ਸਿੰਘ ਜਦੋਂ ਗੁਰਦੁਆਰਾ ਕਰਤਾਰਪੁਰ ਸਾਹਿਬ ਵਿਖੇ ਪਾਕਿ-ਸਤਾਨ ਦੇ ਨਾਰੋਵਾਲ ਵਿੱਚ ਰਹਿੰਦੇ ਮੁਹੰਮਦ ਬਸ਼ੀਰ ਨੂੰ ਮਿਲੇ ਤਾਂ ਕੁਝ ਪੁੱਛ-ਪੜਤਾਲ ਪਿੱਛੋਂ ਦੋਵਾਂ ਨੇ ਇੱਕ-ਦੂਜੇ ਨੂੰ ਪਛਾਣ ਲਿਆ ਤੇ ਜੱਫੀ ਵਿੱਚ ਲੈ ਕੇ ਪੁਰਾਣੀਆਂ ਯਾਦਾਂ ਸਾਂਝੀਆਂ ਕਰਦੇ ਰਹੇ। ਉਨ੍ਹਾਂ ਨੇ ਆਪਣੇ ਬਚਪਨ ਤੇ ਜਵਾਨੀ ਦੇ ਕਿੱਸੇ ਉਥੇ ਮੌਜੂਦ ਲੋਕਾਂ ਨੂੰ ਸੁਣਾਏ ਅਤੇ ਸਭ ਨੇ ਉਨ੍ਹਾਂ ਨੂੰ ਲੱਗਭਗ ਸੱਤ ਦਹਾਕਿਆਂ ਬਾਅਦ ਅਚਾਨਕ ਮੁਲਾਕਾਤਦੀ ਵਧਾਈ ਦਿੱਤੀ। ਗੋਪਾਲ ਸਿੰਘ ਨੇ ਦੱਸਿਆ ਕਿ ਜਦੋਂ ਦੇਸ਼ ਦੀ ਵੰਡ ਹੋਈ ਤਾਂ ਦੋਵੇਂ ਨੌਜਵਾਨ ਸਨ। ਮੁਹੰਮਦ ਬਸ਼ੀਰ ਨੇ ਦੱਸਿਆ ਕਿ ਵੰਡ ਤੋਂ ਪਹਿਲਾਂ ਦੋਵੇਂ ਦੋਸਤ ਬਾਬਾ ਗੁਰੂ ਨਾਨਕ ਦੇਵ ਜੀ ਦੇ ਗੁਰਦੁਆਰੇ ਜਾਂਦੇ ਸਨ। ਉਕਤ ਦੋਵਾਂ ਦੋਸਤਾਂ ਨੇ ਗੁਰਦ-ਆਰਾ ਸ੍ਰੀ ਕਰਤਾਰਪੁਰ ਸਾਹਿਬ ਵਿਖੇ ਇਕੱਠਿਆਂ ਲੰਗਰ ਛਕਿਆ ਅਤੇ ਚਾਹ ਪੀਤੀ। ਉਨ੍ਹਾਂ ਇਸ ਮੌਕੇ ਲਾਂਘਾ ਖੋਲ੍ਹਣ ਲਈ ਦੋਵਾਂ ਦੇਸ਼ਾਂ ਦੀਆਂ ਸਰਕਾਰਾਂ ਦਾ ਧੰਨਵਾਦ ਵੀ ਕੀਤਾ।

# ਬਾਈਡੇਨ ਵੱਲੋਂ 2024 ਦੀ ਰਾਸ਼ਟਰਪਤੀ ਚੋਣ ਵੀ ਲੜਨ ਦਾ ਐਲਾਨ



ਵਾਸ਼ਿੰਗਟਨ, 24 ਨਵੰਬਰ (ਪੋਸਟ ਬਿਊਰੋ)- ਅਮਰੀਕਾ ਦੇ ਸਭ ਤੋਂ ਵੱਡੀ ਉਮਰ ਦੇ ਰਾਸ਼ਟਰਪਤੀ ਜੋਅ ਬਾਈਡੇਨ ਬਾਰੇ ਤਾਜ਼ਾ ਲੋਕਪ੍ਰਿਯਤਾ ਦੀ ਅਪਰੂਵਲ ਰੇਟਿੰਗ ਵਿੱਚ ਗਿਰਾਵਟ ਆਈ ਹੈ, ਪਰ ਉਨ੍ਹਾਂ ਨੇ ਫਿਰ 2024 ਲਈ ਚੋਣਾਂ ਲੜਨ ਦਾ ਐਲਾਨ ਕੀਤਾ ਹੈ।ਬਾਈਡੇਨ ਦੀ ਉਮਰ ਅਜੇ 79 ਸਾਲ ਹੈ।

ਵ੍ਹਾਈਟ ਹਾਊਸ ਨੇ ਬਾਈਡੇਨ ਦੀਨਵੀਂ ਦਾਅਵੇਦਾਰੀ ਕਰਨ ਦੀ ਪੁਸ਼ਟੀ ਕੀਤੀ ਹੈ। ਵਰਨਣ ਯੋਗ ਹੈ ਕਿ ਬਾਈਡੇਨ ਨੇ ਇਹ ਦਾਅਵੇਦਾਰੀ ਓਦੋਂ ਕੀਤੀ ਹੈ, ਜਦੋਂ ਕਮਲਾ ਹੈਰਿਸ ਦੀ ਦਾਅਵੇਦਾਰੀ ਦੀ ਡੈਮੋਕ੍ਰੈਟਿਕ ਪਾਰਟੀ ਵਿੱਚ ਚਰਚਾ ਤੇਜ਼ ਹੈ।ਵ੍ਹਾਈਟ ਹਾਊਸ ਦੀ ਪ੍ਰੈਸ ਸਕੱਤਰ ਜੇਨ ਸਾਕੀ ਨੇ ਕਿਹਾ ਕਿ ਉਹ 2024 ਦੀਆਂ ਚੋਣਾਂ ਵਿੱਚ ਦਾਅਵਾ ਪੇਸ਼ ਕਰਨਗੇ। ਉਨ੍ਹਾਂ ਨੇ ਉਨ੍ਹਾਂ ਅਫ਼ਵਾਹਾਂ ਉੱਤੇ ਰੋਕ ਲਾਉਣ ਦੀ ਕੋਸ਼ਿਸ਼ ਕੀਤੀ ਹੈ, ਜਿਸ ਵਿੱਚ ਕਿਹਾ ਗਿਆ ਸੀ ਕਿ ਬਾਈਡੇਨ 2024 ਵਿੱਚ ਚੋਣਾਂ ਨਹੀਂ ਲੜਨਗੇ ਤੇ ਉਨ੍ਹਾਂ ਦੀ ਥਾਂ ਉੱਤੇ ਕਮਲਾ ਹੈਰਿਸ ਨੂੰ ਮੈਦਾਨ ਵਿੱਚ ਉਤਾਰਿਆ ਜਾਏਗਾ।

REXDALE BODY SHOP
USED CAR SALE
Specialization In:
* All Kinds of Body Work
* Auto Glass Windshield
* Denting, Painting & Welding
SPECIAL PAINT JOB $779
RENTAL CAR PROVIDED
25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
CHEEMA
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
Increase Your Cash Flow by up to 50%
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

## ਅੱਜ ਨਾਮਾ

ਕਾਗਜ਼ਾਂ ਅੰਦਰ ਸਰਕਾਰ ਤਾਂ ਜਾਏ ਚੱਲੀ,
ਹੁੰਦੇ ਉਂਜ ਕੋਈ ਨਹੀਂ ਕੰਮ-ਕਾਰ ਬੇਲੀ।
ਕੁੜੀਆਂ-ਮੁੰਡੇ ਨੇ ਚੜ੍ਹੇ ਪਏ ਟੈਂਕੀਆਂ'ਤੇ,
ਆਉਂਦਾ ਲੈਣ ਕੋਈ ਨਾ ਓਥੇ ਸਾਰ ਬੇਲੀ।
ਮਿਲੇ ਪੜ੍ਹਨ ਦੇ ਪਿੱਛੋਂ ਰੋਜ਼ਗਾਰ ਕੋਈ ਨਾ,
ਉੱਪਰੋਂ ਡਾਢੀ ਮਹਿੰਗਾਈ ਦੀ ਮਾਰ ਬੇਲੀ।
ਚੋਣਾਂ ਹੋਣ ਤਾਂ ਹੁੰਦੀਆਂ ਰਹਿਣ ਦਿਓ ਜੀ,
ਜਿੱਤਦਾ ਹੋਏ ਕੋਈ ਜਾਂ ਫਿਰ ਹਾਰ ਬੇਲੀ।
ਮੁਸ਼ਕਲਾਂ ਹੁੰਦੀਆਂ ਹੱਲ ਨਹੀਂ ਕਦੀ ਬੇਲੀ,
ਵਧਦੀਆਂ ਜਾਣ ਇਹ ਹੋਰ ਤੋਂ ਹੋਰ ਬੇਲੀ।
ਆਦਮੀ ਆਮ ਨੂੰ ਚੋਣਾਂ ਦਾ ਚਾਅ ਕਾਹਦਾ,
ਪੁੱਟਿਆਂ ਇੱਟ ਜਦ ਨਿਕਲਣਾ ਚੋਰ ਬੇਲੀ।

**ਤੀਸ ਮਾਰ ਖਾਂ**

# ਭਾਰਤ ਦੇ ਕੇਂਦਰੀ ਮੰਤਰੀ ਮੰਡਲ ਵੱਲੋਂ ਤਿੰਨੇ ਖੇਤੀ ਕਾਨੂੰਨ ਰੱਦ ਕਰਨ ਦਾ ਬਿੱਲ ਮਨਜ਼ੂਰ

### * ਪਾਰਲੀਮੈਂਟ ਦੇ ਦੋਵਾਂ ਸਦਨਾਂ ਵਿੱਚੋਂ ਪਾਸ ਕਰਾਇਆ ਜਾਵੇਗਾ

ਨਵੀਂ ਦਿੱਲੀ, 24 ਨਵੰਬਰ, (ਪੋਸਟ ਬਿਊਰੋ)- ਭਾਰਤ ਦੀ ਨਰਿੰਦਰ ਮੋਦੀ ਸਰਕਾਰ ਦੇ ਤਿੰਨ ਖੇਤੀਬਾੜੀ ਕਾਨੂੰਨ ਵਾਪਸ ਲੈਣ ਦੇ ਬਿੱਲ ਦੇ ਖਰੜੇ ਨੂੰ ਅੱਜ ਕੇਂਦਰੀ ਕੈਬਨਿਟ ਨੇਮਨਜ਼ੂਰ ਕਰ ਲਿਆ ਹੈ।ਇਹ ਤਿੰਨ ਖੇਤੀ ਕਾਨੂੰਨ ਵਾਪਸ ਲੈਣ ਦੇ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਪਿਛਲੇ ਦਿਨੀਂ ਕੀਤੇ ਐਲਾਨ ਉੱਤੇ ਅਮਲ ਨਾਲ ਸਰਕਾਰ ਤੇ ਕਿਸਾਨਾਂ ਵਿਚਾਲੇ ਪਿਛਲੇ 14 ਮਹੀਨਿਆਂ ਤੋਂ ਚੱਲ ਰਿਹਾ ਟਕਰਾਅ ਖ਼ਤਮ ਹੋਣ ਦੀ ਆਸਬੱਝੀ ਹੈ।

ਵਰਨਣ ਯੋਗ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬੀਤੇ ਹਫਤੇ ਕਿਹਾ ਸੀ ਕਿ 29 ਨਵੰਬਰ ਤੋਂ ਸ਼ੁਰੂ ਹੋ ਰਹੇ ਪਾਰਲੀਮੈਂਟ ਦੇ ਸਰਦ ਰੁੱਤ ਸੈਸ਼ਨ ਵਿਚ ਇਹ ਕਾਨੂੰਨ ਵਾਪਸ ਲੈਣ ਦੀ ਪ੍ਰਕਿਰਿਆ ਪੂਰੀਹੋਵੇਗੀ।ਅੱਜ ਕੇਂਦਰੀ ਕੈਬਨਿਟ ਦੀਮੀਟਿੰਗ ਵਿੱਚ ਇਸ ਦਾ ਮਤਾ ਪਾਸ ਕਰ ਦਿੱਤਾ ਗਿਆ ਹੈ। ਇਸ ਦੌਰਾਨ ਭਾਰਤ ਸਰਕਾਰ ਨੇ 29 ਨਵੰਬਰ ਤੋਂ ਸ਼ੁਰੂ ਹੋ ਰਹੇ ਪਾਰਲੀਮੈਂਟ ਦੇ ਸਰਦ ਰੁੱਤ ਸੈਸ਼ਨ ਲਈ ਲੋਕ ਸਭਾ ਬੁਲੇਟਿਨਵਿੱਚ'ਫਾਰਮ ਲਾਅਜ਼ ਰੀਪੀਲ ਬਿੱਲ 2021' ਕੰਮ-ਕਾਰ ਦੀ ਸੂਚੀ ਵਿੱਚ ਸ਼ਾਮਲ ਕਰ ਦਿੱਤਾ ਹੈ।ਇਹ ਤਿੰਨੇ ਕਾਨੂੰਨਵਾਪਸ ਲੈਣ ਦਾ ਬਿੱਲ ਪਾਰਲੀਮੈਂਟ ਦੇ ਦੋਵਾਂ ਹਾਊਸਾਂ ਤੋਂ ਪਾਸ ਹੋਣ ਪਿੱਛੋਂ ਰਾਸ਼ਟਰਪਤੀ ਦੇ ਦਸਖਤਾਂ ਨਾਲ ਗਜ਼ਟ ਵਿਚ ਛਾਪਿਆ ਜਾਵੇਗਾ।ਇਸ ਤੋਂ ਪਹਿਲਾਂ ਬੀਤੇ ਸ਼ੁੱਕਰਵਾਰ ਨੂੰ ਪ੍ਰਧਾਨ ਮੰਤਰੀ



ਨਰਿੰਦਰ ਮੋਦੀ ਨੇ ਇਹ ਐਲਾਨ ਕੀਤਾ ਸੀ ਕਿ ਕੇਂਦਰ ਸਰਕਾਰ ਇਸ ਮਹੀਨੇ ਦੇ ਅੰਤ ਵਿੱਚ ਸ਼ੁਰੂ ਹੋ ਰਹੇ ਪਾਰਲੀਮੈਂਟ ਦੇ ਸਰਦ ਰੁੱਤ ਸੈਸ਼ਨ ਵਿੱਚ ਤਿੰਨ ਖੇਤੀ ਕਾਨੂੰਨ ਰੱਦ ਕਰਨ ਦਾ ਜ਼ਰੂਰ ਬਿੱਲ ਪੇਸ਼ ਕਰੇਗੀ। ਪ੍ਰਧਾਨ ਮੰਤਰੀ ਨੇ ਇਹ ਵੀ ਐਲਾਨ ਕੀਤਾ ਸੀ ਕਿ ਸਰਕਾਰ ਕਿਸਾਨਾਂ ਦੀਆਂ ਫਸਲਾਂ ਦਾ ਘੱਟੋ-ਘੱਟ ਸਮਰਥਨ ਮੁੱਲ (ਐੱਮਐੱਸਪੀ) ਤੈਅ ਕਰਨ ਲਈ ਇੱਕ ਕਮੇਟੀ ਵੀ ਬਣਾਵੇਗੀ, ਜਿਸ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਭਾਰਤ ਸਰਕਾਰ ਵੱਲੋਂਪਿਛਲੇ ਸਾਲ ਸਤੰਬਰ 2020ਵਿੱਚ ਇਹ ਖੇਤੀ ਕਾਨੂੰਨ ਪਾਸ ਕੀਤੇ ਜਾਣ ਵੇਲੇ ਤੋਂ ਕਿਸਾਨ ਜਥੇਬੰਦੀਆਂ ਲਗਾਤਾਰ ਇਨ੍ਹਾਂ ਦਾ ਵਿਰੋਧ ਕਰ ਰਹੀਆਂ ਹਨ। ਸਰਕਾਰ ਦੇ ਤਾਜ਼ਾ ਫੈਸਲੇ ਦੇ ਬਾਵਜੂਦ ਕਿਸਾਨ ਜਥੇਬੰਦੀਆਂ ਨੇ ਇਹ ਕਾਨੂੰਨ ਪਾਰਲੀਮੈਂਟ ਵਿੱਚ ਰੱਦ ਹੋਣ ਤਕ ਅੰਦੋਲਨ ਜਾਰੀ ਰੱਖਣ ਦਾ ਫੈਸਲਾ ਕੀਤਾ ਹੈ। ਪਾਰਲੀਮੈਂਟ ਦੇ ਨਿਯਮਾਂ ਮੁਤਾਬਕ ਕੋਈ ਪੁਰਾਣਾ ਕਾਨੂੰਨ ਵਾਪਸ ਲੈਣ ਦਾ ਕੰਮ ਵੀ ਨਵਾਂ ਕਾਨੂੰਨ ਬਣਾਉਣ ਵਾਂਗ ਹੀ ਹੈਤੇ ਜਿਸ ਤਰ੍ਹਾਂ ਨਵਾਂ ਕਾਨੂੰਨ ਬਣਾਉਣ ਦੇ ਬਿੱਲ ਨੂੰ ਪਾਰਲੀਮੈਂਟ ਦੇ ਦੋਵਾਂ ਸਦਨਾਂ ਤੋਂ ਪਾਸ ਕਰਵਾਉਣਾ ਪੈਂਦਾ ਹੈ, ਉਸੇ ਤਰ੍ਹਾਂ ਪੁਰਾਣੇ ਕਾਨੂੰਨ ਨੂੰ ਵਾਪਸ ਲੈਣ ਜਾਂ ਰੱਦ ਕਰਨ ਲਈ ਵੀ ਪਾਰਲੀਮੈਂਟ ਦੇ ਦੋਵਾਂ ਸਦਨਾਂ ਤੋਂ ਬਿੱਲ ਪਾਸ ਕਰਵਾਉਣਾ ਹੁੰਦਾ ਹੈ।

## ਕਾਂਗਰਸ ਨੂੰ ਝਟਕੇ ਉੱਤੇ ਝਟਕਾ: ਨਵਾਂਸ਼ਹਿਰ ਦੇ ਕਾਂਗਰਸੀ ਵਿਧਾਇਕ ਦੀ ਯੂ ਪੀ ਵਿੱਚ ਵਿਧਾਇਕ ਪਤਨੀ ਭਾਜਪਾ ਵਿੱਚ ਸ਼ਾਮਲ

### * ਮੇਘਾਲਿਆ ਦਾ ਸਾਬਕਾ ਮੁੱਖ ਮੰਤਰੀ 12 ਵਿਧਾਇਕਾਂ ਸਣੇ ਤ੍ਰਿਣਮੂਲ ਵਿੱਚ ਗਿਆ



ਨਵਾਂ ਸ਼ਹਿਰ/ ਰਾਏਬਰੇਲੀ, 24 ਨਵੰਬਰ, (ਪੋਸਟ ਬਿਊਰੋ)-ਅਗਲੇ ਸਾਲ ਦੀਆਂ ਵਿਧਾਨ ਸਭਾ ਚੋਣਾਂ ਦੇ ਦਿਨ ਆਉਣ ਤੋਂ ਪਹਿਲਾਂ ਕਾਂਗਰਸ ਪਾਰਟੀ ਨੂੰ ਇੱਕ ਪਿੱਛੋਂ ਦੂਸਰਾ ਝਟਕਾ ਲੱਗਦਾ ਦਿਖਾਈ ਦੇ ਰਿਹਾ ਹੈ।

ਅੱਜ ਉੱਤਰ ਪ੍ਰਦੇਸ਼ ਦੇ ਰਾਏਬਰੇਲੀ ਤੋਂ ਕਾਂਗਰਸੀ ਵਿਧਾਇਕ ਤੇ ਪੰਜਾਬ ਦੇ ਨਵਾਂਸ਼ਹਿਰ ਤੋਂ ਕਾਂਗਰਸੀ ਵਿਧਾਇਕ ਅੰਗਦ ਸਿੰਘ ਦੀ ਪਤਨੀ ਅਦਿਤੀ ਸਿੰਘ ਨੇ ਪਾਰਟੀ ਛੱਡ ਦਿੱਤੀ ਅਤੇ ਭਾਜਪਾ ਵਿੱਚ ਸ਼ਾਮਲ ਹੋ ਗਈ ਹੈ। ਇਹ ਜਾਣਕਾਰੀ ਅਦਿਤੀ ਸਿੰਘ ਨੇ ਆਪਣੇ ਫੇਸਬੁੱਕ ਪੇਜ਼ ਉੱਤੇ ਵੀ ਪੇਸ਼ ਕਰਦਿੱਤੀ ਹੈ। ਅਦਿਤੀ ਨੇ ਸਿੰਘ ਫੇਸਬੁੱਕ ਪੇਜ ਉੱਤੇ ਕੁਝ ਫੋਟੋ ਸ਼ੇਅਰ ਕਰ ਕੇ ਭਾਜਪਾ ਦੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਲਿਖਿਆ ਕਿ ਲੋਕ ਭਲਾਈ ਦੀਆਂ ਨੀਤੀਆਂ ਦੇ ਲਈ ਵਚਨਬੱਧ, ਦੇਸ਼ ਦੀ ਪ੍ਰਭੂਸੱਤਾ ਤੇ ਅਖੰਡਤਾ ਨੂੰ ਸਭ ਤੋਂ ਉੱਚਾ ਸਥਾਨ ਦੇਣ ਵਾਲੀ ਲੋਕਤੰਤਰੀ ਧਿਰ ਭਾਰਤੀ ਜਨਤਾ ਪਾਰਟੀ ਦੀ ਮੈਂਬਰਸ਼ਿਪਮੈਂ ਲੈ ਲਈ ਹੈ। ਮੈਨੂੰ ਵਿਸ਼ਵਾਸ ਅਤੇ ਆਸ ਹੈ ਕਿ ਦੇਸ਼ ਦੇ ਸਫਲ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਰਾਜ ਦੇ ਸਫਲ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਦੇ ਮਾਰਗਦਰਸ਼ਨ ਅਤੇ ਯੋਗ ਅਗਵਾਈਵਿੱਚ ਮੈਂ ਸਰਬਪੱਖੀ ਵਿਕਾਸ ਦੇ ਟੀਚੇ ਨੂੰ ਪ੍ਰਾਪਤ ਕਰਨਵਿੱਚਸਫਲ ਹੋਵਾਂਗੀ।ਵਰਨਣ ਯੋਗ ਹੈ ਕਿ ਰਾਏਬਰੇਲੀ ਨੂੰ ਕਾਂਗਰਸ ਦਾ ਗੜ੍ਹ ਕਿਹਾ ਜਾਂਦਾ ਹੈ। ਕਾਂਗਰਸ ਪ੍ਰਧਾਨ ਸੋਨੀਆ ਗਾਂਧੀ ਇੱਥੋਂ ਲੋਕ ਸਭਾ ਮੈਂਬਰ ਹਨ ਤੇ ਰਾਏਬਰੇਲੀ ਭਾਜਪਾ ਲਈ ਸਭ ਤੋਂ ਕਮਜ਼ੋਰ ਖੇਤਰਾਂਵਿੱਚੋਂ ਹੈ, ਜਿੱਥੋਂ ਭਾਜਪਾ ਕਦੇ ਵੀ ਇਹ ਸੀਟ ਜਿੱਤ ਨਹੀਂ ਸਕੀ।

ਓਧਰ ਉੱਤਰ ਪੂਰਬ ਵਿੱਚ ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਦੀ ਤ੍ਰਿਣਮੂਲ ਕਾਂਗਰਸ (ਟੀ ਐੱਮ ਸੀ) ਨੇ ਮੇਘਾਲਿਆ ਵਿੱਚ ਕਾਂਗਰਸ ਨੂੰ ਵੱਡਾ ਝਟਕਾ ਦਿੱਤਾ ਹੈ।ਮੇਘਾਲਿਆ ਦੇ ਸਾਬਕਾ ਮੁੱਖ ਮੰਤਰੀ ਮੁਕੁਲ ਸੰਗਮਾ ਅਤੇ ਕਾਂਗਰਸ ਦੇ 12 ਵਿਧਾਇਕ ਤ੍ਰਿਣਮੂਲ ਕਾਂਗਰਸਵਿੱਚਚਲੇ ਗਏ ਹਨ।ਇਸ ਰਾਜ ਤੋਂ ਕਾਂਗਰਸ ਦੇ 18 ਵਿਧਾਇਕ ਸਨ।ਇਸ ਦੇ ਨਾਲ ਮੇਘਾਲਿਆ ਵਿੱਚਮੁੱਖ ਵਿਰੋਧੀ ਦਲ ਤ੍ਰਿਣਮੂਲ ਕਾਂਗਰਸਬਣ ਜਾਵੇਗੀ। ਦੋ ਤਿਹਾਈ ਤੋਂ ਵੱਧ ਵਿਧਾਇਕ ਜਦੋਂ ਪਾਸਾ ਬਦਲਣ ਤਾਂ ਇਨ੍ਹਾਂ ਉੱਤੇ ਦਲ-ਬਦਲੀ ਕਾਨੂੰਨ ਲਾਗੂ ਨਹੀਂ ਹੁੰਦਾ।

ਇਹ ਕਾਂਗਰਸ ਪਾਰਟੀ ਲਈ ਟੀ ਐੱਮ ਸੀ ਵੱਲੋਂ ਝਟਕਿਆਂ ਦਾ ਲਗਾਤਾਰ ਦੂਸਰਾ ਦਿਨ ਹੈ।ਬੀਤੇ ਮੰਗਲਵਾਰ ਨੂੰ ਕਾਂਗਰਸ ਨੇਤਾ ਕੀਰਤੀ ਆਜ਼ਾਦ ਅਤੇ ਹਰਿਆਣਾ ਕਾਂਗਰਸ ਦੇ ਸਾਬਕਾ ਪ੍ਰਧਾਨ ਅਸ਼ੋਕ ਤੰਵਰ ਤ੍ਰਿਣਮੂਲ ਕਾਂਗਰਸ ਵਿੱਚ ਸ਼ਾਮਲ ਹੋ ਗਏ ਸਨ। ਬੁੱਧਵਾਰ ਨੂੰ ਮਮਤਾ ਬੈਨਰਜੀ ਨੇ ਸੰਕੇਤ ਦਿੱਤਾ ਹੈ ਕਿ ਉਹ ਆਪਣੀ ਪਾਰਟੀ ਤ੍ਰਿਣਮੂਲ ਦੇ ਵਿਸਥਾਰ ਪ੍ਰੋਗਰਾਮ ਜਾਰੀ ਰੱਖਣਗੀ।ਉਨ੍ਹਾ ਕਿਹਾ ਕਿ ਉਨ੍ਹਾਂ ਦੀ ਇਸ ਦੌਰਾਨ ਕਾਂਗਰਸ ਪ੍ਰਧਾਨ ਸੋਨੀਆ ਗਾਂਧੀ ਨੂੰ ਮਿਲਣ ਦੀ ਕੋਈ ਯੋਜਨਾ ਨਹੀਂ।ਇਸ ਤੋਂ ਪਹਿਲਾਂ ਦਿੱਲੀਦੌਰੇ ਵੇਲੇਉਹ ਸੋਨੀਆ ਗਾਂਧੀ ਨੂੰ ਮਿਲਦੀ ਰਹੀ ਹੈ।

## ਕਿਸਾਨ ਆਗੂ ਟਿਕੈਤ ਨੇ ਕਿਹਾ: 29 ਨਵੰਬਰ ਨੂੰ ਕਿਸਾਨ ਦੰਗਾ ਨਹੀਂ ਕਰਨ ਲੱਗੇ, ਟਰੈਕਟਰ ਰੈਲੀ ਨਾਲ ਜਸ਼ਨ ਮਨਾਉਣਗੇ



ਨਵੀਂ ਦਿੱਲੀ, 24 ਨਵੰਬਰ, (ਪੋਸਟ ਬਿਊਰੋ)-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਐਲਾਨ ਪਿੱਛੋਂ ਖੇਤੀ ਕਾਨੂੰਨ ਰੱਦਕਰਨ ਨੂੰ ਕੇਂਦਰੀ ਕੈਬਨਿਟ ਦੀ ਮਨਜ਼ੂਰੀ ਮਿਲਣ ਮਗਰੋਂ ਕਿਸਾਨਾਂ ਦੀਆਂ ਕੁਝ ਮੰਗਾਂ ਬਿਨਾਂ ਸ਼ੱਕ ਬਾਕੀ ਹਨ, ਫਿਰ ਵੀ ਕਿਸਾਨ ਆਗੂ ਰਾਕੇਸ਼ ਟਿਕੈਤ ਨੇ ਕਹਿ ਦਿੱਤਾ ਹੈ ਕਿ ਕਿਸਾਨਾਂ ਮੋਰਚੇ ਵੱਲੋਂ ਰੱਖੀ 29 ਨਵੰਬਰ ਦੀ ਰੈਲੀ ਵਿੱਚ ਕਿਸਾਨ ਕੋਈ ਦੰਗਾ ਨਹੀਂ ਕਰਨਗੇ, ਆਪਣੇ ਸੰਘਰਸ਼ ਦੀ ਜਿੱਤ ਦਾ ਜਸ਼ਨ ਮਨਾਉਣਗੇ।

ਕਿਸਾਨ ਨੇਤਾ ਰਾਕੇਸ਼ ਟਿਕੈਤ ਤੋਂ ਪੁੱਛਿਆ ਗਿਆ ਕਿ ਕਿਸਾਨ ਅੰਦੋਲਨ ਕਦੋਂ ਖ਼ਤਮ ਹੋਵੇਗਾ ਤਾਂ ਉਨ੍ਹਾਂ ਨੇ ਸਰਕਾਰ ਦੇ ਸਾਹਮਣੇ ਕਈ ਮੰਗਾਂ ਰੱਖੀਆਂ ਅਤੇ ਕਿਹਾ ਕਿ 'ਕਾਨੂੰਨ ਨੂੰ ਵਾਪਸ ਲੈਣ ਦਾ ਅਚਾਨਕ ਐਲਾਨ ਸਾਡੇ ਲਈ ਹੈਰਾਨ ਕਰਨ ਵਾਲਾ ਸੀ, ਫਿਰ ਵੀ ਅਸੀਂ ਇਸਦਾ ਸਵਾਗਤ ਕੀਤਾ ਹੈ।ਅੰਦੋਲਨ ਖ਼ਤਮ ਹੋਣਾ ਚਾਹੀਦਾ ਹੈ, ਪਰ 2-3 ਚੀਜ਼ਾਂ ਅਜੇ ਬਾਕੀ ਹਨ। ਜਿਹੜੇ 700 ਤੋਂ ਵੱਧ ਕਿਸਾਨ ਅੰਦੋਲਨ ਦੌਰਾਨ ਸ਼ਹੀਦ ਹੋਏ ਹਨ, ਉਨ੍ਹਾਂ ਦੇ ਵਾਰਸਾਂ ਨੂੰ ਸਰਕਾਰ ਮੁਆਵਜ਼ਾਅਤੇ ਉਨ੍ਹਾਂ ਦੀ ਯਾਦਗਾਰ ਬਣਾਉਣ ਲਈ ਜ਼ਮੀਨ ਦੇਵੇ। ਇਸ ਦੇ ਨਾਲ ਇਸ ਸੰਘਰਸ਼ ਦੌਰਾਨ ਕਿਸਾਨਾਂ ਉੱਤੇ ਦਰਜ ਕੀਤੇ ਕੇਸ ਵੀ ਵਾਪਸ ਹੋਣੇ ਚਾਹੀਦੇ ਹਨ।' ਇਸ ਦੇ ਨਾਲ ਰਾਕੇਸ਼ ਟਿਕੈਤ ਨੇ 29 ਨਵੰਬਰ ਦੀ ਟਰੈਕਟਰ ਰੈਲੀ ਬਾਰੇ ਕਿਹਾ ਕਿ 'ਉਸ ਬਾਰੇ ਕਿਸਾਨ ਮੋਰਚਾ 27 ਨਵੰਬਰ ਨੂੰ ਅੰਤਿਮ ਫੈਸਲਾ ਲਵੇਗਾ, ਪਰ ਏਨਾ ਤੈਅ ਹੈ ਕਿ ਇੱਕ ਸਾਲ ਤੋਂ ਅੰਦੋਲਨ ਚੱਲਦਾ ਹੈ ਅਤੇ ਉਹ ਚਾਹੁੰਦੇ ਹਨ ਕਿ ਅਸੀਂ ਇੰਝ ਹੀ ਘਰ ਚਲੇ ਜਾਈਏ। 29 ਨਵੰਬਰ ਦੀ ਟ੍ਰੈਕਟਰ ਰੈਲੀ ਸਾਡੇ ਇੱਕ ਸਾਲ ਦੇ ਸੰਘਰਸ਼ ਦਾ ਜਸ਼ਨ ਹੋਵੇਗਾ। ਅਸੀਂ 29 ਨਵੰਬਰ ਨੂੰ ਖੁਸ਼ੀ ਜ਼ਾਹਰ ਕਰਾਂਗੇ, ਕਿਸੇ ਤਰ੍ਹਾਂ ਦਾ ਦੰਗਾ ਨਹੀ ਕਰਨ ਲੱਗੇ।'

## ਪੰਜਾਬੀ ਯੂਨੀਵਰਸਿਟੀ ਵਿੱਚ ਪਹਿਲੀ ਵਾਰ ਗਏ ਮੁੱਖ ਮੰਤਰੀ ਚੰਨੀ ਦੇ ਵੱਡੇ ਐਲਾਨ



ਪਟਿਆਲਾ, 24 ਨਵੰਬਰ, (ਪੋਸਟ ਬਿਊਰੋ)-ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਯੂਨੀਵਰਸਿਟੀ ਦੇ ਅਧਿਆਪਕਾਂ, ਵਿਦਿਆਰਥੀਆਂ ਅਤੇ ਮੁਲਾਜ਼ਮਾਂ ਨਾਲ ਮੀਟਿੰਗ ਲਈ ਪੁੱਜੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਵਿੱਤੀ ਸੰਕਟ ਵਿੱਚ ਫਸੀ ਇਸਯੂਨੀਵਰਸਿਟੀ ਨੂੰ 390 ਕਰੋੜ ਰੁਪਏ ਦਾ ਪੈਕੇਜ ਦੇਣ ਦਾ ਐਲਾਨ ਕੀਤਾ ਹੈ।

ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਯੂਨੀਵਰਸਿਟੀ ਦਾ 150 ਕਰੋੜ ਰੁਪਏ ਦਾ ਸਾਰਾ ਕਰਜ਼ਾ ਪੰਜਾਬ ਸਰਕਾਰ ਦੇ ਸਿਰ ਲੈਕੇ ਕਿਹਾ ਕਿ ਇਹ ਕਰਜ਼ਾ ਪੰਜਾਬ ਸਰਕਾਰ ਭਰੇਗੀ। ਉਨ੍ਹਾਂ ਯੂਨੀਵਰਸਿਟੀ ਨੂੰ ਦਿੱਤੀ ਜਾਂਦੀ ਸਾਢੇ 9 ਕਰੋੜ ਰੁਪਏ ਮਹੀਨਾ ਗ੍ਰਾਂਟ ਨੂੰ 20 ਕਰੋੜ ਰੁਪਏ ਮਹੀਨਾਵਿੱਚਬਦਲਦਿੱਤਾ ਹੈ। ਇਸ ਨਾਲ ਯੂਨੀਵਰਸਿਟੀ ਨੂੰ ਸਲਾਨਾ 240 ਕਰੋੜ ਰੁਪਏ ਮਿਲਣਗੇ। ਜੇਮੁੱਖ ਮੰਤਰੀ ਦੇ ਹੁਕਮ ਲਾਗੂ ਹੋ ਗਏ ਤਾਂ ਚਿਰਾਂ ਤੋਂ 400 ਕਰੋੜ ਰੁਪਏ ਦੀ ਮਦਦ ਮੰਗਦੀ ਆਈ ਯੂਨੀਵਰਸਿਟੀ ਲਈ ਇਹ ਕਰਿਸ਼ਮੇ ਤੋਂ ਘੱਟ ਨਹੀਂ ਹੋਵੇਗਾ।ਮੁੱਖ ਮੰਤਰੀ ਚੰਨੀ ਨੇ ਕਿਹਾ ਕਿ ਅਸੀਂ ਪੰਜਾਬਵਿੱਚ ਐਜੂਕੇਸ਼ਨ ਦਾ ਨਵਾਂ ਮਾਡਲ ਲੈ ਕੇ ਆਵਾਂਗੇ ਤੇ ਵਿਦਿਅਕ ਅਦਾਰੇ ਖੜੇ ਕਰਾਂਗੇ। ਉਨ੍ਹਾਂ ਕਿਹਾ ਕਿ ਪੰਜਾਬੀ ਯੂਨੀਵਰਸਿਟੀਵਿੱਚ ਆਮ ਤੇ ਮਿਡਲ ਕਲਾਸ ਲੋਕਾਂ ਦੇ ਬੱਚੇ ਵੱਧ ਪੜ੍ਹਦੇ ਹਨ, ਇਸ ਲਈ ਅਸੀਂ ਇਸ ਨੂੰ ਬਚਾ ਕੇ ਲੋਕਾਂ ਨੂੰ ਰਾਹਤ ਦੇਣੀ ਹੈ। ਉਨ੍ਹਾਂ ਕਿਹਾ ਕਿ 15 ਸਾਲਾਂ ਤੋਂ ਕਿਸੇ ਨੇ ਇਸਯੂਨੀਵਰਸਿਟੀਦਾ ਧਿਆਨ ਨਹੀਂ ਕੀਤਾ,ਅੱਗੇ ਤੋਂਏਦਾਂ ਨਹੀਂ ਹੋਵੇਗਾ।

ਪੰਜਾਬੀ ਯੂਨੀਵਰਸਿਟੀ ਦੇ ਵਾਈਸ ਚਾਂਸਲਰਡਾ: ਅਰਵਿੰਦ ਨੇ ਮੁੱਖ ਮੰਤਰੀ ਨੂੰ ਦੱਸਿਆ ਕਿ 30 ਕਰੋੜ ਰੁਪਏ ਯੂਨੀਵਰਸਿਟੀ ਦੇ ਮੁਲਾਜ਼ਮਾਂ ਦੀਆਂ ਮਾਸਿਕ ਤਨਖਾਹਾਂ ਹਨ ਤੇ ਯੂਨੀਵਰਸਿਟੀ ਨੂੰ ਸਿਰਫ਼ 10 ਕਰੋੜ ਰੁਪਏ ਇਕੱਠੇ ਹੁੰਦੇ ਹੋਣ ਕਰ ਕੇ 20 ਕਰੋੜ ਕਰਜ਼ਾ ਚੁੱਕਣਾ ਪੈਂਦਾ ਹੈ, ਇਸ ਲਈ ਸਰਕਾਰ ਸਾਢੇ 9 ਕਰੋੜ ਦੀ ਜਗ੍ਹਾ ਉਨ੍ਹਾਂ ਨੂੰ 20 ਕਰੋੜ ਦੇਵੇ, ਜਿਸਨੂੰ ਮੁੱਖ ਮੰਤਰੀ ਨੇ ਤੁਰੰਤ ਮੰਨ ਲਿਆ।

# ਕੇਜਰੀਵਾਲ ਦੇ ਐਲਾਨਾਂ ਪਿੱਛੋਂ ਨਵਜੋਤ ਸਿੱਧੂ ਦਾ ਮੋੜਵਾਂ ਵਾਰ

ਅੰਮ੍ਰਿਤਸਰ, 24 ਨਵੰਬਰ, (ਪੋਸਟ ਬਿਊਰੋ)-ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵੱਲੋਂ ਪੰਜਾਬ ਦੌਰੇ ਦੌਰਾਨ ਲੋਕਾਂ ਨੂੰ ਪੇਸ਼ ਕੀਤੀਆਂ ਗਾਰੰਟੀਆਂ ਉੱਤੇਪੰਜਾਬ ਕਾਂਗਰਸ ਦੇ ਪ੍ਰਧਾਨ ਨਵਜੋਤ ਸਿੰਘ ਸਿੱਧੂ ਨੇ ਅੱਜ ਤਿੱਖੀ ਪ੍ਰਤੀਕਿਰਿਆ ਦਿੱਤੀ ਤੇ ਕਿਹਾ ਕਿ ਕੇਜਰੀਵਾਲ 26 ਲੱਖ ਨੌਕਰੀਆਂ ਦੇਣ ਦੀ ਗੱਲ ਕਰਦੇ ਹਨ, ਇਕ ਨੌਕਰੀ ਦੀ ਤਨਖਾਹ 30 ਹਜ਼ਾਰ ਰੁਪਏ ਅਤੇ 26 ਲੱਖ ਨੌਕਰੀਆਂ ਦਾ ਹਿਸਾਬ 93000 ਕਰੋੜ ਰੁਪਏ ਬਣਦਾ ਹੈ। ਇਸ ਤੋਂ ਬਾਅਦ ਕੇਜਰੀਵਾਲ ਨੇ ਇਕ ਬੀਬੀ ਨੂੰ ਹਜ਼ਾਰ ਰੁਪਿਆ ਮਹੀਨੇ ਦੇਣ ਦੀ ਗੱਲ ਕਹੀ, ਜੋ 12 ਹਜ਼ਾਰ ਕਰੋੜ ਰੁਪਿਆ ਸਾਲਾਨਾ ਬਣੇਗਾ। ਕੇਜਰੀਵਾਲ ਨੇ 2 ਕਿੱਲੋਵਾਟ ਮੁਫਤ ਬਿਜਲੀ ਦੀ ਗੱਲ ਕਹੀ ਹੈ, ਇਹ 3600 ਕਰੋੜ ਬਣੇਗਾ, ਕੁੱਲ ਮਿਲਾ ਕੇ 1 ਲੱਖ 10 ਹਜ਼ਾਰ ਕਰੋੜ ਹੋਵੇਗਾ, ਬਜਟ ਸਿਰਫ 72 ਹਜ਼ਾਰ ਕਰੋੜ ਰੁਪਏ ਹੈ। ਖੋਖਲੇ ਵਾਅਦੇ ਹੋਣੇ ਬੰਦ ਕਰਨੇ ਚਾਹੀਦੇ ਹਨ।' ਨਵਜੋਤ ਸਿੰਘ ਸਿੱਧੂ ਨੇ ਕਿਹਾ ਕਿ 'ਮੇਰਾ ਪੰਜਾਬ ਮਾਡਲ ਇਹ ਨਹੀਂ ਕਹਿੰਦਾ ਕਿ ਖਜ਼ਾਨਾ ਖਾਲੀ ਕਿਵੇਂ ਹੋਇਆ, ਸਗੋਂ ਇਹ ਕਹਿੰਦਾ ਹੈ ਕਿ ਖਜ਼ਾਨਾ ਭਰਨਾ ਕਿਵੇਂ ਹੈ।' ਉਨ੍ਹਾਂ ਕਿਹਾ ਕਿ ਕੇਜਰੀਵਾਲ ਨੇ ਦਿੱਲੀ ਵਿੱਚ ਚੰਗੇ ਕੰਮ ਕੀਤੇ ਹਨ, ਇਸੇ ਲਈ ਉਨ੍ਹਾਂ ਨੂੰ ਦਿੱਲੀ ਦਾ ਮੁੱਖ ਮੰਤਰੀ ਬਣਾਇਆ ਗਿਆ ਹੈ, ਪਰ ਪੰਜਾਬ ਦਾਦਿੱਲੀ ਵਿੱਚ ਬਹੁਤ ਫਰਕ ਹੈ।ਦਿੱਲੀ ਆਤਮ ਨਿਰਭਰ ਰਾਜ ਹੈ, ਪੰਜਾਬ ਸਿਰ 7 ਲੱਖ ਕਰੋੜ ਰੁਪਏ ਕਰਜ਼ਾ ਹੈ। ਸਾਡੇ ਮੁੱਖ ਮੰਤਰੀ ਜਿਹੜਾਐਲਾਨ ਕਰਨਗੇ, ਪਾਰਟੀ ਉਨ੍ਹਾਂ ਨਾਲ ਡਟ ਕੇ ਖੜੀ ਹੈ, ਪਾਰਟੀ ਮਾਡਲ ਦੇਵੇਗੀ ਤਾਂ ਇਸ ਨਾਲ ਖਜ਼ਾਨਾ ਭਰੇਗਾ।' ਇਸ ਦੌਰਾਨਸਿੱਧੂ ਨੇ ਟਵੀਟ ਕਰ ਕੇ ਕਿਹਾ ਕਿ 'ਪਿਛਲੀ ਯੂ ਪੀ ਏ ਸਰਕਾਰ ਨੇ ਭਾਰਤ ਦੀ ਸਮਾਜਕ ਅਤੇ ਆਰਥਿਕ ਹਾਲਤ ਨੂੰ ਬਦਲਣ ਲਈ ਨੀਤੀਆਂ ਬਣਾਈਆਂ ਸਨ,ਅੱਜ ਪੰਜਾਬ ਦੀ ਆਰਥਿਕਤਾ ਵਿੱਚ ਨੀਤੀ ਆਧਾਰਤ ਤਬਦੀਲੀ ਦੀ ਲੋੜ ਹੈ, ਬਜਟ ਦੀ ਸਾਫ ਵੰਡ ਅਤੇ ਲਾਗੂ ਕਰਨ ਦੇ ਸਹੀ ਪ੍ਰਬੰਧ ਤੋਂ ਸੱਖਣੀਆਂ ਫੋਕੀਆਂ



ਸਕੀਮਾਂ ਦੇ ਜਾਲ ਵਿੱਚ ਨਹੀਂ ਫਸਾਂਗੇ।ਪੰਜਾਬ ਦੇ ਸ਼ਾਸਨ ਤੇ ਆਰਥਿਕਤਾ ਬਾਰੇ ਸੋਚੇ ਬਿਨਾਂ ਲੋਕਾਂ ਦੀ ਮੰਗਾਂ ਵੱਲ ਇਕਦਮ ਦਿਖਾਈ ਪ੍ਰਤੀਕਿਰਿਆ ਵਾਲੀਆਂ ਸਭ ਗੱਲਾਂਸਿਰਫ ਵੋਟਲੈਣ ਲਈ ਬਣਾਈਆਂ ਜਾਂਦੀਆਂ ਹਨ। ਇਤਿਹਾਸ ਦੱਸਦਾ ਹੈ ਕਿ ਦਿਲ-ਖਿੱਚਵੇਂ ਉਪਾਅ ਲੰਮੇ ਸਮੇਂ ਲਈ ਲੋਕਾਂ ਦਾ ਸਿਰਫ਼ ਨੁਕਸਾਨ ਕਰਦੇ ਹਨ। ਸੱਚੇ ਨੇਤਾ ਸਬਜ਼ਬਾਗ ਨਹੀਂ ਦਿਖਾਉਂਦੇ, ਸਮਾਜ ਤੇ ਆਰਥਿਕਤਾ ਦੀ ਨੀਂਹ ਰੱਖਦੇ ਹਨ।

ਪੰਜਾਬ ਕਾਂਗਰਸ ਦੇ ਪ੍ਰਧਾਨ ਨਵਜੋਤ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਮਾਡਲ ਅੱਗੇ ਵਧਣ ਦਾ ਇੱਕੋ-ਇੱਕ ਰਾਹ ਹੈ। ਉਨ੍ਹਾਂ ਕਿਹਾ ਕਿ 'ਸਾਲ 2017 ਵਿਚ ਮੈਂ ਪੰਜਾਬ ਕੈਬਨਿਟ ਨੂੰ ਪੰਜਾਬ ਮਨਰੰਜਨ ਟੈਕਸ ਬਿੱਲ ਵਿਚ ਪੰਜਾਬ ਮਾਡਲ ਦੀ ਝਲਕ ਦਿਖਾਈ ਸੀ ਕਿ ਸਥਾਨਕ ਆਪਰੇਟਰਾਂ ਨੂੰ ਮਜ਼ਬੂਤ ਕਰਨ ਲਈ ਕੇਬਲ ਮਾਫੀਆ ਖਤਮ ਕਰ ਕੇਤੇ ਫਾਸਟਵੇਅ ਦੀ ਜਕੜ ਤੋੜ ਕੇ ਇਸ ਦੇ ਬਾਕੀ ਟੈਕਸ ਸਰਕਾਰ ਨੂੰ ਦਿਵਾਏ ਜਾਣ ਤਾਂ ਸਸਤੇ ਕੁਨੈਕਸ਼ਨਾਂ ਦਾ ਲਾਭ ਲੋਕਾਂ ਨੂੰ ਮਿਲ ਸਕਦਾ ਹੈ। ਮੈਂ ਠੋਸ ਨੀਤੀ ਆਧਾਰਤ ਪੰਜਾਬ ਮਾਡਲ ਲਿਆਵਾਂਗਾ, ਜੋ ਬਾਦਲਾਂ ਵੱਲੋਂ ਬਣਾਏ ਕੇਬਲ ਮਾਫੀਆ ਵਰਗੇ ਅਜਾਰੇਦਾਰਾਂ ਤੋਂ ਛੁਟਕਾਰਾ ਦਿਵਾਏਗਾ। ਮੁਫ਼ਤ ਦੀ ਖੇਡ ਸਰਕਾਰੀ ਖਜ਼ਾਨਾ ਖਾਲੀ ਕਰ ਕੇ ਲੋਕਾਂ ਤੋਂ ਰੋਜ਼ੀ-ਰੋਟੀ ਖੋਹ ਲਵੇਗੀ, ਗਰੀਬਾਂ ਨੂੰ ਉੱਚਾ ਚੁੱਕਣ ਅਤੇ ਫਾਸਟਵੇਅ ਵਰਗੇ ਮਲਟੀਪਲ ਸਿਸਟਮ ਨੂੰਖਤਮ ਨਹੀਂ ਕਰ ਸਕਦੀ'।

## ਸ਼ਾਦੀਸ਼ੁਦਾ ਹੁੰਦਿਆਂ ਦੂਸਰੇ ਨਾਲ ਲਿਵ ਇਨ ਰਿਲੇਸ਼ਨ ਵਿੱਚ ਸੁਰੱਖਿਆ ਮੰਗਣ ਵਾਲੇ ਆਪਣੀ ਜਾਇਦਾਦ ਦੱਸਣਗੇ

ਚੰਡੀਗੜ੍ਹ, 24 ਨਵੰਬਰ (ਪੋਸਟ ਬਿਊਰੋ)- ਪੰਜਾਬ ਹਰਿਆਣਾ ਹਾਈ ਕੋਰਟ ਨੇ ਇੱਕ ਬੇਹੱਦ ਮਹੱਤਵਪੂਰਨ ਫੈਸਲੇ ਵਿੱਚ ਪਹਿਲਾਂ ਸ਼ਾਦੀਸ਼ੁਦਾ ਹੋਣ ਦੇ ਬਾਵਜੂਦ ਕਿਸੇ ਹੋਰ ਨਾਲ ਲਿਵ ਇਨ ਰਿਲੇਸ਼ਨ ਵਿੱਚ ਰਹਿ ਕੇ ਸੁਰੱਖਿਆ ਮੰਗਣ ਵਾਲਿਆਂ ਨੂੰ ਅਗਲੇ ਸਾਲ ਇੱਕ ਫਰਵਰੀ ਤੋਂ ਆਪਣੀਆਂ ਅਰਜ਼ੀਆਂ ਵਿੱਚ ਚਲ-ਅਚੱਲ ਜਾਇਦਾਦ ਦੀ ਪੂਰੀ ਜਾਣਕਾਰੀ ਦੇਣ ਦੇ ਹੁਕਮ ਦਿੱਤੇ ਅਤੇ ਕਿਹਾ ਹੈ ਕਿਉਨ੍ਹਾਂ ਨੂੰਇਹ ਵੀ ਦੱਸਣਾ ਹੋਵੇਗਾ ਕਿ ਆਪਣੇ ਪਹਿਲੇ ਪਤੀ ਜਾਂ ਪਤਨੀ ਅਤੇ ਬੱਚਿਆਂ ਦੇ ਗੁਜ਼ਾਰੇ ਲਈ ਉਨ੍ਹਾਂ ਨੇਕਿਸ ਕਿਸਮ ਦੇ ਪ੍ਰਬੰਧ ਕੀਤੇ ਹਨ।

ਜਸਟਿਸ ਅਰਵਿੰਦ ਸਾਂਗਵਾਨ ਨੇ ਇਹ ਹੁਕਮ ਦੇਣ ਨਾਲ ਹਾਈ ਕੋਰਟ ਦੇ ਰਜਿਸਟਰਾਰ ਜਨਰਲ ਨੂੰ ਹੁਕਮ ਦਿੱਤੇ ਹਨ ਕਿ ਇਨ੍ਹਾਂ ਹੁਕਮਾਂ ਨੂੰ ਇੱਕ ਫਰਵਰੀ ਤੋਂ ਲਾਗੂ ਕਰ ਦਿੱਤਾ ਜਾਏ। ਉਨ੍ਹਾ ਨੇ ਇਹ ਹੁਕਮ ਮੇਵਾਤ ਦੇ ਇੱਕ ਜੋੜੇ ਵੱਲੋਂ ਆਪਣੀ ਸੁਰੱਖਿਆ ਦੀ ਮੰਗ ਬਾਰੇ ਦਾਇਰ ਅਰਜ਼ੀ ਉੱਤੇ ਸੁਣਵਾਈ ਵੇਲੇ ਦਿੱਤੇ ਹਨ। ਪ੍ਰੇਮੀ ਜੋੜੇ ਵਿੱਚ ਦੋਵੇਂ ਪਹਿਲਾਂ ਹੀ ਵਿਆਹੇ ਹੋਏ ਸਨ। ਇਸ ਉੱਤੇ ਹਾਈ ਕੋਰਟ ਨੇ ਕਿਹਾ ਕਿ ਅਜਿਹੇ ਕੇਸ ਲਗਾਤਾਰਆ ਰਹੇ ਹਨ, ਜਿੱਥੇ ਸ਼ਾਦੀਸ਼ੁਦਾ ਲੋਕ ਆਪਣੇ ਪਹਿਲੇ ਪਤੀ ਜਾਂ ਪਤਨੀ ਤੋਂ ਵੱਖ ਹੋ ਕੇ ਕਿਸੇ ਹੋਰ ਦੇ ਨਾਲ ਸਹਿਮਤੀ ਜਾਂ ਲਿਵ ਇਨ ਰਿਲੇਸ਼ਨ ਬਣਾ ਕੇ ਰਹਿੰਦੇ ਅਤੇ ਸੁਰੱਖਿਆ ਮੰਗਦੇ ਹਨ। ਹਾਈ ਕੋਰਟ ਨੇ ਕਿਹਾ ਕਿ ਸਾਡਾ ਕੰਮ ਕਿਸੇ ਪੋਸਟ ਆਫਿਸ ਵਾਲਾ ਨਹੀਂ, ਜੋ ਸੁਰੱਖਿਆ ਦਾ ਹੁਕਮ ਸਾਰੇ ਕੇਸਾਂ ਵਿੱਚ ਕਾਪੀ ਪੇਸਟ ਕਰ ਦਿਤਾ ਜਾਏ। ਹਾਈ ਕੋਰਟ ਨੇ ਕਿਹਾ ਕਿ ਜਦ ਕੋਈ ਵਿਅਕਤੀ ਆਪਣੀ ਪਤਨੀ ਤੇ ਬੱਚਿਆਂ ਨੂੰ ਛੱਡ ਕੇ ਕਿਸੇ ਹੋਰ ਨਾਲ ਰਹਿਣ ਲਈ ਸੁਰੱਖਿਆ ਮੰਗਦਾ ਹੈ ਤਾਂ ਅਦਾਲਤ ਪਤਨੀ ਤੇ ਬੱਚਿਆਂ ਨੂੰ ਭਗਵਾਨ ਦੇ ਭਰੋਸੇ ਨਹੀਂ ਛੱਡ ਸਕਦੀ।ਪਹਿਲਾਂ ਤੋਂ ਸ਼ਾਦੀਸ਼ੁਦਾ ਜਿਸ ਪ੍ਰੇਮੀ ਜੋੜੇ ਨੇ ਸੁਰੱਖਿਆ ਲਈ ਹਾਈ ਕੋਰਟ ਤੋਂ ਮੰਗ ਕੀਤੀ ਸੀ, ਉਸ ਦੀ ਜਾਇਦਾਦ ਦੀ ਹਾਈ ਕੋਰਟ ਨੇ ਜਾਣਕਾਰੀ ਮੰਗੀ ਤਾਂ ਕੋਰਟ ਨੂੰ ਦੱਸਿਆ ਗਿਆ ਕਿ ਪੁਰਸ਼ ਦੀ ਇੱਕ ਏਕੜ ਜ਼ਮੀਨ ਅਤੇ ਖਾਨਦਾਨੀ ਘਰ ਵਿੱਚ ਹਿੱਸੇਦਾਰੀ ਵੀ ਹੈ। ਇਸ ਉੱਤੇ ਹਾਈ ਕੋਰਟ ਨੇ ਉਸ ਦੀ ਜ਼ਮੀਨ ਅਟੈਚ ਕਰ ਕੇ ਉਸ ਦਾ ਇੱਕ-ਚੌਥਾਈ ਹਿੱਸਾ ਪਹਿਲੀ ਪਤਨੀ ਨੂੰ ਦੇਣ ਦੇ ਹੁਕਮ ਦੇ ਦਿੱਤੇ ਹਨ ਤਾਂ ਕਿ ਉਹ ਇਸ ਨਾਲ ਆਪਣੇ ਪੰਜ ਬੱਚਿਆਂ ਦਾ ਪਾਲਣ-ਪੋਸ਼ਣ ਅਤੇ ਦੇਖਭਾਲ ਕਰ ਸਕੇ।






# ਕੈਪਟਨ ਅਮਰਿੰਦਰ ਨੇ ਕਿਹਾ: ਮੈਂ ਚਾਹੁਨੈ ਕਿ ਮੈਂ ਭਾਜਪਾ ਲਈ ਤੇ ਮੋਦੀ ਮੇਰੇ ਲਈ ਪ੍ਰਚਾਰ ਕਰਨ

ਚੰਡੀਗੜ੍ਹ, 24 ਨਵੰਬਰ, (ਪੋਸਟ ਬਿਊਰੋ)-ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਆਪਣੀ ਨਵੀਂ ਪਾਰਟੀ ਦੇ ਰਜਿਸਟਰੇਸ਼ਨ ਦੀ ਉਡੀਕ ਕਰ ਰਹੇ ਹਨ। ਇਸ ਦੌਰਾਨ ਉਨ੍ਹਾਂ ਨੇ ਇੱਛਾ ਜਤਾਈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ 2022 ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਮੇਰੇ ਲਈ ਪ੍ਰਚਾਰ ਕਰਨ ਅਤੇ ਦੂਸਰੇ ਪਾਸੇ ਉੱਤਰ ਪ੍ਰਦੇਸ਼ ਅਤੇ ਉੱਤਰਾਖੰਡ ਚੋਣਾਂ ਵਿੱਚ ਮੈਂ ਭਾਜਪਾ ਲਈ ਪ੍ਰਚਾਰ ਕਰਨ ਜਾਵਾਂਗਾ।

ਇੱਕ ਵਿਸ਼ੇਸ਼ ਇੰਟਰਵਿਊ ਵਿੱਚਅੱਜ ਕੈਪਟਨ ਅਮਰਿੰਦਰ ਸਿੰਘ ਨੇ ਆਖਿਆ ਕਿ ਕਾਂਗਰਸ ਦਾ ਅਗਲਾ ਨਿਸ਼ਾਨਾ ਰਾਜਸਥਾਨ ਦੇ ਮੁੱਖ ਮੰਤਰੀ ਅਸ਼ੋਕ ਗਹਿਲੋਤ ਹੋਣਗੇ, ਕਿਉਂਕਿ ਪਾਰਟੀ ਮਜ਼ਬੂਤ ਮੁੱਖ ਮੰਤਰੀਆਂ ਨੂੰ ਪਸੰਦ ਨਹੀਂ ਕਰਦੀ। ਇਸ ਮੌਕੇ ਤਿੰਨ ਖੇਤੀ ਕਾਨੂੰਨਰੱਦ ਕਰਨਬਾਰੇਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਖੁਸ਼ੀ ਪ੍ਰਗਟ ਕਰਦੇ ਹੋਏ ਕਿਹਾ ਕਿ ਉਹ ਹਮੇਸ਼ਾ ਜਾਣਦੇ ਸਨ ਕਿ ਨਵੇਂ ਕਾਨੂੰਨ ਪੰਜਾਬ ਲਈ ਚੰਗੇ ਨਹੀਂ ਤੇ ਕਿਸਾਨ ਇਨ੍ਹਾਂ ਦਾ ਵਿਰੋਧ ਕਰਦੇ ਹਨ, ਕਿਉਂਕਿ ਇਸ ਦਾ ਅਸਰ ਅਗਲੀਆਂ ਪੀੜ੍ਹੀਆਂ ਉੱਤੇ ਪਵੇਗਾ। ਉਨ੍ਹਾਂ ਕਿਹਾ ਕਿ 'ਅਸੀਂ ਪਹਿਲੇ ਦਿਨੋਂ ਆਸ ਕੀਤੀ ਤੇ ਮੈਂ ਇਸਨੂੰ ਵਿਧਾਨ ਸਭਾ ਵਿੱਚ ਪੇਸ਼ ਕਰਨ ਵਾਲਾ ਪਹਿਲਾ ਵਿਅਕਤੀ ਸੀ। ਮੈਂ ਮਹਿਸੂਸ ਕੀਤਾ ਕਿ ਇਹ ਮੇਰੇ ਰਾਜ ਲਈ ਚੰਗਾ ਨਹੀਂ। ਅਸੀਂ ਲੋਕਾਂ ਨੂੰ ਵਿਰੋਧ ਪ੍ਰਦਰਸ਼ਨ ਕਰਨ ਤੋਂ ਕਦੇ ਨਹੀਂ ਰੋਕਿਆ। ਮੈਨੂੰ ਖੁਸ਼ੀ ਹੈ ਕਿ ਇਹ ਰੱਦ ਹੋ ਗਏ ਹਨ। ਇਹ ਪੰਜਾਬ ਦੀ ਆਰਥਿਕਤਾ ਨੂੰ ਪ੍ਰਭਾਵਤ ਕਰੇਗਾ। ਇਸ ਪਿੱਛੋਂ ਕਿਸਾਨਾਂ ਨੂੰ ਆਪਣੇ ਘਰ ਜਾਣਾ ਚਾਹੀਦਾ ਹੈ। ਮੈਂ ਉਨ੍ਹਾਂ ਨੂੰ ਗੁਰਪੁਰਬਮੌਕੇ ਘਰੀਂ ਜਾਣ ਨੂੰ ਕਿਹਾ ਸੀ। ਪ੍ਰਧਾਨ ਮੰਤਰੀ ਨੇ ਵੀ ਭਰੋਸਾ ਦੇ ਕੇ ਘਰੀਂ ਚਲੇ ਜਾਣ ਨੂੰ ਕਿਹਾ ਹੈ।'



ਕੈਪਟਨ ਅਮਰਿੰਦਰ ਸਿੰਘ ਨੇ ਕਿਹਾ ਕਿ 'ਅੱਜ ਮੈਂ ਕਾਂਗਰਸ ਉੱਤੇ ਹਮਲਾ ਕਰਾਂਗਾ, ਕਿਉਂਕਿ ਮੈਂ ਵਿਰੋਧੀ ਧਿਰਵਿੱਚ ਹਾਂ। ਅਸੀਂ ਜਿੱਤਾਂਗੇ। ਮੈਨੂੰ ਆਪਣੇ ਆਪ ਨੂੰ ਕਿਸੇ ਕੋਲ ਕੁਝ ਸਾਬਤ ਕਰਨ ਦੀ ਲੋੜ ਨਹੀਂ। ਪੰਜਾਬ ਵਿੱਚ ਹਰ ਕੋਈ ਜਾਣਦਾ ਹੈ ਕਿ ਮੈਂ ਉਨ੍ਹਾਂ ਲਈ ਕੀ ਕਰਦਾ ਹਾਂ। ਮੈਂ ਉਨ੍ਹਾਂ ਲੋਕਾਂ ਵਿੱਚੋਂ ਨਹੀਂ, ਜੋ ਆਪਣੇ ਤੱਕ ਸੀਮਤ ਹੁੰਦੇ ਹਨ। ਵਿਸ਼ਵਾਸ ਕਰੋ, ਇਸ ਤੋਂ ਬਾਅਦ ਕਾਂਗਰਸ ਰਾਜਸਥਾਨ ਵਿੱਚ ਅਸ਼ੋਕ ਗਹਿਲੋਤ ਨੂੰ ਨਿਸ਼ਾਨਾ ਬਣਾਵੇਗੀ ਤੇ ਉਹ ਬਾਹਰ ਹੋ ਜਾਵੇਗਾ। ਮੈਨੂੰ ਪਿੱਠ ਵਿੱਚ ਛੁਰਾ ਮਾਰਨ ਤੋਂ ਨਫ਼ਰਤ ਸੀ। ਕਾਂਗਰਸ ਨੂੰ ਕੋਈ ਵੱਡਾ ਮੁੱਖ ਮੰਤਰੀ ਪਸੰਦ ਹੀ ਨਹੀਂ।'

ਇਸ ਮੌਕੇ ਕੈਪਟਨ ਨੇ ਆਖਿਆ ਕਿਅਕਾਲੀਆਂ ਨੇ ਮਾੜਾ ਵਿਹਾਰ ਕੀਤਾ ਤੇ ਭਾਜਪਾ ਨੂੰ ਉਨ੍ਹਾਂ ਉੱਤੇ ਭਰੋਸਾ ਨਹੀਂ ਰਿਹਾ। ਇੱਕ ਸਵਾਲ ਦੇ ਜਵਾਬ ਵਿਚ ਕੈਪਟਨ ਅਮਰਿੰਦਰ ਸਿੰਘ ਨੇ ਕਿਹਾ ਕਿ ਮੈਂ ਇਸ ਬਾਰੇ ਟਿੱਪਣੀ ਨਹੀਂ ਕਰ ਸਕਦਾ ਕਿ ਮੈਂ ਮੁੱਖ ਮੰਤਰੀ ਬਣਾਂਗਾ ਜਾਂ ਨਹੀਂ, ਅਸੀਂ ਤਿੰਨ ਪਾਰਟੀਆਂ ਹਾਂ, ਭਾਜਪਾ, ਮੈਂ ਅਤੇ ਅਕਾਲੀ ਧੜਾ। ਇਹ ਸਾਂਝਾ ਫੈਸਲਾ ਹੋਵੇਗਾ। ਉਨ੍ਹਾ ਕਿਹਾ ਕਿ'ਮੈਂ ਚਾਹੁੰਦਾ ਹਾਂ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਮੇਰੇ ਲਈ ਪ੍ਰਚਾਰ ਕਰਨ ਅਤੇ ਮੈਂ ਭਾਜਪਾ ਲਈ ਉੱਤਰ ਪ੍ਰਦੇਸ਼ ਅਤੇ ਉੱਤਰਾਖੰਡ ਵਿੱਚ ਪ੍ਰਚਾਰ ਕਰਾਂਗਾ, ਜਿੱਥੇ ਸਿੱਖ ਹਨ।'

ਦੂਸਰੇ ਪਾਸੇ ਅੱਜ ਕਾਂਗਰਸ ਨੇ ਕੈਪਟਨ ਅਮਰਿੰਦਰ ਸਿੰਘ ਦੀ ਪਤਨੀ ਅਤੇ ਪਾਰਲੀਮੈਂਟ ਮੈਂਬਰ ਪਰਨੀਤ ਕੌਰ ਨੂੰ ਨੋਟਿਸ ਜਾਰੀ ਕਰ ਕੇ ਪੁੱਛਿਆ ਹੈ ਕਿ ਉਸ ਦੇ ਵਿਰੁੱਧ ਪਾਰਟੀ ਵਿਰੋਧੀ ਸਰਗਰਮੀਆਂ ਲਈ ਕਾਰਵਾਈ ਕਿਉਂ ਨਾ ਕੀਤੀ ਜਾਵੇ, ਕਿਉਂਕਿ ਪਰਨੀਤ ਕੌਰ ਨੇ ਕਿਹਾ ਸੀ ਕਿ ਉਹ ਆਪਣੇ ਪਰਵਾਰ ਤੇ ਪਤੀ ਨਾਲ ਖੜੀ ਹੈ।

Punjabipost.ca
905-793-2202
27 Armthorpe Rd #3,
Brampton, L6T 5M4

| | |
|---|---|
| Founder Editor | Jagdish Singh Grewal |
| Managing Director | Parminder Kaur Grewal |
| Contributing Editors | Gyan Singh, |
| Office Admin | Sajandeep Singh |
| Graphic Designer | Angrez Singh |
| Photographer | Kanwaljit Singh Kanwal |
| Distributer<br>Marketing: | Aman Warraich<br>Sajandeep Singh |

Punjabi Post is a daily newspaper, published *Monday to Friday*. Advertiser is solely responsible for the ads content, releasing Punjabi post from any and all liability arising from Advertiser's use of the ads/advertising materials as permitted in an Agreement or IO. The opinions expressed in the articles & columns are those of the writers, editors or any other staff member at Punjabi post assume no responsibility of any kind. Thank you.

Check our Free E-paper at:
www.canadianpunjabipost.ca
905-793-2202
ਪੰਜਾਬੀ ਪੋਸਟ

## ਸਕੂਲ ਬੱਸ ਦੇ ਹੇਠਾਂ ਆਉਣ ਨਾਲ ਨੌਜਵਾਨ ਦੀ ਮੌਤ

ਮਲਸੀਆ, 24 ਨਵੰਬਰ (ਪੋਸਟ ਬਿਊਰੋ)- ਕੱਲ੍ਹ ਪਿੰਡ ਬਿੱਲੀ ਚਹਾਰਮ ਵਿਖੇ ਪ੍ਰਾਈਵੇਟ ਸਕੂਲ ਦੀ ਬੱਸ ਦੇ ਹੇਠਾਂ ਆਉਣ ਕਾਰਨ ਇੱਕ ਨੌਜਵਾਨ ਦੀ ਮੌਤ ਹੋ ਗਏ, ਜਿਸ ਬਾਰੇ ਪੁਲਸ ਜਾਂਚ ਕਰ ਰਹੀ ਹੈ। ਮਿਲੀ ਸੂਚਨਾ ਅਨੁਸਾਰ ਸਥਾਨਕ ਮਦਰਜ਼ ਪ੍ਰਾਈਡ ਇੰਟਰਨੈਸ਼ਨਲ ਸਕੂਲ ਦੀ ਬੱਸ ਦਾ ਡਰਾਈਵਰ ਪਿੰਡ ਬਿੱਲੀ ਚਹਾਰਮ ਵਿਖੇ ਬੱਸ ਨੂੰ ਬੈਕ ਕਰ ਰਿਹਾ ਸੀ। ਪਿੱਛੇ ਸਤੀਸ਼ ਕੁਮਾਰ (38) ਪੁੱਤਰ ਸੁਰਿੰਦਰ ਕੁਮਾਰ ਪਿੰਡ ਬਿੱਲੀ ਚਹਾਰਮ ਪੈਦਲ ਜਾ ਰਿਹਾ ਸੀ। ਉਹ ਬੱਸ ਹੇਠਾਂ ਆ ਕੇ ਬੁਰੀ ਤਰ੍ਹਾਂ ਕੁਚਲਿਆ ਗਿਆ ਅਤੇ ਮੌਕੇ ਉੱਤੇਮੌਤ ਹੋ ਗਈ। ਬੱਸ ਵਿੱਚ ਲੋੜੀਂਦੇ ਸੇਫਟੀ ਜੰਤਰ ਵੀ ਨਹੀਂ ਸਨ। ਸਕੂਲ ਮੈਨੇਜਮੈਂਟ ਦੇ ਦੀਪਕ ਸਹਾਏ ਤੋਂ ਸਰਕਾਰੀ ਜਾਰੀ ਹਿਦਾਇਤਾਂ ਦੀ ਪਾਲਣਾ ਨਾ ਕੀਤੇ ਜਾਣ ਬਾਰੇ ਪੁੱਛਿਆ ਗਿਆ ਤਾਂ ਉਨ੍ਹਾਂ ਕਿਹਾ ਕਿ ਬੱਸ ਤਾਂ ਡਰਾਈਵਰ ਨੇ ਚਲਾਉਣੀ ਹੁੰਦੀ ਹੈ।ਪੁਲਸ ਘਟਨਾ ਦੀ ਜਾਂਚ ਕਰ ਰਹੀ ਹੈ। ਬੱਸ ਡਰਾਈਵਰ ਮੌਕੇ ਤੋਂ ਫਰਾਰ ਹੋ ਗਿਆ।

## ਐਮ ਬੀ ਏ ਦਾ ਵਿਦਿਆਰਥੀ ਸੋਸ਼ਲ ਮੀਡੀਆ ਤੋਂ ਸਿਖਲਾਈ ਲੈ ਕੇ ਚੋਰ ਬਣ ਗਿਆ

ਫਿਲੌਰ, 23 ਨਵੰਬਰ (ਪੋਸਟ ਬਿਊਰੋ)- ਬੀਤੀ ਦੋ ਅਕਤੂਬਰ ਨੂੰ ਫਿਲੌਰ ਵਿੱਚ ਹੋਈ ਚੋਰੀ ਬਾਰੇ ਇਮਰਾਨ ਖ਼ਾਨ ਪੁੱਤਰ ਮੁਹੰਮਦ ਸਲੀਮ ਵਾਸੀ ਸੈਫਖਾਨ ਮੇਰਠ ਮੌਜੂਦਾ ਵਾਸੀ ਸੰਤੋਖਪੁਰਾ ਤੇ ਇੱਕ ਨੌਜਵਾਨ ਗ੍ਰਿਫ਼ਤਾਰ ਕੀਤਾ ਗਿਆ ਹੈ, ਜਿਨ੍ਹਾਂ ਕੋਲੋਂ ਚੋਰੀ ਕੀਤੀ ਰਕਮ ਵਿੱਚੋਂ 1 ਲੱਖ 10 ਹਜ਼ਾਰ ਰੁਪਏ ਨਗਦ ਤੇ 24 ਗਰਾਮ ਸੋਨਾ ਮਿਲਿਆ ਹੈ। ਇਸ ਬਾਰੇ ਥਾਣਾ ਮੁੱਖੀ ਸੰਜੀਵ ਕਪੂਰ ਨੇ ਦੱਸਿਆ ਕਿ ਉਕਤ ਚੋਰ ਐਮ ਬੀ ਏ ਦਾ ਵਿਦਿਆਰਥੀ ਹੈ ਅਤੇ ਫਿਲੌਰ ਵਿੱਚ ਕਿਰਾਏ ਦੇ ਮਕਾਨ ਵਿੱਚ ਰਹਿੰਦਾ ਹੈ। ਇਸ ਨੇ ਚੋਰੀ ਦੀਆਂ ਵਾਰਦਾਤ ਲਈ ਸੋਸ਼ਲ ਮੀਡੀਆ ਦੀਆਂ ਵੀਡੀਓ ਦੇਖ ਕੇ ਸਿਖਲਾਈ ਲਈ ਹੈ। ਚੋਰੀ ਤੋਂ ਬਾਅਦਉਹ ਆਪਣੇ ਪਿੰਡ ਚਲੇ ਗਏ ਸਨ ਜਿਸ ਤੋਂ ਬਾਅਦ ਹੋਰ ਵਾਰਦਾਤਾਂ ਕਰਨ ਲਈ ਮੁੜ ਫਿਲੌਰ ਆਏ ਅਤੇ ਕਿਰਾਏ ਦੇ ਮਕਾਨ ਵਿੱਚ ਰਹਿਣ ਲੱਗ ਪਏ। ਫਿਰ ਇਸ ਚੋਰ ਆਪਣੇ ਸਾਥੀ ਦੀ ਮਦਦ ਨਾਲ ਦਿਨ ਵੇਲੇ ਘਰਾਂ ਦੀ ਰੇਕੀ ਕਰਦਾ ਹੈ ਅਤੇ ਜਿਸ ਘਰ ਨੂੰ ਨਿਸ਼ਾਨਾ ਬਣਾਉਣਾ ਹੁੰਦਾ ਉਸ ਘਰ ਦਾ ਕਈ ਦਿਨਾਂ ਤਕ ਮੈਪ ਤਿਆਰ ਕਰਦਾ ਤੇ ਮੌਕਾ ਲੱਗਦੇ ਹੀ ਵੱਡੀ ਵਾਰਦਾਤ ਕਰ ਦਿੰਦਾ ਸੀ।

## ਲੁਟੇਰਿਆਂ ਨੇ ਮੋਚੀ ਦਾ ਕਤਲ ਕਰ ਕੇ ਲਾਸ਼ ਥਾਣੇ ਨੇੜੇ ਸੁੱਟੀ

ਭਿੱਖੀਵਿੰਡ, 24 ਨਵੰਬਰ (ਪੋਸਟ ਬਿਊਰੋ)- ਭਿੱਖੀਵਿੰਡ ਥਾਣੇ ਦੇ ਸਾਹਮਣੇ ਜੁੱਤੀਆਂ ਗੰਢਣ ਵਾਲੇ ਇੱਕ ਵਿਅਕਤੀ ਦਾ ਅਣਪਛਾਤੇ ਵਿਅਕਤੀਆਂ ਨੇ ਲੁੱਟ ਦੀ ਨੀਤ ਨਾਲ ਕਤਲ ਕਰ ਦਿੱਤਾ ਅਤੇ ਲਾਸ਼ ਨੂੰ ਥਾਣੇ ਅੱਗੇ ਬਣੀ ਦੁਕਾਨ ਦੇ ਬਾਹਰ ਸੁੱਟ ਦਿੱਤੀ। ਮ੍ਰਿਤਕ ਦੀ ਪਛਾਣ ਗੋਪੀ ਰਾਮ ਪੁੱਤਰ ਰੂਪਾ ਰਾਮ ਵਾਸੀ ਵਾਰਡ ਨੰਬਰ 11 ਵਜੋਂ ਹੋਈ ਹੈ।

ਪਰਵਾਰਕ ਮੈਂਬਰਾਂ ਅਨੁਸਾਰ ਗੋਪੀ ਰਾਮ ਕੱਲ੍ਹ ਜੁੱਤੀਆਂ ਗੰਢਣ ਲਈ ਦੁਕਾਨ ਉੱਤੇ ਗਿਆ ਸੀ, ਪਰ ਵਾਪਸ ਨਹੀਂ ਆਇਆ। ਪਰਵਾਰ ਨੇ ਇਸ ਦੀ ਸੂਚਨਾ ਪੁਲਸ ਨੂੰ ਦਿੱਤੀ। ਗੋਪੀ ਰਾਮ ਸ਼ਾਮ ਤੋਂ ਲਾਪਤਾ ਸੀ ਤੇ ਉਨ੍ਹਾਂ ਨੂੰ ਸ਼ੱਕ ਸੀ ਕਿ ਉਸ ਨੂੰ ਲੁੱਟ ਦੀ ਨੀਤ ਨਾਲ ਲੁਟੇਰਿਆਂ ਨੇ ਅਗਵਾ ਕੀਤਾ ਸੀ। ਕੱਲ੍ਹ ਤੜਕੇ ਗੋਪੀ ਦੇ ਕਤਲ ਦੀ ਜਾਣਕਾਰੀ ਮਿਲਣ ਮਗਰੋਂ ਉਹ ਮੌਕੇ ਉੱਤੇ ਪੁੱਜੇ। ਪਰਵਾਰ ਨੇ ਦੱਸਿਆ ਕਿ ਗੋਪੀ ਨੇ ਬੀਤੀ ਸ਼ਾਮ ਕਮੇਟੀਆਂ ਦੇ ਕੁਝ ਪੈਸੇ ਇਕੱਠੇ ਕੀਤੇ ਸਨ, ਜੋ ਦੋ ਲੱਖ ਦੇ ਕਰੀਬ ਬਣਦੇ ਸਨ। ਉਨ੍ਹਾਂ ਦੱਸਿਆ ਕਿ ਲੁਟੇਰੇ ਇਹ ਰਕਮ ਲੁੱਟਣ ਮਗਰੋਂ ਗੋਪੀ ਰਾਮ ਦਾ ਕਤਲ ਕਰ ਕੇ ਉਸ ਦੀ ਲਾਸ਼ ਥਾਣੇ ਦੇ ਸਾਹਮਣੇ ਦੁਕਾਨ ਅੱਗੇ ਸੁੱਟ ਗਏ।

## ਅਮਰੀਕਾ ਵਿੱਚ 50 ਤੋਂ ਘੱਟ ਉਮਰ ਦੇ ਜੋੜੇ ਬੱਚੇ ਪੈਦਾ ਨਹੀਂ ਕਰਨਾ ਚਾਹੁੰਦੇ

ਵਾਸ਼ਿੰਗਟਨ, 24 ਨਵੰਬਰ (ਪੋਸਟ ਬਿਊਰੋ)- ਅਮਰੀਕਾ ਵਿੱਚ 50 ਸਾਲ ਤੋਂ ਘੱਟ ਉਮਰ ਦੇ ਜੋੜੇ ਬੱਚਿਆਂ ਨੂੰ ਜਨਮ ਨਹੀਂ ਦੇਣਾ ਚਾਹੁੰਦੇ। ਉਨ੍ਹਾਂ ਦਾ ਮੰਨਣਾ ਹੈ ਕਿ ਬੱਚਿਆਂ ਦੇ ਜਨਮ ਨਾਲ ਉਨ੍ਹਾਂ ਦਾ ਭਵਿੱਖ ਹਨੇਰਾ ਹੋ ਸਕਦਾ ਹੈ।

ਪਿਊ ਰਿਸਰਚ ਸੈਂਟਰ ਦੇ ਸਰਵੇਖਣ ਮੁਤਾ-ਬਕ 18 ਤੋਂ 49 ਸਾਲ ਦੇ 44 ਫੀਸਦੀ ਜੋੜਿਆਂ ਨੇ ਕਿਹਾ ਕਿ ਉਹ ਬੱਚੇ ਨਹੀਂ ਚਾਹੁੰਦੇ। ਇਹ ਅੰਕੜਾ 2018 ਦੇ ਮੁਕਾਬਲੇ 7 ਫੀਸਦੀ ਵੱਧ ਹੈ। ਇੱਕ ਰਿਪੋਰਟ ਦੇ ਮੁਤਾਬਕ ਜੋੜਿਆਂ ਵਿੱਚ ਬੱਚੇ ਪੈਦਾ ਕਰਨ ਦੀ ਧਾਰਣਾ ਬਦਲ ਰਹੀ ਹੈ ਕਿਉਂਕਿ ਵਿਅਕਤੀਆਂ ਦੀ ਵਧਦੀ ਗਿਣਤੀ ਇਸ ਲਈ ਕਈ ਕਾਰਨਾਂ ਦਾ ਹਵਾਲਾ ਦਿੰਦੀ ਹੈ। ਬੀਤੀ 18 ਅਕਤੂਬਰ ਤੋਂ 24 ਅਕਤੂਬਰ ਤਕ 3,866 ਅਮਰੀਕੀ ਨੌਜਵਾਨਾਂ ਉੱਤੇ ਇਹ ਸਰਵੇਖਣ ਕੀਤਾ ਗਿਆ। ਗੈਰ-ਪੈਰੇਂਟਸ ਵਰਗ ਦੇ ਅੱਧੇ ਤੋਂ ਵੱਧ ਲੋਕਾਂ ਨੇ ਕਿਹਾ ਕਿ ਉਹ ਬੱਚੇ ਨਹੀਂ ਚਾਹੁੰਦੇ, ਜਦਕਿ 43 ਫੀਸਦੀ ਨੇ ਇਸ ਦੇ ਹੋਰ ਕਾਰਨ ਵੀ ਦੱਸੇ। ਮੈਡੀਕਲ ਅਤੇ ਵਿੱਤੀ ਚਿੰਤਾਵਾਂ ਕ੍ਰਮਵਾਰ 19 ਅਤੇ 17 ਫੀਸਦੀ ਦੇ ਨਾਲ ਸੂਚੀ ਵਿਚ ਸਭ ਤੋਂ ਉਪਰ ਹਨ। ਲੱਗਭਗ 9 ਫੀਸਦੀ ਲੋਕਾਂ ਨੇ ਦਾਅਵਾ ਕੀਤਾ ਕਿ ਦੁਨੀਆ ਦੀ ਸਥਿਤੀ ਨੇ ਉਨ੍ਹਾਂ ਨੂੰ ਬੱਚੇ ਪੈਦਾ ਕਰਨ ਲਈ ਤਿਆਰ ਨਹੀਂ ਕੀਤਾ, ਜਦਕਿ 2 ਫੀਸਦੀ ਨੇ ਕਿਹਾ ਕਿ ਉਨ੍ਹਾਂ ਦੇ ਪਾਰਟਨਰ ਬੱਚੇ ਨਹੀਂ ਚਾਹੁੰਦੇ। ਮਰਦਾਂ ਅਤੇ ਔਰਤਾਂ ਦੀ ਬਰਾਬਰ-ਬਰਾਬਰ ਸੰਭਾਵਨਾ ਹੈ ਕਿ ਉਨ੍ਹਾਂ ਦੇ ਬੱਚੇ ਨਹੀਂ ਹੋਣਗੇ। ਮਾਤਾ-ਪਿਤਾ ਨੇ ਕਿਹਾ ਕਿ ਉਨ੍ਹਾਂ ਦੇ ਵੱਧ ਬੱਚੇ ਨਾ ਹੋਣ ਦਾ ਮੁੱਖ ਕਾਰਨ ਇਹ ਸੀ ਕਿ ਉਹ ਹੋਰ ਬੱਚੇ ਨਹੀਂ ਚਾਹੁੰਦੇ। ਦੂਸਰੇ ਪਾਸੇ ਉਮਰ ਨੂੰ ਸਾਰਿਆਂ ਵੱਲੋਂ ਦੂਸਰੇ ਸਭ ਤੋਂ ਅਹਿਮ ਕਾਰਨ ਦੇ ਰੂਪ ਵਿੱਚ ਮਾਨਤਾ ਦਿੱਤੀ ਗਈ ਸੀ। ਰੋਗ ਕੰਟਰੋਲ ਤੇ ਰੋਕਥਾਮ ਕੇਂਦਰ (ਸੀ ਡੀ ਸੀ) ਮੁਤਾਬਕ 2020 ਵਿੱਚ ਸਿਰਫ਼ 3.6 ਮਿਲੀਅਨ ਬੱਚਿਆਂ ਦਾ ਜਨਮ ਹੋਇਆ, ਜੋ 4 ਫੀਸਦੀ ਦੀ ਕਮੀ ਨਾਲ 1973 ਤੋਂ ਬਾਅਦ ਤੋਂ ਸਭ ਤੋਂ ਵੱਡੀ ਗਿਰਾਵਟ ਹੈ। ਕੋਵਿਡ ਨੂੰ ਰਾਸ਼ਟਰੀ ਐਮਰਜੈਂਸੀ ਐਲਾਨ ਕਰਨ ਦੇ 9 ਮਹੀਨਿਆਂ ਬਾਅਦ ਜਨਮ ਦਰ 'ਚ ਅਮਰੀਕਾ ਵਿੱਚ 8 ਫੀਸਦੀ ਦੀ ਗਿਰ-ਾਵਟ ਆਈ ਹੈ। ਵਾਲ ਸਟ੍ਰੀਟ ਜਰਨਲ ਮੁਤਾਬਕ ਕਹਿਰ ਤੋਂ ਬਾਅਦ ਤੋਂ ਸੰਯੁਕਤ ਰਾਜ ਵਿੱਚ ਘਰੇਲੂ ਆਮਦਨ ਵਿੱਚ ਵੀ ਗਿਰਾਵਟ ਦਰਜ ਕੀਤੀ ਗਈ ਹੈ।

## ਦਿਮਾਗੀ ਪ੍ਰੇਸ਼ਾਨੀ ਕਾਰਨ ਨੌਜਵਾਨ ਨੇ ਖੁਦ ਨੂੰ ਗੋਲੀ ਮਾਰ ਲਈ

ਜਲੰਧਰ, 23 ਨਵੰਬਰ (ਪੋਸਟ ਬਿਊਰੋ)- ਦਿਮਾਗੀ ਪ੍ਰੇਸ਼ਾਨੀ ਦੇ ਕਾਰਨ ਇੱਕ ਨੌਜਵਾਨ ਨੇ ਆਪਣੇ ਆਪ ਨੂੰ ਗੋਲੀ ਮਾਰ ਕੇ ਗੰਭੀਰ ਜ਼ਖ਼ਮੀ ਕਰ ਲਿਆ, ਜਿਸ ਦਾ ਨਿੱਜੀ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ। ਨੌਜਵਾਨ ਦੀ ਪਛਾਣ ਅਰਵਿੰਦਰ ਸਿੰਘ (21) ਪੁੱਤਰ ਸਤਨਾਮ ਸਿੰਘ ਵਾਸੀ ਪਿੰਡ ਅਮੀਵਾਲਾ ਮੱਖੂ ਜੀਰਾ ਫਿਰੋਜ਼ਪੁਰ ਵਜੋਂ ਦੱਸੀ ਗਈ ਹੈ।

ਥਾਣਾ ਮੱਖੀ ਅਜਾਇਬ ਸਿੰਘ ਔਜਲਾ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਕਿ ਵਰਕਸ਼ਾਪ ਚੌਕ,ਜਲੰਧਰ ਨੇੜੇ ਕਾਰ ਵਿੱਚ ਬੈਠੇ ਇੱਕ ਨੌਜਵਾਨ ਨੇ ਆਪਣੀ ਛਾਤੀ ਵਿੱਚ ਗੋਲੀ ਮਾਰ ਲਈ ਹੈ ਤੇ ਉਹ ਨਿੱਜੀ ਹਸਪਤਾਲ ਵਿੱਚ ਦਾਖ਼ਲ ਹੈ। ਉਨ੍ਹਾਂ ਵੱਲੋਂ ਕੀਤੀ ਜਾਂਚ ਵਿੱਚ ਪਤਾ ਲੱਗਾ ਕਿ ਅਰਵਿੰਦਰ ਸਿੰਘ ਜਲੰਧਰਤੋਂ ਆਈਲੈਟਸ ਦਾ ਕੋਰਸ ਕਰ ਰਿਹਾ ਹੈ। ਉਹ ਕੁਝ ਦਿਨਾਂ ਤੋਂ ਦਿਮਾਗੀ ਤੌਰ ਉੱਤੇ ਪ੍ਰੇਸ਼ਾਨ ਸੀ। ਕੱਲ੍ਹ ਸਵੇਰੇ ਕਰੀਬ 10.30 ਵਜੇ ਉਹ ਆਪਣੀ ਕਾਰ ਵਿੱਚ ਵਰਕਸ਼ਾਪ ਚੌਕ ਨੇੜੇ ਪਹੁੰਚਿਆ ਤੇ ਅਚਾਨਕ ਉਸ ਨੇ ਆਪਣੇ ਪਿਤਾ ਦੇ ਲਾਇਸੈਂਸੀ 32 ਬੋਰ ਦੇ ਪਿਸਤੌਲ ਨਾਲ ਆਪਣੀ ਛਾਤੀ ਵਿੱਚ ਗੋਲੀ ਮਾਰ ਲਈ। ਗੋਲੀ ਉਸ ਦੇ ਸੱਜੇ ਪਾਸੇ ਲੱਗੀ ਅਤੇ ਸਰੀਰ ਦੇ ਆਰ-ਪਾਰ ਹੋ ਗਈ। ਥਾਣਾ ਮੁੱਖੀ ਨੇ ਦੱਸਿਆ ਕਿ ਅਰਵਿੰਦਰ ਸਿੰਘ ਦਾ ਇਲਾਜ ਚੱਲ ਰਿਹਾ ਹੈ ਤੇ ਉਹ ਖ਼ਤਰੇ ਤੋਂ ਬਾਹਰ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਬਣਦੀ ਅਗਲੇਰੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

ਖਿੜਕੀਆਂ ਅਤੇ ਦਰਵਾਜੇ ਲਗਵਾਓ Free Estimates
ਵਨਾਈਲ ਅਤੇ ਐਲੂਮੀਨੀਅਮ ਵਿੰਡੋਜ਼,
ਸਟੋਰਮ ਡੋਰ, ਕਲੋਸੈਟ ਡੋਰ ਮਿਰਰਜ਼,
ਪੋਰਚ ਐਨਕਲੋਜ਼ਡ, ਮੇਨ ਐਂਟਰੈਂਸ ਡੋਰ,
ਹਰ ਤਰਾਂ ਦਾ ਗਲਾਸ ਰਿਪਲੇਸਮੈਂਟ
ਅਸੀਂ ਪੇਂਟ ਵੀ ਕਰਦੇ ਹਾਂ
24 ਘੰਟੇ ਤੁਹਾਡੀ ਸੇਵਾ ਵਿੱਚ
CANADIAN GLASS AND WINDOW
SINGH (TOCHI)
416-454-3031
647-784-8240
Email: tochisangha1@hotmail.com

ਜ਼ਰੂਰ ਜਾਣੋ; ਗਿਆਨ ਗੰਗਾ
॥ ਜੀਵ ਹਮਾਰੀ ਜਾਤੀ ਹੈ, ਮਾਨਵ ਧਰਮ ਹਮਾਰਾ । ਹਿੰਦੂ, ਮੁਸਲਿਮ, ਸਿੱਖ, ਇਸਾਈ, ਧਰਮ ਨਹੀਂ ਕੋਈ ਨਿਆਰਾ ॥
- ਬ੍ਰਹਮਾ, ਵਿਸ਼ਨੂੰ, ਮਹੇਸ਼ ਦੇ ਮਾਤਾ-ਪਿਤਾ ਕੌਣ ਹਨ ?
- ਸ਼ੇਰਾਂਵਾਲੀ ਮਾਤਾ (ਦੁਰਗਾ ਅਸ਼ਟਾਂਗੀ) ਦਾ ਪਤੀ ਕੌਣ ਹੈ ?
- ਸਾਨੂੰ ਜਨਮ ਦੇਣ ਤੇ ਮਾਰਣ ਵਿੱਚ ਕਿਸ ਪ੍ਰਭੂ ਦਾ ਸਵਾਰਥ ਹੈ ?
- ਅਸੀਂ ਸਾਰੇ ਦੇਵੀ-ਦੇਵਤਿਆਂ ਦੀ ਇੰਨੀ ਭਗਤੀ ਕਰਦੇ ਹਾਂ, ਫਿਰ ਵੀ ਦੁੱਖੀ ਕਿਉਂ ਹਾਂ ?
- ਬ੍ਰਹਮਾਂ, ਵਿਸ਼ਨੂੰ, ਮਹੇਸ਼ ਕਿਸਦੀ ਭਗਤੀ ਕਰਦੇ ਹਨ ?
- ਪੂਰਨ ਸੰਤ ਦੀ ਪਹਿਚਾਣ ਕੀ ਹੈ ? 'ਤੇ ਮੋਕਸ਼ ਕਿਵੇਂ ਮਿਲੇਗਾ ?
- ਪਰਮਾਤਮਾ ਸਾਕਾਰ ਹੈ ਜਾਂ ਨਿਰਾਕਾਰ ?
- ਕਿਸੀ ਵੀ ਗੁਰੂ ਦੀ ਸ਼ਰਨ ਵਿੱਚ ਜਾਣ ਨਾਲ ਮੁਕਤੀ ਸੰਭਵ ਹੈ ਜਾਂ ਨਹੀਂ ?
- ਤੀਰਥ, ਵਰਤ, ਤਰਪਣ ਅਤੇ ਸ਼ਰਾਧ ਨਿਕਾਲਣ ਨਾਲ ਕੋਈ ਲਾਭ ਹੈ ਜਾਂ ਨਹੀਂ (ਗੀਤਾ ਅਨੁਸਾਰ) ?
- ਸ਼੍ਰੀ ਕ੍ਰਿਸ਼ਨ ਜੀ ਕਾਲ ਨਹੀਂ ਹਨ । ਫਿਰ ਗੀਤਾ ਵਾਲਾ ਕਾਲ ਕੌਣ ਹੈ ?
- ਕੌਣ ਅਤੇ ਕਿਵੇਂ ਹੈ ? ਕਿੱਥੇ ਰਹਿੰਦਾ ਹੈ ? ਕਿਵੇਂ ਮਿਲਦਾ ਹੈ ? ਕਿਸ ਨੇ ਦੇਖਿਆ ਹੈ ਪੂਰਨ ਪਰਮਾਤਮਾ ?
- ਸਮਾਧੀ ਅਭਿਆਸ (Meditation) ਰਾਮ, ਹਰੇ ਕ੍ਰਿਸ਼ਣ, ਹਰੀ ਓਮ, ਹੰਸ, ਤਿੰਨ ਤੇ ਪੰਜ ਨਾਮਾਂ ਅਤੇ ਵਾਹਿਗੁਰੂ ਆਦਿ-2 ਨਾਮਾਂ ਦੇ ਜਾਪ ਤੋਂ ਸੁੱਖ ਅਤੇ ਮੁਕਤੀ ਸੰਭਵ ਹੈ ਜਾਂ ਨਹੀਂ?
ਗਿਆਨ ਗੰਗਾ
ਇਨ੍ਹਾਂ ਸਾਰੇ ਪ੍ਰਸ਼ਨਾਂ ਦੇ ਉੱਤਰ ਜਾਣਨ ਲਈ ਕ੍ਰਿਪਾ ਕਰਕੇ ਪੜ੍ਹੋ ਪੁਸਤਕ ਗਿਆਨ ਗੰਗਾ ਜਾਂ ਡਾਊਨਲੋਡ ਕਰੋ: www.jagatgururampalji.org
IPTV ਦੁਆਰਾ ਸਤਸੰਗ ਦੇਖੋ
Sadhna : 11:00 Am - 12:00 PM
Ishwar : 10:00 Am- 11:00 AM
MH One: 4:30 AM- 5:30 AM
Lok Shahi: 8:25 AM - 9:25 AM
Nepal 1: 8:30 PM -9:30 PM
Subharti : 10:30 AM- 11:30 AM
ਜਨ ਤੰਤਰ: 7:30 PM - 8:30 PM
ਗਿਆਨ ਗੰਗਾ ਪੁਸਤਕ ਦੇ ਆਰਡਰ ਜਾਂ ਸਤਸੰਗ ਦੀ ਜਾਣਕਾਰੀ ਲਈ ਸੰਪਰਕ ਕਰੋ:
satlokashramcanada@gmail.com
satsahibusa@gmail.com
647-739-4641
346-714-0224

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS
uktruck1@gmail.com
Jitpal Singh Deol
647-204-1936

BEST CANADIAN TRUCK & FORKLIFT TRAINING CENTRE
Registered as a Private Career College Under the Private Career College Act. 2005
BEST CANADIAN TRUCK & FORKLIFT TRAINING CENTRE
AZ Tractor trailer program
Manual transmission & backup training everyday
We welcome welfare workers & compensation clients
Open Seven Days
Forklift Re-Certification Only $79.00/-
Karnail Singh
416.670.3173 | 905.799.7333
27 Edvac Dr, Brampton, ON L6S 5X8

# ਗੁਰੂ ਨਾਨਕ ਦਾ ਅਸਲੀ ਗੁਰਪੁਰਬ ਦਿਹਾੜਾ ਕਿਹੜਾ ?

ਸਾਰੇ ਸਿੱਖ ਸਮਾਜ ਨੇ, ਦਿੱਲੀ ਅਤੇ ਅੰਮ੍ਰਿਤਸਰ ਕਮੇਟੀ ਨੇ, ਟੀ.ਵੀ ਅਤੇ ਰੇਡੀਓ ਵਾਲਿਆਂ ਨੇ, ਬਾਹਰਲੇ ਮੁਲਕਾਂ ਵਾਲੇ ਗੁਰਦਵਾਰਿਆਂ ਤੇ ਸੱਜਣਾਂ ਮਿਤਰਾਂ ਅਤੇ ਨਾ-ਵਾਕਫ ਲੋਕਾਂ ਨੇ ਵੀ ਇਕ ਦੂਜੇ ਨੂੰ ਗੁਰਪੁਰਬ ਦੀਆਂ ਵਧਾਈਆਂ ਦਿੱਤੀਆਂ। ਅਤਸ਼ਬਾਜ਼ੀ ਚਲਾਈ ਗਈ, ਵਾਤਾਵਰਣ ਖਰਾਬ ਕੀਤਾ ਗਿਆ, ਅਖੰਡ-ਪਾਠ ਖੋਲ੍ਹੇ ਗਏ, ਕੀਤੇ ਗਏ ਅਤੇ ਕਰਾਏ ਗਏ, ਹੋਰ ਲੁੱਟ ਲਈ ਸੰਪਟ-ਪਾਠ ਵੀ ਕੀਤੇ ਗਏ, ਪ੍ਰਸ਼ਾਦ ਵੰਡਿਆ ਗਿਆ ਤੇ ਖਾਧਾ ਗਿਆ, ਲੰਗਰ ਲਾਏ ਗਏ ਤੇ ਖਾਧੇ ਗਏ, ਟਕਸਾਲੀਆਂ ਨੇ 18-18 ਮੀਟਰ ਦੇ ਕਛਿਹਰੇ ਸਿਵਾਏ ਤੇ ਵੰਡੇ, ਨਾਨਕਸਰੀਆਂ ਦੀ ਝੂਠ ਦੀ ਦੁਕਾਨ ਨੇ ਤਾਂ ਹੱਦ ਹੀ ਕਰ ਦਿੱਤੀ ਜਦੋਂ ਬਾਬੇ ਨੰਦ ਸਿੰਘ ਦੀ ਆਦਮ ਕੱਦ ਦੀ ਫੋਟੋ ਦੀ ਪੂਜਾ ਕੀਤੀ ਗਈ, ਕਵਿਤਾਵਾਂ ਤੇ ਲੇਖ ਵੀ ਪੜ੍ਹੇ ਗਏ ਪਰ ਕੀ ਕਿਸੇ ਨੇ ਹੌਸਲੇ ਨਾਲ ਇਹ ਗੱਲ ਵੀ ਕਰਨ ਦੀ ਕੋਸ਼ਿਸ਼ ਕੀਤੀ ਕਿ ਅੱਜ ਬਾਬਾ ਜੀ ਦਾ ਜਨਮ ਦਿਨ ਨਹੀਂ? ਰਸਮੋ ਰਸਮੀ ਮੇਰੇ ਇਕ ਜਾਣਕਾਰ ਮਿੱਤਰ ਰੇਡੀਓ ਵਾਲੇ ਨੇ ਵੀ 'ਸਿਰੀ ਅਖੰਡ-ਪਾਠ ਸਾਹਿਬ ਜੀ' ਦਾ ਰੇਡੀਓ ਤੋਂ ਸਿੱਧਾ ਪ੍ਰਸਾਰਣ ਕੀਤਾ, ਕਿਉਂਕਿ ਇਹ ਉਸਦਾ ਵਪਾਰ ਹੈ। ਪਰ ਕੀ ਖੱਟਿਆ ਕੀ ਕਮਾਇਆ ਇਸ ਬਾਰੇ ਸ਼ਾਇਦ ਹੀ ਕਿਸੇ ਸਿਆਣੇ ਵਿਅਕਤੀ ਨੇ ਸੋਚਿਆ ਹੋਵੇ। ਕਿਉਂਕਿ 'ਜਸਵੰਤ ਜਫਰ' ਜੀ ਦੀ ਕਵਿਤਾ ਮੁਤਾਬਕ ਤਾਂ ਅਸੀਂ ਅਸਲੀ ਨਾਨਕ ਦਾ ਧਿਆਨ ਧਰਨ ਤੋਂ ਵੀ ਡਰਦੇ ਹਾਂ, ਨਾਨਕ ਤੋਂ ਸਿੱਖਿਆ ਲੈਣੀ ਤਾਂ ਦੂਰ ਦੀ ਗੱਲ ਹੈ।

ਜਸਵੰਤ ਜਫਰ ਜੀ ਲਿਖਦੇ ਹਨ, " ਲੰਬੇ ਪੈਂਡੇ ਦੀ ਧੂੜ ਨਾਲ ਲੱਥ-ਪੱਥ ਪਿੰਜਣੀਆਂ, ਲੰਮੇ ਸਫਰ ਕਰਕੇ ਪਾਟੀਆਂ ਅੱਡੀਆਂ, ਹਨੇਰੀ ਨਾਲ ਉਲਝੀ ਹੋਈ ਖੁਸ਼ਕ ਦਾਹੜੀ, ਬਰਫੀਲੀਆਂ ਹਵਾਵਾਂ ਨਾਲ ਝੰਬੀ ਹੋਈ ਚਿਹਰੇ ਦੀ ਪਕਰੋੜ ਚਮੜੀ 'ਤੇ ਪਕਰੋੜ ਚਮੜੀ ਵਿਚ ਉਭਰੀਆਂ ਹੋਈਆਂ ਦੋ ਉੱਚੀਆਂ ਹੱਡੀਆਂ, ਉੱਚੀਆਂ ਹੱਡੀਆਂ ਵਿਚ ਬੇਖੌਫ ਚਮਕਦੀਆਂ ਦੋ ਅੱਖਾਂ ਜੋ ਸਮਾਜ ਨੂੰ, ਸਰਕਾਰ ਨੂੰ 'ਤੇ ਹਰ ਕਿਸਮ ਦੇ ਰੀਤੀ ਰਵਾਜ ਨੂੰ ਟਿੱਚ ਕਰਕੇ ਜਾਣਦੀਆਂ ਹਨ। ਇਨ੍ਹਾਂ ਖਤਰਨਾਕ ਅੱਖਾਂ ਦਾ ਧਿਆਨ ਧਰਨਾ ਸਾਨੂੰ ਮਾਫਕ ਨਹੀਂ। ਸਾਨੂੰ ਤਾਂ ਸੋਭਾ ਸਿੰਘੀ ਬਾਬਾ, ਜਿਸਦੇ ਲਕਸ਼ਮੀ ਦੇਵੀ ਵਾਂਗੂ ਲਾਲ ਸੁਰਖ ਟਿਪਸੀ ਹੋਠ, ਗੋਲ ਮਟੋਲ ਮੁਲਾਇਮ ਗੱਲ੍ਹਾਂ, ਰੇਸ਼ਮੀ ਬਸਤਰ ਤੇ ਬਖਸ਼ਿਸ਼ਾਂ ਦਿੰਦਾ ਅਰਸ਼ੀ ਹੱਥ ਹੀ ਪਸੰਦ ਹੈ। ਸਾਨੂੰ ਤਾਂ ਚਾਹੀਦੀਆਂ ਹਨ ਦਾਤਾਂ ਤੇ ਵੱਧਦੀਆਂ ਵੇਲਾਂ, ਸੁੱਖ ਸ਼ਾਂਤੀ ਤੇ ਪੈਸਾ।

ਅਸਲੀ ਨਾਨਕ ਸਾਡੇ ਵਾਸਤੇ ਖਤਰਨਾਕ ਸਿੱਧ ਹੋ ਸਕਦਾ ਹੈ, ਸਾਡੇ ਘਰ ਢੁਆ ਸਕਦਾ ਹੈ ਤੇ ਨਾਲੇ ਪੁੱਤ ਮਰਵਾ ਸਕਦਾ ਹੈ" । ਕਤਕ ਦੀ ਪੂਰਨਮਾਸ਼ੀ ਨੂੰ ਗੁਰਪੁਰਬ ਮਨਾਉਣਾ ਇਹ ਸਾਬਤ ਕਰਦਾ ਹੈ ਕਿ ਗੁਰੂ ਨਾਨਕ ਪਿਤਾ ਦੇ ਅਕਾਲ ਚਲਾਣਾ ਕਰਨ ਤੋਂ 120 ਸਾਲ ਬਾਅਦ ਲਿਖੀ ਗਈ ਭਾਈ ਬਾਲੇ ਵਾਲੀ ਸਾਖੀ, ਜਿਸ ਨੂੰ ਪ੍ਰੋ. ਐਸ.ਐਸ. ਪਦਮ ਜੀ 'ਬਾਲਾ ਬਲੱਫ' ਦਾ ਨਾਮ ਦਿੰਦੇ ਹਨ, ਵਿਚ ਫਸੇ ਹੋਏ ਹੀ ਅਸੀਂ ਧੰਦਾ ਪਿਟ ਰਹੇ ਹਾਂ। ਗੁਰੂ ਨਾਨਕ ਵਾਕ: "ਧੰਧਾ ਪਿਟਿਹੁ ਭਾਈਹੋ ਤੁਮ੍ ਕੂੜ ਕਮਾਵਹੁ"॥ 'ਜੰਡਿਆਲਾ ਗੁਰੂ ਕਾ' ਦਾ ਮਸੰਦ ਹੰਦਾਲ, ਜਿਸਦਾ ਜਨਮ ਵੈਸਾਖ ਪੂਰਨਮਾਸ਼ੀ ਸੰਮਤ 1630 ਹੈ, ਦੀ ਮੌਤ ਤੋਂ ਬਾਅਦ ਉਸ ਦੀ ਉਲਾਦ ਬਾਲ ਚੰਦ ਅਤੇ ਬਿਧੀ ਚੰਦ ਹੀ ਇਸ ਕੂੜ ਦੇ ਪੋਥੇ ਦੇ ਘੜਨਹਾਰੇ ਹਨ। ਬਾਲ ਚੰਦ ਦੀ ਮੌਤ ਤੋਂ ਬਾਅਦ ਛੋਟੇ ਭਾਈ ਬਿਧੀ ਚੰਦ ਨੇ ਹੀ ਅਸਲ 'ਚ ਆਪਣੇ ਵੱਡੇ ਭਰਾ ਬਾਲ ਚੰਦ ਨੂੰ ਭਾਈ ਬਾਲਾ ਬਣਾ ਕੇ ਗੁਰੂ ਨਾਨਕ ਦਾ ਸਮਕਾਲੀ ਤੇ ਹਮਸਫਰੀ ਬਣਾ ਕੇ ਸਾਰਾ ਕਾਰਾ ਕੀਤਾ। ਲਿਖਾਰੀ ਹੈ ਗੋਰਖ ਦਾਸ ਤੇ ਸਲਾਹਕਾਰ ਹੈ ਲਾਲਾ ਪੰਨੂੰ ਜਿਨ੍ਹਾਂ ਨੇ ਰੜੇ ਲਹੌਰ ਵਿਚ ਇਹ ਜਨਮ ਸਾਖੀ ਤਿਆਰ ਕੀਤੀ ਅਤੇ ਓਸ ਵੇਲੇ ਕਰੋੜਾਂ ਰੁਪੈ ਦੀ ਲਾਗਤ ਨਾਲ ਸਾਰੇ ਮਹੱਤਵ ਪੂਰਨ ਸਿੱਖ ਧਰਮ ਅਸਥਾਨਾਂ 'ਤੇ 28-28 ਰੰਗੀਨ ਚਿੱਤਰਾਂ ਨਾਲ ਸ਼ਿੰਗਾਰ ਕੇ "ਜਨਮ ਸਾਖੀ ਭਾਈ ਬਾਲਾ" ਭੇਜੀ ਗਈ ਅਤੇ ਜੋ ਵੀ ਪੁਰਾਣੀਆਂ ਜਨਮ ਸਾਖੀਆਂ, ਉਪਲੱਬਧ ਹੋਈਆਂ, ਨੂੰ ਨਸ਼ਟ ਕਰਨ ਦਾ ਜ਼ਿੰਮਾ ਵੀ ਆਪਣੇ ਸਿਰ ਲਿਆ।

ਅਸਲ ਨੂੰ ਨਸ਼ਟ ਕਰਨ ਨਾਲ ਹੀ ਨਕਲ ਟਿਕ ਸਕਦਾ ਹੈ। ਬਾਲਾ-2 ਰੂਪਾਂਤਰ ਵਾਲੇ ਖਰੜੇ ਦੇ ਅਖੀਰ ਤੇ ਦਰਜ ਹੈ: ਸਮੰਤੁ॥ 1715॥ਮਾਘ ਸੁਦੀ॥6 ਪੋਥੀ ਲਿਖੀ ਗੁਰ ਪ੍ਰਸਾਦਿ ਗੋਰਖ ਦਾਸ ਸੰਗਤ ਗੁਰੂ ਕਾ ਜਾਚਕ॥ ਵਾਹਗੁਰੂ ਸਤਿਗੁਰੂ ਜੀ॥ ਜੇ ਕਿਸੇ ਨੇ ਇਸ ਗੱਲ ਦੀ ਪੁਸ਼ਟੀ ਕਰਨੀ ਹੋਵੇ ਤਾਂ ਸੈਂਟਰਲ ਸਟੇਟ ਲਾਇਬਰੇਰੀ ਪਟਿਆਲਾ ਵਿਚ, ਜਨਮ ਸਾਖੀ ਭਾਈ ਬਾਲਾ, ਪਟਿਆਲਾ 1987, ਪੰਨੇ 151 ਤੇ 463 । ਅਤੇ; ਹਾਸਲ ਬਹੁਤ ਖਰਚ ਕਛੁ ਨਾਹੀ ਕਰੇ ਤਗੀਰ ਨ ਕੋਈ॥ ਨਾਨਕ ਐਸੀ ਉਮਦੀ ਖਿਜਮਤਿ ਬਿਨਾ ਭਾਗ ਕਿਉਂ ਹੋਈ॥4॥ ਓਹੀ ਪੰਨਾ 463॥ ਕਰ ਸਕਦਾ ਹੈ। ਸਭ ਤੋਂ ਪਹਿਲਾਂ ਇਹ ਦੇਖੀਏ ਕਿ ਅਵਤਾਰ ਧਾਰਣਾ ਦਾ ਕੀ ਮਤਲਬ ਹੈ। ਕਿਉਂਕਿ ਜੇਕਰ ਇਹ ਲਿਖ ਦਿੱਤਾ ਜਾਵੇ ਕਿ ਬਾਬਾ ਜੀ ਦਾ ਜਨਮ ਦਿਨ ਵੈਸਾਖ ਦਾ ਹੈ, ਤਾਂ ਕਈ ਮੂੜ੍ਹ ਮੱਤੀਏ ਗਲ ਨੂੰ ਆਉਂਦੇ ਹਨ। ਮਹਾਨ ਕੋਸ਼ ਦੇ ਪੰਨਾ 88 ਮੁਤਾਬਕ: ਅਵਤਾਰ ਧਾਰਣਾ ਦੇ ਕਈ ਸਾਰੇ ਮਤਲਬ ਹਨ। ਸੰਗਯਾ- ਜਨਮ, ਜਨਮ ਗ੍ਰਿਹਣ, ਜਨਮ ਧਾਰਣਾ, ਉਤਰਨਾ, ਹੇਠ ਆਉਣ ਦੀ ਕ੍ਰਿਆ, ਪੁਰਾਣਮੱਤ ਅਨੁਸਾਰ ਕਿਸੇ ਦੇਵਤਾ ਦਾ ਕਿਸੇ ਦੇਹ ਵਿਚ ਪ੍ਰਗਟ ਹੋਣਾ, ਚੌਬੀਸ ਅਵਤਾਰ ਅਤੇ ਦਸ ਅਵਤਾਰ, " ਅਵਤਾਰ ਨ ਜਾਨਹਿ ਅੰਤ॥ ਪਰਮੇਸਰ ਪਾਰਬ੍ਰਹਮ ਬੇਅੰਤ॥ ਗੁਰਬਾਣੀ ਦੇ ਕਰਤਿਆਂ ਨੇ ਆਪਣੀ ਬਾਣੀ ਵਿਚ ਦੇਵਤਾ-ਵਾਦ ਦਾ ਖੰਡਨ ਕੀਤਾ ਪਰ ਅਸੀਂ ਤਾਂ ਗੁਰੂਆਂ ਨੂੰ ਵੀ ਦੇਵਤੇ ਬਣਾ ਕੇ ਹੀ ਛੱਡਣਾ ਹੈ। ਜੇਕਰ 'ਦੇਵਤਾ' ਦੇ ਜਨਮ ਨੂੰ ਅਵਤਾਰ ਧਾਰਣਾ ਪੁਰਾਣਾਂ ਮੁਤਾਬਕ ਠੀਕ ਹੈ ਤਾਂ ਸਾਨੂੰ ਇਹ ਬੋਲੀ ਬਦਲਣ ਦੀ ਲੋੜ ਹੈ। ਹੁਣ ਆਪਾਂ ਕਰਮ ਸਿੰਘ ਹਿਸਟੋਰੀਅਨ ਦੀ ਖੋਜ ਮੁਤਾਬਕ ਗੁਰੂ ਨਾਨਕ ਸਾਹਿਬ ਦੇ ਅਸਲੀ ਜਨਮ ਦਿਨ ਬਾਰੇ ਵਿਚਾਰ ਕਰਦੇ ਹਾਂ। ਗੁਰਪੁਰਬ ਨਿਰਣਯ ਦੇ ਪੰਨਾ 69 ਇਉਂ ਲਿਖਦੇ ਹਨ। (2) ਹੁਣ ਮੈਂ ਵਸਾਖ ਸੁਦੀ ਤਿੰਨ ਸੰਮਤ 1526 ਦੇ ਟਾਕਰੇ ਦੀਆਂ ਈਸਵੀ, ਪਰਵਿਸ਼ਟਾ ਅਤੇ ਹਿਜਰੀ ਤ੍ਰੀਕਾਂ ਲੱਭਦਾ ਹਾਂ: 14 ਮਾਰਚ ਮੰਗਲਵਾਰ ਨੂੰ ਚੇਤ ਸੁਦੀ ਪਹਿਲੀ ਹੈ: "ਗਿਣਤੀਆਂ ਮਿਣਤੀਆਂ ਨੂੰ ਇਸ ਕਰਕੇ ਲਿਖ ਨਹੀਂ ਰਿਹਾ ਕੇ ਲੇਖ ਕਾਫੀ ਲੰਬਾ ਹੋ ਜਾਏਗਾ ਅਤੇ ਮੇਰੇ ਵਰਗੇ ਸਧਾਰਣ ਮਨੁੱਖ ਦੀ ਸਮਝ ਤੋਂ ਵੀ ਪਰੇ ਦੀ ਗੱਲ ਹੈ"। ਅੱਗੇ ਲਿਖਦੇ ਹਨ : ਅਰਥਾਤ ਵਸਾਖ ਸੁਦੀ ਤਿੰਨ ਸੰਮਤ 1526 ਨੂੰ ਸ਼ਨਿਚਰਵਾਰ 15 ਅਪ੍ਰੈਲ ਸੰਨ 1469 ਈ: ਸੀ। 'ਕੱਤਕ ਕਿ ਵਿਸਾਖ' ਕਰਮ ਸਿੰਘ ਹਿਸਟੋਰੀਅਨ ਦੀ ਕਿਤਾਬ ਪਹਿਲੇ ਪਹਿਲ 1930 ਵਿਚ ਛਪੀ। ਭਾਈ ਵੀਰ ਸਿੰਘ ਨੇ ਸਟੇਜ ਤੋਂ ਇਹ ਐਲਾਨ ਕੀਤਾ, "ਕੱਤਕ ਕਿ ਵਿਸਾਖ ਸਿੱਖ ਕੌਮ ਲਈ ਅਤੀਅੰਤ ਕੀਮਤੀ ਸੌਗਾਤ ਹੈ" ਪਰ ਨਾਲ ਦੀ ਨਾਲ ਨਾਟਕੀ ਢੰਗ ਨਾਲ ਇਸ ਕਿਤਾਬ ਦੀ ਵਿਕਰੀ ਬੰਦ ਕਰਵਾ ਦਿੱਤੀ ਤੇ ਜੋ ਵੀ ਕਿਤਾਬ ਮਿਲੀ ਉਸ ਨੂੰ ਜ਼ਬਤ ਕਰ ਲਿਆ ਗਿਆ।



ਧੰਨਵਾਦੀ ਹਾਂ ਹੀਰਾ ਸਿੰਘ ਦਰਦ ਜੀ ਦੇ ਜਿਸ ਨੇ ਸਿਰਦਾਰ ਗੁਰਬਖ਼ਸ਼ ਸਿੰਘ ਬਾਗਬਾਨਪੁਰਾ ਦੀ ਲਾਇਬਰੇਰੀ ਵਿਚੋਂ ਇਕ ਕਾਪੀ ਪ੍ਰਾਪਤ ਕਰਕੇ 1932 ਵਿਚ ਇਸੇ ਕਿਤਾਬ ਨੂੰ ਮੁੜ ਤੋਂ ਪ੍ਰਕਾਸ਼ਤ ਕਰਕੇ ਸਿੱਖ ਕੌਮ ਨੂੰ ਵੱਡਮੁੱਲੀ 'ਸੌਗਾਤ' ਪ੍ਰਾਪਤ ਕਰਵਾਈ। ਇਸ ਕਿਤਾਬ ਦੇ ਪੰਨਾ 122 ਤੇ ਕਰਮ ਸਿੰਘ ਹਿਸਟੋਰੀਅਨ ਜੀ ਲਿਖਦੇ ਹਨ ਕਿ "ਕੱਤਕ ਦਾ ਰਿਵਾਜ (ਮੈਕਾਲਿਫ ਸਾਹਿਬ ਦੇ ਕਥਨ ਅਨੁਸਾਰ) ਗਿਆਨੀ ਸੰਤ ਸਿੰਘ ਜੀ ਨੇ ਪਾਇਆ। ਮਿਸਟਰ ਮੈਕਾਲਿਫ ਕਾਰਨ ਦੱਸਦੇ ਹਨ ਕਿ ਕੱਤਕ ਪੂਰਨਮਾਸ਼ੀ ਨੂੰ ਰਾਮ ਤੀਰਥ ਦਾ ਮੇਲਾ ਹੋਣ ਕਰਕੇ ਸਾਰੇ ਸਿੱਖ ਓਧਰ ਚਲੇ ਜਾਂਦੇ ਸਨ। ਸੋ ਓਧਰੋਂ ਹਟਾਉਣ ਵਾਸਤੇ ਗਿਆਨੀ ਜੀ ਨੇ ਕੱਤਕ ਪੂਰਨਮਾਸ਼ੀ ਨੂੰ ਆਦਿ ਸਤਿਗੁਰੂ ਜੀ ਦੇ ਪ੍ਰਗਟ ਹੋਣ ਦਾ ਗੁਰ-ਪੁਰਬ ਮਨਾਉਣਾ ਅਰੰਭ ਦਿੱਤਾ। ਬੱਸ ਫੇਰ ਕੀ ਸੀ, ਓਦੋਂ ਤਾਂ ਰਾਜ ਦੇ ਜ਼ੋਰ ਇਹ ਰਿਵਾਜ ਪਾ ਲਿਆ ਪਰ ਅੱਜ ਇਹ ਪੁਰਾਣਾ ਨਜ਼ਰ ਆ ਰਿਹਾ ਹੈ। 1925 ਦੀ ਹੀ ਗੱਲ ਹੈ ਕਿ ਸ੍ਰੀ ਨਨਕਾਣਾ ਸਾਹਿਬ ਕੱਤਕ ਪੂਰਨਮਾਸ਼ੀ ਨੂੰ ਗੁਰਪੁਰਬ ਮਨਾਉਣਾ ਅਰੰਭ ਹੋਇਆ, ਉਸ ਤੋਂ ਪਹਿਲਾਂ ਇਸਦਿਨ ਨੂੰ ਉਥੇ ਕੋਈ ਜਾਣਦਾ ਵੀ ਨਹੀਂ ਸੀ। ਸੱਠ ਕੁ ਵਰ੍ਹੇ ਏਸੇ ਤਰ੍ਹਾਂ ਹੋਰ ਲੰਘ ਗਏ ਤਾਂ ਲੋਕੀਂ ਆਖਣ ਲੱਗ ਪੈਣਗੇ ਜੋ ਇਹ ਗੁਰਪੁਰਬ ਮੁੱਢ ਤੋਂ ਹੀ ਕੱਤਕ ਪੂਰਨਮਾਸ਼ੀ ਨੂੰ ਨਨਕਾਣੇ ਸਾਹਿਬ ਮਨਾਇਆ ਜਾਂਦਾ ਰਿਹਾ ਹੈ, ਜਿਸ ਤਰ੍ਹਾਂ ਅੱਜ ਕੱਲ੍ਹ ਗਿਆਨੀ ਸੰਤ ਸਿੰਘ ਜੀ ਦੇ ਚਲਾਏ ਹੋਏ ਗੁਰਪੁਰਬ ਨੂੰ ਸਭ ਪੁਰ-ਾਤਨ ਹੀ ਮੰਨ ਰਹੇ ਹਨ। ਮੇਰਾ ਆਪਣਾ ਵਿਚਾਰ ਹੈ ਕਿ 'ਦਰਬਾਰ ਸਾਹਿਬ' ਦਾ ਮੁੱਖ ਗ੍ਰੰਥੀ ਭਾਈ ਸੂਰਤ ਸਿੰਘ, ਜੋ 'ਸਿੱਖਾਂ ਦੀ ਭਗਤਮਾਲਾ' ਦਾ ਕਰਤਾ ਹੈ 'ਤੇ ਇਸ ਕਿਤਾਬ ਨੂੰ ਭਾਈ ਮਨੀ ਸਿੰਘ ਜੀ ਦੀ ਕ੍ਰਿਤ ਦੱਸਦਾ ਹੈ, ਦਾ ਪੁੱਤਰ ਗਿਆਨੀ ਸੰਤ ਸਿੰਘ ਹੈ ਜੋ ਨਿਰਮਲੇ ਸੰਪ੍ਰਦਾਇ ਨਾਲ ਸੰਬੰਧ ਰੱਖਦੇ ਸਨ 'ਤੇ ਵੀ ਅਸਰ 'ਬਾਲਾ ਬਲੱਫ' ਦਾ ਹੋਇਆ। ਜੰਡਿਆਲਾ ਗੁਰੂ ਕਿਆਂ ਵਾਲਿਆਂ ਨੇ 'ਬਾਲਾ ਬਲੱਫ' ਨੂੰ ਆਪਣੇ ਸਰਕਾਰੀ ਅਸਰ ਰਸੂਖ ਤੇ ਪੈਸੇ ਦੇ ਜੋਰ ਨਾਲ ਹਰ ਥਾਂ ਲਾਗੂ ਕਰਵਾਇਆ। ਜਨਮ ਸਾਖੀ ਬਾਲਾ ਨੂੰ ਛੱਡ ਕੇ ਹੋਰ ਕਿਸੇ ਵੀ ਜਨਮ ਸਾਖੀ ਵਿਚ 'ਕੱਤਕ ਦੀ ਪੂਰਨਮਾਸ਼ੀ' ਨੂੰ ਬਾਬੇ ਦਾ ਅਵਤਾਰ ਪੁਰਬ ਨਹੀਂ ਸਗੋਂ ਵਿਸਾਖ ਸੁਦੀ ਤੀਜ ਲਿਖਿਆ ਮਿਲਦਾ ਹੈ। ਬੀ-40 ਜਨਮ ਸਾਖੀ: ਦਾ ਹੱਥ ਲਿਖਤ ਖਰੜਾ ਜੋ ਪਹਿਲਾਂ ਇੰਡੀਆ ਆਫਿਸ ਲਾਇਬਰੇਰੀ, (ਹੁਣ ਫਾਰਨ ਐਂਡ ਕਾਮਨਵੈਲਥ ਆਫਿਸ) ਲੰਡਨ ਵਿਚ ਸੁਰੱਖਿਅਤ ਹੈ ਭਾਈ ਬਾਲੇ ਦਾ ਨਾਮ ਨਿਸ਼ਾਨ ਹੀ ਨਹੀਂ ਅਤੇ ਗੁਰੂ ਨਾਨਕ ਪਾਤਸ਼ਾਹ ਦਾ ਜਨਮ ਦਿਵਸ ਵਿਸਾਖ ਸੁਦੀ ਤੀਜ ਲਿਖਿਆ ਮਿਲਦਾ ਹੈ। ਇਸੇ ਦੀ ਕਾਪੀ ਜਦੋਂ ਭਾਈ ਵੀਰ ਸਿੰਘ ਨੂੰ ਪ੍ਰਾਪਤ ਹੋਈ ਤਾਂ ਉਸ ਨੇ ਇਸ ਨੂੰ 'ਪੁਰਾਤਨ ਜਨਮ ਸਾਖੀ' ਦਾ ਨਾਮ ਦਿੱਤਾ, ਹਾਫਜ਼ਾਬਾਦ ਵਾਲੀ ਜਨਮ ਸਾਖੀ, ਮਿਹਰਬਾਨ ਨੇ ਆਪਣੇ ਹੱਥੀਂ 'ਪੋਥੀ ਸੱਚੁ ਖੰਡ' 1619 ਈ: ਦੇ ਨੇੜੇ ਤੇੜੇ ਮੁਕੰਮਲ ਕਰਵਾਈ ਜੋ ਗੁਰੂ ਅਰਜਨ ਪਾਤਸ਼ਾਹ ਦਾ ਪਿਆਰਾ ਭਤੀਜਾ ਅਤੇ ਗੁਰੂ ਰਾਮਦਾਸ ਦਾ ਹੋਣਹਾਰ ਪੋਤਰਾ ਸੀ, ਨੇ ਵੀ ਜਨਮ ਅਸਥਾਨ ਦੇ ਵੇਰਵੇ ਸਮੇਤ ਜਨਮ ਦਿਵਸ ਵੈਸਾਖ ਸੁਦੀ 3 ਲਿਖਿਆ ਹੈ। ਇਕ ਹੋਰ ਮਹੱਤਵ ਪੂਰਣ 'ਜਨਮ ਪਤ੍ਰੀ ਬਾਬੇ ਜੀ ਕੀ' ਜਿਸਦਾ ਲੇਖਕ ਹੈ ਭਾਈ

ਬੂਲਾ ਪਾਧਾ, ਗੁਰੂ ਅਮਰਦਾਸ ਦਾ ਸਿੱਖ ਤੇ ਭਾਈ ਗੁਰਦਾਸ ਦਾ ਨਿਕਟਵਰਤੀ, ਡੱਲੇ ਨਗਰ ਦਾ ਨਿਵਾਸੀ ਜਿਸਨੇ 'ਸਾਖੀ ਮਹਲੁ ਪਹਿਲੇ ਕੀ' ਦੀ ਰਹਿੰਦੀ ਖੂੰਹਦੀ ਘਾਟ ਨੂੰ ਪੂਰਾ ਕੀਤਾ, ਇਸ ਲਿਖਤ ਵਿਚ ਵੀ ਜਨਮ ਦਿਵਸ ਵੈਸਾਖ ਸੁਦੀ 3 ਦਰਜ ਹੈ ਜੋ 1598-99 ਈ: ਵਿਚ ਮੁਕੰਮਲ ਕੀਤੀ। ਮੁਜੰਗਾਂ, ਲਾਹੌਰ ਨਿਵਾਸੀ ਸੈਦੋ ਜੱਟ ਜੋ ਪਿਸ਼ਾਵਰ ਦੇ ਇਲਾਕੇ ਵਿਚ ਪ੍ਰਚਾਰਕ ਸੀ, ਨੇ 1657-58 ਵਿਚ ਇਕ ਜਨਮ ਸਾਖੀ ਦਾ ਨਿਰਮਾਣ ਕੀਤਾ ਜਿਸ ਨੂੰ 'ਪੁਰਾਤਨ' ਦੇ ਨਾਮ ਨਾਲ ਜਾਣਿਆ ਜਾਂਦਾ ਹੈ। ਅਸਲੀਅਤ ਤੋਂ ਵਾਕਫ ਸੈਦੋ ਨੇ ਬਾਲੇ ਵਾਲੀ ਮਿਤੀ ਰੱਦ ਕਰਕੇ ਸੀਹੋਂ ਦੀ 'ਸਾਖੀ ਮਹਲੁ ਪਹਿਲੇ ਕੀ' ਵਾਲੀ ਪਰਮਾਣਕ ਮਿਤੀ ਨੂੰ ਅਧਾਰ ਬਣਾ ਕੇ ਆਪਣੀ ਲਾਜਵਾਬ ਸਾਖੀ ਦੀ ਸਿਰਜਣਾ ਕੀਤੀ। ਗੁਰੂ ਅਮਰਦਾਸ ਦੇ ਬੰਸਜ ਸਰੂਪ ਦਾਸ ਭੱਲਾ ਨੇ 1776 ਈ: ਵਿਚ ਮਹਿਮਾ ਪ੍ਰਕਾਸ਼ ਕਵਿਤਾ ਅਤੇ ਇਸੇ ਖਾਨਦਾਨ ਦੇ ਕਿਸੇ ਅਗਿਆਤ ਵਿਅਕਤੀ ਨੇ 19ਵੀਂ ਸਦੀ ਦੇ ਦੂਜੇ ਅੱਧ ਵਿਚ ਮਹਿਮਾ ਪ੍ਰਕਾਸ਼ ਵਾਰਤਕ ਨਾਮ ਦੀਆਂ ਰਚਨਾਵਾਂ ਵਿਚ ਜਨਮ ਦਿਵਸ ਵੈਸਾਖ ਸੁਦੀ 3 ਦਾ ਹੀ ਦਿੱਤਾ ਹੈ, ਕਿਉਂਕਿ ਇਹ ਗੁਰੂ ਕੀ ਲਹਿਰ ਦਾ ਪਰੰਪ੍ਰਾਗਤ ਅਸਰ ਸੀ। ਡੀ.ਏ.ਵੀ ਕਾਲਜ ਦਾ ਖਰੜਾ 2000 ਮਸਲਨ ਇਹ ਸਾਰੀਆਂ ਲਿਖਤਾਂ ਗੁਰੂ ਬਾਬਾ ਜੀ ਦਾ ਜਨਮ ਦਿਵਸ ਵਿਸਾਖ ਦਾ ਹੀ ਮੰਨਦੀਆਂ ਹਨ। ਜਨਮ ਪੱਤ੍ਰੀ ਦੀ ਪਹਿਲੀ ਪਰਤ, ਜੋ ਗੁਰੂ ਕੇ ਜੰਡਿਆਲੇ ਵਾਲੇ ਹੰਦਾਲਕਿਆਂ ਨੇ 1656-57 ਈ. ਦੇ ਲਾਗੇ ਚਾਗੇ ਤਿਆਰ ਕਰਵਾਈ ਕੁੱਝ ਇਸ ਤਰ੍ਹਾਂ ਸ਼ੁਰੂ ਹੁੰਦੀ ਹੈ: "ਜਨਮ ਪਤ੍ਰੀ ਨਾਨਕ ਵੇਦੀ ਦੀ॥ ਸੰਮਤ 1626॥ ਮਿਤੀ ਕਤਕ ਸੁਦੀ ਪੂਰਨਮਾਸੀ॥ ਨਾਨਕ ਜਨਮ ਲੀਤਾ॥ ਅਧੀ ਰਾਤ ਘੜੀ ਉਪਰਿ ਕਾਲੂ ਵੇਦੀ ਦੇ ਘਰਿ॥ ਕਾਲੂ ਦਾ ਪਰੋਹਿਤ ਹਰਿਦਿਆਲ ਬ੍ਰਹਮਣੁ ਆਹਾ॥ ਅਤੇ ਨਾਲੇ ਗੁਰਦੇਵ ਆਹਾ॥ ਵਡੀ ਵੇਲਾ ਕਾਲੂ ਹਰਿਦਿਆਲ ਦੇ ਘਰਿ ਗਇਆ॥.........॥ ਤਾ ਬਾਲੇ ਵਿਦਾ ਲੀਤੀ ਤਲਵੰਡੀ ਗਇਆ॥ ਇਸ ਤੋਂ ਅੱਗੇ ਬਾਲਾ ਰੂਪਾਂਤਰ ਇਕ ਜਨਮ ਸਾਖੀ ਤਿਆਰ ਕੀਤੀ ਗਈ। ਫਿਰ ਇਸ ਵਿਚ ਗੁਰੂ ਨਾਨਕ ਪਿਤਾ ਦੇ ਚਾਲ-ਚੱਲਣ/ਚਰਿਤ੍ਰ ਨੂੰ ਘਾਤ ਕਰਨ ਲਈ ਰੰਘੜੀ ਵਾਲੀ ਸਾਖੀ ਅਤੇ ਇਸੇ ਤਰ੍ਹਾਂ ਗੁਰੂ ਅੰਗਦ ਪਾਤਸ਼ਾਹ ਨੂੰ ਇਹ ਕਹਿਣਾ ਕਿ ਰਾਤੀ ਆਪਣੀ ਲੜਕੀ ਨੂੰ ਬਣਾਏ ਕੇ ਲਈ ਆਵਣਾ(ਸਹਿਜ-ਕੁਸਹਿਜ ਵਾਲੀ ਸਾਖੀ) ਅਤੇ ਹੋਰ ਬਹੁਤ ਕੁੱਝ ਘੜ-ਘੜਾ ਕੇ ਬਾਲਾ ਰੂਪਾਂਤਰ 2 ਤਿਆਰ ਕਰਕੇ 28- 28 ਸੁਚਿਤਰਾਂ ਨਾਲ ਸ਼ਿੰਗਾਰ ਕੇ, ਕਈ ਦਹਾਕਿਆਂ ਬੱਧੀ ਇਹ ਕੰਮ ਚੱਲਦਾ ਰਿਹਾ, ਸਾਰੇ ਪਰਮੁੱਖ ਸਿੱਖ ਧਾਰਮਿਕ ਅਸਥਾਨਾਂ ਤੇ ਪਹੁੰਚਾਈ ਗਈ। ਬਾਲਾ ਰੂਪਾਂਤਰ 2 ਦੇ ਹੱਥ ਲਿਖਤ ਖਰੜੇ ਵਿਚ ਇਹ ਲਿਖ ਦਿੱਤਾ ਕਿ ਇਹ ਜਨਮ ਸਾਖੀ 1582 ਸੰਮਤ ਵਿਚ ਗੁਰੂ ਅੰਗਦ ਦੀ ਹਜ਼ੂਰੀ ਵਿਚ ਭਾਈ ਬਾਲੇ ਨੇ ਪੈੜੇ ਮੋਖੇ ਕੋਲੋਂ ਲਿਖਵਾਈ।

ਜਦੋਂ ਕਿ ਸੱਚ ਇਹ ਹੈ ਕਿ ਸੰਮਤ 1582/1525 ਈ. ਵਿਚ ਤਾਂ ਭਾਈ ਲਹਿਣਾ ਜੀ ਗੁਰੂ ਨਾਨਕ ਪਿਤਾ ਜੀ ਨੂੰ ਮਿਲੇ ਵੀ ਨਹੀਂ ਸਨ। ਪਿਆਰੇ ਲਾਲ ਬੇਦੀ, ਐਫ-17, ਜੰਗਪੁਰਾ ਭੋਗਲ, ਨਵੀ ਦਿਲੀ, ਨੂੰ ਪੁੱਜਿਆ ਸੰਮਤ 1770 (1713ਈ.) ਵਾਲਾ ਖਰੜਾ ਆਪ ਉਚੀ ਉਚੀ ਬੋਲ ਕੇ ਖੁਲਾਸਾ ਕਰਦਾ ਹੈ: " ਜਨਮ ਪਤ੍ਰੀ ਬਾਬੇ ਨਾਨਕ ਕੀ ਸੰਪੂਰਨ ਹੋਈ॥ ਵੀਰਵਾਰ ਪਹਿਰ ਦਿਨ ਚੜੇ॥ ਸੰਮਤ 1770 ਦੇ ਬੀਤੇ ਹੋਇ ਮੁਕੀ। ਲਿਖਵਾਈ ਸੰਗਤ ਸਿੰਘ ਸੂਦ॥ ਲਿਖੀ ਆਤਮਾ ਸਿੰਘ ਸੂਦ॥ ਕੀਰਤਨਏ॥ ਵਿਚ ਰੜੇ ਲਹੌਰ ਦੇ ਅਗੇ ਲਾਗਤ ਪੋਥੀ ਲਿਖੀ 330 ਰੁਪਏ॥ ਜੋ ਅੱਜ ਦੀ ਕੀਮਤ ਅਨੁਸਾਰ ਤਿੰਨ ਲੱਖ ਤੀਹ ਹਜ਼ਾਰ ਰੁਪੈ ਬਣਦੀ ਹੈ। ਹੰਦਾਲਕਿਆਂ ਨੇ ਵੱਡੇ ਤਰੱਦਦ ਨਾਲ ਇਸ ਨੂੰ ਸਿੱਖ ਚਿੰਤਨ ਤੇ ਚੇਤਨਾ ਨੂੰ ਸੁੰਨ ਕਰਨਹਾਰੇ ਜ਼ਹਿਰ ਦੇ ਟੀਕੇ ਵਾਂਗ ਵਰਤਿਆ; ਸਦੀਆਂ ਲੰਘ ਗਈਆਂ; ਮੂਰਛਾ ਦੀ ਸ਼ਿਕਾਰ ਹੋਈ ਸਿੱਖ ਚੇਤਨਾ ਅਜੇ ਅੱਖ ਪੱਟ ਕੇ ਝਾਕਣ ਦਾ ਹੀਆ ਨਹੀਂ ਕਰ ਸਕੀ; ਪਰ ਇਹ ਮਰੀ ਨਹੀਂ, ਜਾਗੇਗੀ ਕਿਉਂਕਿ ਜਿਉਣ ਦਾ ਹੱਠ ਇਸ ਦਾ ਵਿਸ਼ੇਸ਼ ਖਾਸਾ ਹੈ। "ਸਾਖੀ ਪਰੰਪਰਾ ਵਿਚੋਂ ਕੇਵਲ ਜਨਮ ਸਾਖੀ ਬਾਲਾ ਹੀ ਸਾਨੂੰ ਗੁਰੂ ਨਾਨਕ ਪਿਤਾ ਦਾ ਜਨਮ ਕੱਤਕ ਦੀ ਪੂਰਨਮਾਸ਼ੀ ਦਾ ਦੱਸਦੀ ਹੈ ਅਤੇ ਸਾਨੂੰ ਇਸ ਅਣਹੋਏ ਸੱਚ ਨੂੰ ਸਵੀਕਾਰ ਕਰਨ ਨੂੰ ਮਜਬੂਰ ਕਰਦੀ ਹੈ। ਇਸ ਧਰਮ ਸੰਕਟ ਦਾ ਹੱਲ, ਪੂਰਨਮਾਸ਼ੀ ਵਾਲੀ ਮਿਤੀ ਨੂੰ ਕਿਸੇ ਇਕ, ਪਿਉ ਜਾਂ ਪੁੱਤਰ ਨਾਲ ਜੋੜ ਕੇ ਹੀ ਸੰਭਵ ਹੋ ਸਕਦਾ ਹੈ, ਦੋਵਾਂ ਨਾਲ ਨਹੀਂ। ਕੱਤਕ ਦੀ ਪੂਰਨਮਾਸ਼ੀ ਨੂੰ ਸ੍ਰੀ ਚੰਦ ਦੀ ਜਨਮ ਮਿਤੀ ਮੰਨਣ ਲਈ ਸਾਡੇ ਕੋਲ ਬਹੁਤ ਹੀ ਪਰਮਾਣਕ ਸਬੂਤ ਹਨ ਜੋ ਭਰੋਸੇਯੋਗ ਸਰੋਤ ਤੋਂ ਆਏ ਹੋਣ ਕਰਕੇ ਅਕੱਟ ਹਨ। ਗੁਰੂ ਨਾਨਕ ਦੇ ਬੰਸ, ਦਸਵੀਂ ਪੀੜ੍ਹੀ, ਬਾਬਾ ਸੁਖਬਾਸੀ ਨੇ ਆਪਣੇ ਖਾਨਦਾਨ ਸਬੰਧੀ ਇਕ ਗਰੰਥ 'ਨਾਨਕ ਬੰਸ ਪ੍ਰਕਾਸ਼' ਸੰਮਤ 1872 (1815 ਈ:) ਵਿਚ ਰਚਨਾ ਕੀਤੀ।

ਜਿਸ ਵਿਚ ਸਪੱਸ਼ਟ ਲਿਖਿਆ ਹੈ: ਸੁਭ ਨਖਯਤ੍ਰ ਸੁਭ ਲਗਨ ਬਰ ਕਾਤਕ ਮਾਸ ਪੁਨੀਤ॥ ਸ੍ਰੀ ਚੰਦ ਸਤਿਗੁਰ ਪ੍ਰਗਟੇ ਅਦਭੁਤ ਨਿਰਮਲ ਚੀਤ॥ ਮਤਲਬ ਸ੍ਰੀ ਚੰਦ ਕਤਕ ਦੇ ਮਹੀਨੇ ਪੂਰਨਮਾਸ਼ੀ ਨੂੰ ਪੈਦਾ ਹੋਇਆ। ਇਸੇ ਗਰੰਥ ਵਿਚ ਗੁਰੂ ਨਾਨਕ ਦਾ ਜਨਮ ਵਿਸਾਖ ਸੁਦੀ 3 ਦਾ ਦੱਸਿਆ ਹੈ: ਸੰਬਤ ਬਿਕ੍ਰਮ ਨ੍ਰਿਪਤ ਕੇ ਪੰਦ੍ਰਹ ਸਤਿ ਖਟਿ ਬੀਸ॥ ਅਖਯ-(ਸੁਦੀ) ਤੀਜ ਤਿਥਿ ਮਾਸ ਬਰ ਮਾਧਵਿ(ਵੈਸਾਖ) ਪ੍ਰਗਟੇ ਈਸ॥ ਬਾਬਾ ਸੁਖਬੰਸੀ ਭਾਈ ਬਾਲੇ ਵਾਲੀ ਜਨਮ ਸਾਖੀ ਦਾ ਸ਼ਿਕਾਰ ਹੋਣ ਦੇ ਬਾਵਜੂਦ ਵੀ ਕੱਤਕ ਦੀ ਪੂਰਨਮਾਸ਼ੀ ਦੀ ਤਰੀਕ ਨੂੰ ਕੱਟ ਕੇ ਅਸਲੀ ਜਨਮ ਤਰੀਖ ਦੇਣ ਵਿਚ ਗੁਰੇਜ਼ ਨਹੀਂ ਕਰਦਾ"। ਇਹ ਸਾਰੀ ਸੂਚਨਾ 'ਸਾਖੀ ਮਹਿਲ ਪਹਿਲੇ ਕੀ ਸਾਖੀਕਾਰ ਸੀਹਾਂ ਉਪਲ ਸੰਪਾਦਕ ਸ. ਸ. ਪਦਮ' ਦੀ ਕਿਤਾਬ ਦੇ ਪੰਨਾ 102-103 ਤੇ ਦਰਜ ਹੈ।

ਜਦੋਂ ਇਹ ਸਾਰਾ ਕੁੱਝ ਵਾਪਰ ਰਿਹਾ ਸੀ ਤਾਂ ਵਿਸਨ ਸਿੰਘ ਨਾਂ ਦਾ ਇਕ ਪਰਬੁੱਧ ਇਨਸਾਨ ਵੀ ਕਾਰਜਸ਼ੀਲ ਸੀ, ਜਿਸ ਨੇ 1828 ਈ. ਵਿਚ 'ਗਿਆਨ ਰਤਨਾਵਲੀ' ਕ੍ਰਿਤ ਸੂਰਤ ਸਿੰਘ ਨੂੰ ਅਨਕੂਲ ਕੇ ਆਪਣੇ 'ਗਿਆਨ ਰਤਨਾਗਰ ਕਾਵਿ ਗਰੰਥ' ਦੀ ਰਚਨਾ ਕੀਤੀ। ਇਹ ਗਿਆਨੀ ਸੰਤ ਸਿੰਘ ਦਾ ਚੇਲਾ ਤੇ 'ਗੁਰਪ੍ਰਤਾਪ ਸੂਰਜ ਗ੍ਰੰਥ' ਵਾਲੇ ਰਾਜਕਵੀ ਸੰਤੋਖ ਸਿੰਘ ਦਾ ਗੁਰਭਾਈ ਸੀ, ਪਰ ਆਪਣੇ ਆਪ ਨੂੰ ਸੂਰਤ ਸਿੰਘ ਦਾ ਪੋਤਰਾ ਚੇਲਾ ਦੱਸਣ ਵਿਚ ਵਧੇਰੇ ਮਾਣ ਮਹਿਸੂਸ ਕਰਦਾ ਸੀ। ਉਸ ਦੀ ਵੀ ਸੁਣੋ, ਸੰਤੋਖ ਸਿੰਘ ਅਤੇ ਉਸ ਦੇ ਪੁਰਾਣੇ ਜਾਂ ਅਧੁਨਿਕ ਪਾਛੂਆਂ ਨੇ ਭਾਵੇਂ ਨਹੀਂ ਸੁਣੀ: "ਜਬ ਹੰਦਾਲ ਸੁਰ ਲੋਕ ਪਧਾਰਾ। ਬਿਧੀ ਚੰਦ ਸੁਤ ਸਕਤੀਵਾਰਾ। ਲਈ ਮਹੰਤੀ ਸਿਖ ਬਣਾਏ।ਤੁਰਕਨ ਕੀ ਗਨਕਾ ਇਕ ਗਾਇ। ਸੋ ਆਪਣੇ ਗ੍ਰਹ ਆਨ ਵਸਾਈ। ਤਬ ਵਰਤਨ ਤਜ ਦੀਨ ਲੁਕਾਈ। ਬਿਧੀ ਚੰਦ ਮਵੇਤ ਪ੍ਰਸੰਗਾ। ਲਿਖੇ ਗੁਰ ਧਾਰੀ ਹਿਤ ਸੰਗਾ। ਆਗੇ ਗੁਰ ਕੀ ਸਾਖੀ ਨਾਹੀ। ਰਚੀ ਨਿੰਦਾ ਬਿਧ ਬਹੁਤ ਬਨਾਈ। ਬਾਲੇ ਅੰਗਦ ਕੋ ਧਰ ਨਾਮਾ। ਪ੍ਰਥਮੇ ਹੀ ਝੂਠਾ ਕੀਓ ਕਾਮਾ। ਪੰਦ੍ਹ ਸਹਸ ਪਚਾਸੀ ਮਾਹੀ। ਪੰਚਮ ਥਿਤ ਬੈਸਾਖ ਕੀ ਆਹੀ। ਪੈੜੇ ਮੋਖੇ ਲਿਖੀ ਬਨਾਈ। ਗੁਰ ਅੰਗਦ ਗੁਰ ਮਿਲੇ ਨ ਭਾਈ"। ਜੋ ਕੂੜ ਰਾਜਕਵੀ ਸੰਤੋਖ ਸਿੰਘ ਨੇ ਆਪਣੇ 'ਗੁਰ ਪ੍ਰਤਾਪ ਸੂਰਜ ਗ੍ਰੰਥ' ਵਿਚ 'ਬਾਲਾ ਬਲੱਫ' ਤੋਂ ਪ੍ਰਭਾਵਤ ਹੋ ਕੇ ਵਾੜਿਆ ਜਾਂ ਵਾੜਿਆ ਗਿਆ ਉਸ ਦਾ ਅਤੇ ਭਾਈ ਬਿਧੀ ਚੰਦ ਵਲੋਂ ਆਪਣੀ ਬੁਰਿਆਈ ਨੂੰ ਛਪਾਉਣ ਲਈ ਜੋ ਗੁਰੂ ਨਾਨਕ ਸਾਹਿਬ ਦਾ ਚ੍ਰਿਤਰ-ਘਾਤ ਕੀਤਾ ਗਿਆ ਹੈ ਉਸ ਨੂੰ ਭਾਈ ਵਿਸਨ ਸਿੰਘ ਨੇ ਆਪਣੀ ਉਪਰਲੀ ਕਵਿਤਾ ਵਿਚ ਨੰਗਾ ਕੀਤਾ ਹੈ। ਹੁਣ ਫੈਸਲਾ ਸਿੱਖ ਕੌਮ ਨੇ ਕਰਨਾ ਹੈ ਕਿ ਉਹ ਗੁਰੂ ਦਾ ਗੁਰ-ਪੁਰਬ ਅਸਲੀ ਤਰੀਕ, ਵੈਸਾਖ ਸੁਦੀ ਤੀਜ, ਨੂੰ ਮਨਾਉਣਾ ਚਾਹੁੰਦੀ ਹੈ ਜਾਂ ਫਿਰ 'ਬਾਲਾ ਬਲੱਫ' ਦੀ ਵਰਤਾਈ ਹੋਈ ਨਕਲੀ ਤਰੀਕ, "ਕੱਤਕ ਦੀ ਪੂਰਨਮਾਸੀ" ਨੂੰ ਹੀ ਕੜ੍ਹੀ ਘੋਲਣਾ ਚਾਹੁੰਦੀ ਹੈ।

*-ਗੁਰੂ ਦੇ ਪੰਥ ਦਾ ਦਾਸ*
*ਗੁਰਚਰਨ ਸਿੰਘ ਜਿਉਣ ਵਾਲਾ*
*+1 647 966 1332*

# 'ਵਿਰਸੇ ਅਤੇ ਪ੍ਰਤਿਸ਼ਠਾ ਦਾ ਪ੍ਰਤੀਕ : ਗੱਡਾ'

ਸਮਾਂ , ਜ਼ਰੂਰਤਾਂ ਅਤੇ ਹਾਲਾਤ ਆਪਣੇ ਪ੍ਰਭਾਵ ਅਧੀਨ ਕਈ ਤਰ੍ਹਾਂ ਦੇ ਬਦਲਾਵ ਲਿਆਉਂਦੇ ਰਹਿੰਦੇ ਹਨ । ਇਹ ਬਦਲਾਅ ਸਾਡੇ ਜੀਵਨ , ਸਾਡੀ ਦਿਨ - ਚਰਿਆ ਅਤੇ ਸਾਡੇ ਵਿਰਸੇ ਵਿੱਚ ਵੀ ਹੌਲੀ - ਹੌਲੀ ਜ਼ਰੂਰ ਆਉਂਦੇ ਹਨ । ਇਸ ਬਦਲਾਅ ਦੀ ਪ੍ਰਕਿਰਿਆ ਵਿੱਚ ਸਾਡੇ ਵਿਰਸੇ ਦੀਆਂ ਕਈ ਵਸਤਾਂ ਜਾਂ ਨਿਸ਼ਾਨੀਆਂ ਵੀ ਹੌਲੀ - ਹੌਲੀ ਅਲੋਪ ਹੋ ਕੇ ਰਹਿ ਜਾਂਦੀਆਂ ਹਨ । ਵਿਰਸੇ ਦੀ ਇਸ ਮਹਾਨ ਨਿਸ਼ਾਨੀ ਵਿੱਚੋਂ ਇਕ ਹੈ : ਗੱਡਾ । ਗੱਡਾ ਇਕ ਤਰ੍ਹਾਂ ਦੀ ਭਾਰ ਢੋਣ ਵਾਲੀ ਅਤੇ ਆਵਾਜਾਈ ਵਾਲੀ ਬੈਲ - ਗੱਡੀ ਹੁੰਦੀ ਸੀ। ਇਸ ਨਾਲ ਖੇਤੀਬਾੜੀ ਦੀਆਂ ਵਸਤਾਂ ਅਤੇ ਹੋਰ ਸਾਜੋ - ਸਾਮਾਨ ਢੋਇਆ ਜਾਂਦਾ ਸੀ ਅਤੇ ਇਹ ਆਵਾਜ਼ਾਈ ਦਾ ਵੀ ਪ੍ਰਮੁੱਖ ਸਾਧਨ ਹੋਇਆ ਕਰਦਾ ਸੀ । ਪੁਰਾਣੇ ਸਮਿਆਂ ਵਿੱਚ ਗੱਡਾ ਕਾਫੀ ਮਹਿੰਗਾ ਹੁੰਦਾ ਸੀ। ਇਸ ਲਈ ਹਰ ਕਿਸੇ ਕੋਲ਼ ਗੱਡਾ ਨਹੀਂ ਸੀ ਹੁੰਦਾ ਅਤੇ ਬੁੱਤਾ ਸਾਰਨ ਲਈ ਗੱਡਾ ਮੰਗ ਲਿਆ ਜਾਂਦਾ ਸੀ । ਖੇਤਾਂ ਵਿੱਚੋਂ ਫ਼ਸਲਾਂ ਢੋਣ , ਭਰੀਆਂ ਢੋਣ , ਰੂੜੀ ਢੋਣ , ਤੂੜੀ , ਪਸ਼ੂਆਂ ਦੇ ਪੱਠੇ ਢੋਣ ਜਾਂ ਫਸਲਾਂ ਅਤੇ ਹੋਰ ਵਸਤਾਂ ਮੰਡੀ ਤੱਕ ਪਹੁੰਚਾਉਣ ਲਈ ਕੇਵਲ ਗੱਡਾ ਹੀ ਕੰਮ ਆਉਂਦਾ ਸੀ। ਮੇਲਿਆਂ ਵਿੱਚ ਜਾਣ , ਵਿਆਹਾਂ ਵਿੱਚ ਆਣ - ਜਾਣ ਅਤੇ ਦਾਜ ਢੋਣ ਲਈ ਗੱਡਾ ਹੀ ਵਰਤਿਆ ਜਾਂਦਾਂ ਹੁੰਦਾ ਸੀ ।ਮੁੱਕਦੀ ਗੱਲ ਕਿ ਇੰਜਣ ਵਾਲੀ ਮਸ਼ੀਨਰੀ ਦੀ ਆਮਦ ਤੋਂ ਪਹਿਲਾਂ ਗੱਡਾ ਹੀ ਢੋਆ - ਢੁਆਈ ਅਤੇ



ਆਵਾਜਾਈ ਦਾ ਸਭ ਤੋਂ ਵੱਡਾ ਅਤੇ ਪ੍ਰਮੁੱਖ ਸਾਧਨ ਹੋਇਆ ਕਰਦਾ ਸੀ। ਗੱਡੇ ਦੇ ਪ੍ਰਮੁੱਖ ਭਾਗਾਂ ਵਿੱਚੋਂ : ਖਿੱਚ , ਸੁੰਨੀ , ਪੌੜੀ , ਤੀਰ , ਫੱਲੜ , ਬਾਹੀਆਂ , ਧੁਰਾ , ਨਾਲ , ਪਿੰਜਣੀ , ਜੂਲਾ , ਸੋਲ , ਉਠਣਾ , ਬਾਹੀਆਂ ਆਦਿ ਹੁੰਦੇ ਸਨ । ਗੱਡੇ ਦੀ ਛੱਤ ਕਿੱਕਰ ਜਾਂ ਟਾਹਲੀ ਦੀ ਲੱਕੜ ਤੋਂ ਹੀ ਬਣਾਈ ਜਾਂਦੀ ਸੀ । ਗੱਡੇ ਦੇ ਪਹੀਏ ਅਕਸਰ ਸਾਢੇ ਚਾਰ ਜਾਂ ਪੰਜ ਫੁੱਟ ਬਿਆਸ ਵਾਲੇ ਹੁੰਦੇ ਸਨ । ਗੱਡੇ ਦੇ ਪਹੀਆਂ ਦਾ ਅੱਧੇ ਤੋਂ ਥੋੜ੍ਹਾ ਘੱਟ ਹਿੱਸਾ ਗੜੇ ਦੀ ਛੱਤ ਤੋਂ ਉੱਤੇ ਦਿਖਦਾ ਹੁੰਦਾ ਸੀ । ਗੱਡੇ ਦਾ ਉਹ ਸਮਤਲ ਹਿੱਸਾ ਜਿਸ ਥਾਂ 'ਤੇ ਗੱਡੇ ਦਾ ਭਾਰ ਲੱਦਿਆ ਜਾਂਦਾ ਸੀ , ਉਸ ਨੂੰ ਗੱਡੇ ਦੀ ਛੱਤ ਕਿਹਾ ਜਾਂਦਾ ਸੀ। ਗੱਡੇ ਦੀ ਛੱਤ ਅੱਗਿਉਂ ਘੱਟ ਚੌੜੀ ਅਤੇ ਪਿੱਛਿਓਂ ਜ਼ਿਆਦਾ ਚੌੜੀ ਹੁੰਦੀ ਸੀ । ਇਸ ਤਰ੍ਹਾਂ ਗੱਡੇ ਦਾ ਆਕਾਰ ਕੁਝ ਤਿਕੋਣੀ ਜਿਹੀ ਕਿਸਮ ਦਾ ਬਣ ਜਾਂਦਾ ਸੀ । ਲੰਬੇ ਸਫਰ 'ਤੇ ਜਾਣ ਲਈ ਗੱਡੇ ਵਿੱਚ ਇੱਕ ਲਾਲਟੈਣ ਵੀ ਰੱਖੀ ਜਾਂਦੀ ਹੁੰਦੀ ਸੀ । ਰਾਤ ਨੂੰ ਸਫ਼ਰ ਕਰਦੇ ਸਮੇਂ ਲਾਲਟੇਨ ਨੂੰ ਜਗਾ ਕੇ ਗੱਡੇ ਦੀ ਛੱਤ ਦੇ ਹੇਠਾਂ ਕਿਸੇ ਥਾਂ 'ਤੇ ਲਟਕਾ ਦਿੱਤਾ ਜਾਦਾ ਹੁੰਦਾ ਸੀ। ਲਾਲਟੈਨ ਦੀ ਸਹਾਇਤਾ ਨਾਲ ਰਾਹ ਵਿਚ ਚੱਲਦੇ ਰਾਹਗੀਰਾਂ ਨੂੰ ਗੱਡੇ ਦੇ ਹੋਣ ਦਾ ਪਤਾ ਦੂਰੋਂ ਹੀ ਲੱਗ ਜਾਂਦਾ ਸੀ ਅਤੇ ਸੰਭਾਵਿਤ ਦੁਰਘਟਨਾਵਾਂ ਤੋਂ ਵੀ ਬਚਾਅ ਹੋ ਜਾਂਦਾ ਸੀ। ਦਿਨ ਦੇ ਸਮੇਂ ਲਾਲਟੈਨ ਨੂੰ ਗੱਡੇ ਦੀ ਭੰਡਾਰੀ ਵਿਚ ਰੱਖ ਦਿੱਤਾ ਜਾਂਦਾ ਸੀ। ਭੰਡਾਰੀ ਵਿੱਚ ਰੱਸੀ , ਰੱਸੇ , ਦਾਤਰੀਆਂ , ਲਾਲਟੈਨ , ਖੁਰਪੇ ਜਾਂ ਗਾਡੀ ਦੀ ਰੋਟੀ ਅਤੇ ਹੋਰ ਸਾਮਾਨ ਵੀ ਰੱਖ ਲਿਆ ਜਾਂਦਾ ਹੁੰਦਾ ਸੀ । ਕਦੇ - ਕਦੇ ਗੱਡਾ ਬਾਂਗਿਆ ਜਾਂ ਚੋਪੜਿਆ ਵੀ ਜਾਂਦਾ ਸੀ । ਗੱਡਾ ਵਾਂਗਣ ਤੋਂ ਭਾਵ ਹੈ ਕਿ ਜਦੋਂ ਲਗਾਤਾਰ ਚੱਲਦੇ ਰਹਿਣ ਕਾਰਨ ਗੱਡੇ ਦੇ ਪਹੀਏ ਦੀ ਨਾਭ ਦਾ ਅੰਦਰਲਾ ਸੁਰਾਗ ਬਹੁਤ ਜ਼ਿਆਦਾ ਖੁਸ਼ਕ ਹੋ ਜਾਂਦਾ ਹੁੰਦਾ ਸੀ ਤਾਂ ਗੱਡਾ ਭਾਰਾ ਚੱਲਦਾ ਹੁੰਦਾ ਸੀ ਅਤੇ ਗੱਡੇ ਦੇ ਪਹੀਏ ਰੈਲੇ ਹੋ ਕੇ ਚੱਲਣ ਇਸ ਦੇ ਲਈ ਕਿਸੇ ਥਿੰਦੇ ਪਦਾਰਥ ਜਾਂ ਚਿਕਨਾਈ ਆਦਿ ਦੀ ਵਰਤੋਂ ਕੀਤੀ ਜਾਂਦੀ ਸੀ ਅਤੇ ਇਸ ਨੂੰ ਗੱਡਾ ਵਾਗਣਾ ਕਹਿੰਦੇ ਸੀ । ਉੱਚੀਆਂ ਥਾਵਾਂ 'ਤੇ ਚੜ੍ਹਾਈ ਵਾਲੇ ਰਸਤੇ ਜਾਂ ਚਿੱਕੜ ਵਾਲੇ ਰਸਤੇ ਜਾਂ ਰੇਤਲੇ ਰਸਤਿਆਂ ਤੋਂ ਗੱਡੇ ਲੰਘਾਉਣ ਲਈ ਬਿੰਡਿ ਦੀ ਜ਼ਰੂਰਤ ਪੈ ਜਾਂਦੀ ਸੀ ਅਤੇ ਝੋਟੇ ਜਾਂ ਊਠ ਨੂੰ ਕਈ ਵਾਰ ਬਿੰਡੀ ਦੇ ਤੌਰ 'ਤੇ ਵਰਤ ਲਿਆ ਜਾਂਦਾ ਸੀ । ਗੱਡੇ ਨੂੰ ਚਲਾਉਣ ਵਾਲੇ ਵਿਅਕਤੀ ਨੂੰ ਗਾਡੀ , ਗਾਡੀਆਂ , ਗਾਡੀਵਾਨ , ਗਡਵਾਨ ਅਦਿ ਵੀ ਕਿਹਾ ਜਾਂਦਾ ਸੀ । ਗਾਡੀਆ ਗੱਡੇ ਦੇ ਅਗਲੇ ਪਾਸੇ ਵੱਲ ਨੂੰ ਲੱਤਾਂ ਲਮਕਾ ਕੇ ਜੂਲੇ ਦੇ ਮੱਧ ਵਾਲੇ ਭਾਗ ਉੱਪਰ ਬੈਠ ਜਾਂਦਾ ਸੀ ਅਤੇ ਦੋਹਾਂ ਪਸ਼ੂਆਂ ਦੀਆਂ ਨੱਥਾਂ ਹੱਥ ਵਿੱਚ ਪਕੜ ਕੇ ਪਸ਼ੂਆਂ ਨੂੰ ਆਪਣੇ ਨਿਯੰਤਰਣ ਵਿਚ ਰੱਖਦਾ ਹੁੰਦਾ ਸੀ। ਗੱਡਾ ਚਲਾਉਣ ਵਿੱਚ ਮੁਹਾਰਤ ਰੱਖਣ ਵਾਲੇ ਵਿਅਕਤੀ ਦੇ ਨਾਮ ਦੇ ਪਿੱਛੇ ਕਈ ਵਾਰ ਪੱਕੇ ਤੌਰ 'ਤੇ ਗਾਡੀ ਸ਼ਬਦ ਜੁੜ ਜਾਂਦਾ ਹੁੰਦਾ ਸੀ । ਸਮਾਜ ਵਿੱਚ ਜਿਨ੍ਹਾਂ ਲੋਕਾਂ ਕੋਲ ਗੱਡੇ ਹੁੰਦੇ ਸਨ ਉਨ੍ਹਾਂ ਦੀ ਸਮਾਜ ਵਿੱਚ ਕਾਫੀ ਇੱਜ਼ਤ , ਸਤਿਕਾਰ ਅਤੇ ਪ੍ਰਤਿਸ਼ਠਾ ਹੁੰਦੀ ਸੀ ਅਤੇ ਅੱਜ ਵੀ ਪਿੰਡਾਂ , ਸਥਾਨਾਂ ਜਾਂ ਹੋਰ ਥਾਵਾਂ 'ਤੇ ਅਜਿਹੇ ਲੋਕਾਂ ਨੂੰ "ਗੱਡੇ ਵਾਲੇ" ਕਹਿ ਕੇ ਸਤਿਕਾਰ ਵਜੋਂ ਬੁਲਾਇਆ ਜਾਂਦਾ ਹੈ ।ਅੱਜ ਸਮੇਂ ਦੇ ਬਦਲਣ ਦੇ ਨਾਲ - ਨਾਲ ਅਤੇ ਸਾਡੀਆਂ ਜ਼ਰੂਰਤਾਂ ਦੇ ਹਿਸਾਬ ਪੱਖੋਂ ਭਾਵੇਂ ਕਿ ਆਵਾਜਾਈ ਦੇ ਅਨੇਕਾਂ ਤੇਜ਼ ਸਾਧਨ ਆ ਗਏ ਹਨ ; ਪਰ ਆਪਣੇ ਸਮੇਂ ਵਿੱਚ ਸਤਿਕਾਰਿਤ , ਯੋਗ , ਪ੍ਰਤਿਸ਼ਠਾ ਅਤੇ ਸਮਾਜ ਤੇ ਘਰ ਵਿੱਚ ਖਾਸ ਥਾਂ ਰੱਖਣ ਵਾਲੇ " ਗੱਡੇ " ਨੂੰ ਭੁਲਾਇਆ ਨਹੀਂ ਜਾ ਸਕਦਾ । ਗੱਡਾ ਜਿੱਥੇ ਸਾਡੇ ਵਿਰਸੇ ਦਾ ਮਹਾਨ ਹਿੱਸਾ ਅਤੇ ਨਿਸ਼ਾਨੀ ਹੈ , ਉੱਥੇ ਹੀ ਇਸ ਦੇ ਨਾਲ - ਨਾਲ ਇਹ ਇੱਕ ਸਮਾਜਿਕ ਅਤੇ ਆਰਥਿਕ ਪ੍ਰਤਿਸ਼ਤਠਾ ਦੀ ਨਿਸ਼ਾਨੀ ਵੀ ਰਿਹਾ ਹੈ ।

*-ਮਾਸਟਰ ਸੰਜੀਵ ਧਰਮਾਣੀ*
*ਸ੍ਰੀ ਅਨੰਦਪੁਰ ਸਾਹਿਬ*
*9478561356*

## ਸਾਹਿ-ਚਿੱਠੀ

ਅੱਜ ਕੱਲ ਸਾਡਾ ਸਮਾਜ ਬਹੁਤ ਤਰੱਕੀ ਕਰ ਗਿਆ ਹੈ ਜਿਵੇਂ ਕੇ ਹੁਣ ਵਿਗਿਆਨ ਵੱਧਣ ਨਾਲ ਪੜ੍ਹਾਈ ਦੇ ਤੌਰ ਤਰੀਕੇ ਵੀ ਬਦਲ ਗਏ ਹਨ ,ਬਹੁਤ ਚੰਗੀ ਗੱਲ ਆ ਤਰੱਕੀ ਕਰਨੀ , ਪਰ ਤਰੱਕੀ ਦੇ ਨਾਲ ਨਾਲ ਆਪਣੇ ਸੱਭਿਆਚਾਰ ਤੇ ਵਿਰਾਸਤ ਜਾਣੀ ਕੇ ਆਪਣੇ ਵੱਡਿਆਂ ਦੇ ਬਣਾਏ ਗਏ ਰੀਤੀ ਰਿਵਾਜਾਂ ਨੂੰ ਯਾਦ ਰੱਖਣਾ ਵੀ ਜ਼ਰੂਰੀ ਹੈ। ਆਉ ਅੱਜ ਯਾਦ ਕਰੀਏ ਵਿਆਹ ਕਾਰਜ਼ ਦੇ ਸੰਬੰਧ ਵਿੱਚ , ਪਹਿਲਾਂ ਜਦੋਂ ਕਿਤੇ ਕਿਸੇ ਨੇ ਵਿਆਹ ਦਾ ਸੁਨੇਹਾ ਭੇਜਣਾ ਹੁੰਦਾ ਤਾਂ ਇੱਕ ਕਾਗਜ਼ ਦੇ ਟੁਕੜੇ ਉੱਤੇ ਪੰਜਾਬੀ ਵਿੱਚ ਸੋਹਣੇ ਪਿਆਰ ਭਰੇ ਅੱਖਰ ਲਿਖ ਕੇ ਉੱਪਰ ਹਲਦੀ ਲਗਾ ਕੇ ਮੁੰਡੇ ਦੇ ਸੋਰਿਆ ਵੱਲ ਤੋਰ ਦਿੱਤੀ ਜਾਂਦੀ , ਪਰ ਹੁਣ ਕੰਮਪਿਊਟਰ ਯੁੱਗ ਹੋਣ ਕਰਕੇ ਹਜ਼ਾਰਾਂ ਹੀ ਕਾਰਡ ਕੁਝ ਪਲਾਂ ਵਿੱਚ ਛਾਪ ਕੇ ਕੰਮ ਨਿਬੇੜਿਆ ਜਾਂਦਾ। ਸੋ ਪਹਿਲਾਂ ਜੋ ਸਾਹੇ ਚਿੱਠੀ ਆਪਣੇ ਵੱਡ ਵਡੇਰੇ ਆਪਣੀ ਸਮਝ ਨਾਲ ਬਹੁਤ ਪਿਆਰ ਤੇ ਨਿੱਘ ਵਾਲੇ ਬੋਲ ਦਿਲੋਂ ਲਿਖ ਕੇ ਭੇਜਦੇ ਤੇ ਇਸ ਨਾਲ ਰਿਸ਼ਤੇ ਵੀ ਮਜ਼ਬੂਤ ਹੁੰਦੇ , ਆਪਸ ਵਿੱਚ ਮਿਲਣ ਦੀ ਤਾਂਘ ਰਹਿੰਦੀ । ਅੱਜ ਕੱਲ ਮਸੀਨੀ ਚਿੱਠੀਆਂ ,ਕਾਰਡ,ਹੋ ਗਏ ਤੇ ਮਸ਼ੀਨੀ ਪਿਆਰ ਮੋਬਾਈਲ ਹੋ ਗਿਆ ।




ਸ਼ਾਹੇ ਚਿੱਠੀ ਦੇ ਕੁਝ ਪਿਆਰ ਭਰੇ ਸ਼ਬਦ , ਲੱਖ ਖੁਸ਼ੀਆ ਪਾਤਿਸਾਹੀਆ ਜੇ ਸਤਿਗੁਰ ਨਦਰਿ ਕਰੇ। ਲਿਖਤਮ ਧੰਨਾ ਸਿੰਘ ਅੱਗੇ ਮਿਲੇ ਭਾਈ ਝੰਡਾ ਸਿੰਘ ਜੀ ਸਾਰੇ ਪਰਿਵਾਰ ਨੂੰ ਪਿਆਰ ਭਰੀ ਸਤਿ ਸ੍ਰੀ ਆਕਾਲ ਉਮੀਦ ਕਰਦਾ ਹਾਂ ਕੇ ਆਪ ਦਾ ਸਾਰਾ ਪਰਿਵਾਰ ਰਾਜ਼ੀ ਖੁਸ਼ੀ ਹੋਵੇਗਾ , ਅੱਗੇ ਸਮਾਚਾਰ ਇਹ ਹੈ ਕੇ ਸਾਡੇ ਸਪੁੱਤਰ ਮੱਘਰ ਸਿੰਘ ਦਾ ਵਿਆਹ ਝੰਡਾ ਸਿੰਘ ਦੀ ਸਪੁੱਤਰੀ ਨਸੀਬ ਕੌਰ ਨਾਲ ਹੋਣਾ ਨੀਯਤ ਹੋਇਆ ਹੈ , ਦਿਨ ਐਤਵਾਰ 24ਮੱਘਰ 10ਜਨਵਰੀ 1980, ਸੋ ਇਸ ਸੁਭਾਗੇ ਤੇ ਖੁਸ਼ੀਆਂ ਭਰੇ ਮੋਕੇ ਤੇ ਸਾਡੇ ਗ੍ਰਿਹ ਵਿਖੇ ਪਰਿਵਾਰ ਸਮੇਤ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ।ਆਪ ਜੀ ਦੀ ਉਡੀਕ ਵਿੱਚ ਧੰਨਾ ਸਿੰਘ ਤੇ ਸਾਰਾ ਪਰਿਵਾਰ।ਇਹ ਚਿੱਠੀ ਦੋਵੇਂ ਪਰਿਵਾਰਾਂ ਦਾ ਮੇਲ ਕਰਾਉਣ ਵਾਲੇ ਖ਼ਾਸ ਬੰਦੇ ਜਾਣੀ ਵਿਚੋਲੇ ਦੇ ਹੱਥ ਭੇਜੀ ਜਾਂਦੀ, ਇਸ ਚਿੱਠੀ ਦੀ ਉਡੀਕ ਸਾਰੇ ਟੱਬਰ ਨੂੰ ਹੁੰਦੀ । ਜਦ ਇਹ ਚਿੱਠੀ ਮਿਲਦੀ ਤਾਂ ਸਾਰੇ ਭੈਣ ਭਰਾਵਾਂ ਤੇ ਸਕੇ ਸਬੰਧੀਆਂ ਦੇ ਵਿੱਚ ਖੋਲ ਬੈਠ ਕੇ ਪੜ੍ਹੀ ਜਾਂਦੀ।ਪਰ ਇਹ ਚਿੱਠੀ ਹੁਣ ਇੱਕ ਮਸ਼ੀਨੀ ਕਾਰਡ ਬਣ ਕੇ ਰਹਿ ਗਈ ਹੈ।

*-ਸੁਖਚੈਨ ਸਿੰਘ*
*ਠੱਠੀ ਭਾਈ, (ਯੂ ਏ ਈ)*
*00971527632924*



## ਕਾਂਗਰਸ ਨੂੰ ਚਿੰਤਾ, ਟਿਕਟ ਕੱਟਣ ਨਾਲ ਕਈ ਵਿਧਾਇਕ ਕੈਪਟਨ ਕੋਲ ਜਾ ਸਕਦੇ ਨੇ

ਚੰਡੀਗੜ੍ਹ, 24 ਨਵੰਬਰ (ਪੋਸਟ ਬਿਊਰੋ)- ਪੰਜਾਬ ਵਿੱਚ ਅਗਲੇ ਸਾਲ ਹੋ ਰਹੀਆਂ ਵਿਧਾਨ ਸਭਾ ਚੋਣਾਂ ਜਿਉਂ-ਜਿਉਂ ਨੇੜੇ ਆ ਰਹੀਆਂ ਹਨ, ਸਿਆਸੀ ਚੱਕਰ ਦਿਲਚਸਪ ਬਣਦੇ ਜਾ ਰਹੇ ਹਨ।

ਸਾਲ 2022 ਦੀਆਂ ਚੋਣਾਂ ਵਿੱਚ ਕਿਉਂਕਿ ਪਹਿਲੀ ਵਾਰ ਮੁੱਖ ਰਾਜਨੀਤਕ ਪਾਰਟੀਆਂ ਵਿੱਚ ਟੱਕਰ ਹੋਣੀ ਹੈ, ਇਸ ਲਈ ਸੱਤਾਧਾਰੀ ਕਾਂਗਰਸ ਪਾਰਟੀ ਸਭ ਤੋਂ ਵੱਧ ਫਸੀ ਹੋਈ ਜਾਪਦੀ ਹੈ।ਕਾਂਗਰਸ ਦੀ ਸਭ ਤੋਂ ਵੱਡੀ ਪ੍ਰੇਸ਼ਾਨੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਬਣਾਈ ਪੰਜਾਬ ਲੋਕ ਕਾਂਗਰਸ ਬਾਰੇ ਹੈ। ਕੈਪਟਨ ਅਮਰਿੰਦਰ ਸਿੰਘ ਨੇ ਪਾਰਟੀ ਭਾਵੇਂ ਬਣਾ ਲਈ ਹੈ, ਪਰ ਸਿਆਸੀ ਉਭਾਰ ਫੋਕਾ ਜਾਪਦਾ ਹੈ। ਭਾਜਪਾ ਕੈਪਟਨ ਅਮਰਿੰਦਰ ਸਿੰਘ ਦੇ ਨਾਲ ਨਹੀਂ ਖੜੋਤੀ, ਇਸ ਦੇ ਬਾਵਜੂਦ ਕਾਂਗਰਸ ਨੂੰ ਚਿੰਤਾ ਹੈ ਕਿ ਕਾਂਗਰਸ ਵਿੱਚ ਜਿਨ੍ਹਾਂ ਵਿਧਾਇਕਾਂ ਦੀ ਟਿਕਟ ਕੱਟੀ ਗਈ, ਉਹ ਪੰਜਾਬ ਲੋਕ ਕਾਂਗਰਸ ਵੱਲ ਜਾ ਸਕਦੇ ਹਨ। ਖਾਸ ਗੱਲ ਇਹ ਹੈ ਕਿ ਕੈਪਟਨ ਅਮਰਿੰਦਰ ਸਿੰਘ ਨਾਲ ਗੱਠਜੋੜ ਲਈ ਭਾਜਪਾ ਨੇ ਹਾਲੇ ਪੱਤੇ ਨਹੀਂ ਖੋਲ੍ਹੇ। ਸਾਰਿਆਂ ਨੂੰ ਚੋਣ ਜ਼ਾਬਤਾ ਲਾਗੂ ਹੋਣ ਦਾ ਇੰਤਜ਼ਾਰ ਹੈ। ਕੈਪਟਨ ਅਮਰਿੰਦਰ ਸਿੰਘ ਵੀ ਇਸੇ ਲਈ ਸਿਆਸੀ ਪੱਖੋਂ ਖਾਮੋਸ਼ ਹਨ। ਉਨ੍ਹਾਂ ਨੂੰ ਪਤਾ ਹੈ ਕਿ ਇਸ ਦੌਰ ਵਿੱਚ ਕੋਈ ਸਿਆਸੀ ਆਗੂ ਉਨ੍ਹਾਂ ਨਾਲ ਨਹੀਂ ਚੱਲਿਆ, ਪਰ ਚੋਣ ਜ਼ਾਬਤਾ ਲਾਗੂ ਹੋ ਜਾਣ ਪਿੱਛੋਂ ਤਸਵੀਰ ਬਦਲ ਸਕਦੀ ਹੈ।ਇੱਕ ਸਰਵੇ ਵਿੱਚ ਵੀਹ ਤੋਂ ਵੱਧ ਕਾਂਗਰਸੀ ਵਿਧਾਇਕਾਂ ਦੀ ਕਾਰਗੁਜ਼ਾਰੀ ਆਪਣੇ ਹਲਕਿਆਂ ਵਿੱਚ ਚੰਗੀ ਨਹੀਂ ਤੇ ਉਨ੍ਹਾਂ ਦੀ ਟਿਕਟ ਕੱਟੀ ਜਾ ਸਕਦੀ ਹੈ। ਕਾਂਗਰਸ ਦੇ ਸੂਬਾ ਪ੍ਰਧਾਨ ਨਵਜੋਤ ਸਿੰਘ ਸਿੱਧੂ ਵੀ ਇਸ ਦੇ ਸੰਕੇਤ ਕਰ ਚੁੱਕੇ ਹਨ।ਕਾਂਗਰਸ ਨੇ ਇਸ ਗੱਲ ਬਾਰੇ ਵਿਚਾਰ ਚੁੱਕੀ ਹੈ ਕਿ ਕਿਸੇ ਵਿਧਾਇਕ ਦੀ ਟਿਕਟ ਨਾ ਕੱਟੀ ਜਾਵੇ, ਜਦ ਕਿ ਕਈ ਲੀਡਰ ਇਸ ਨਾਲ ਸਹਿਮਤ ਨਹੀਂ। ਜਿਨ੍ਹਾਂ ਵਿਧਾਇਕਾਂ ਬਾਰੇ ਸਰਵੇ ਠੀਕ ਨਹੀਂ ਹੈ, ਉਨ੍ਹਾਂ ਦੇ ਜਿੱਤਣ ਦੀ ਸੰਭਾਵਨਾ ਨਹੀਂ ਹੈ। ਪਾਰਟੀ ਇਹੋ ਜਿਹੇ ਵਿਧਾਇਕਾਂ ਉੱਤੇ ਦਾਅ ਨਹੀਂ ਖੇਡਣਾ ਚਾਹੁੰਦੀ।

# ਮੁੱਖ ਮੰਤਰੀ ਦੀ ਸੁਰੱਖਿਆ ਲਈ ਗੈਰ ਪੰਜਾਬੀਆਂ ਦੀ ਸਿੱਧੀ ਭਰਤੀ ਦਾ ਖਿਲਾਰਾ ਸਾਹਮਣੇ ਆਇਆ

ਚੰਡੀਗੜ੍ਹ, 24 ਨਵੰਬਰ (ਪੋਸਟ ਬਿਊਰੋ)- ਪੰਜਾਬ ਦੇ ਮੁੱਖ ਮੰਤਰੀ ਦੀ ਸੁਰੱਖਿਆ ਲਈ ਪੰਜਾਬੋਂ ਬਾਹਰਲੇ ਅਫਸਰਾਂ ਤੇ ਮੁਲਾਜ਼ਮਾਂ ਦੀ ਭਰਤੀ ਲਈ ਜਿਸ ਤਰ੍ਹਾਂ ਸਭ ਰਾਹ ਖੋਲ੍ਹੇ ਗਏ, ਉਸ ਦਾ ਖਿਲਾਰਾ ਸਾਹ-ਮਣੇ ਆ ਗਿਆ ਹੈ।

ਮਿਲੀ ਜਾਣਕਾਰੀ ਅਨੁਸਾਰ ਪਿਛਲੀ ਅਕਾਲੀ-ਭਾਜਪਾ ਸਰਕਾਰ ਦੌਰਾਨ ਪੰਜਾਬ ਕੈਬਨਿਟ ਨੇ ਇਸ ਭਰਤੀ ਦੇ ਲਈ ਨਿਯਮਾਂ ਵਿੱਚ ਵਿਸ਼ੇਸ਼ ਛੋਟਾਂ ਦਿੱਤੀਆਂ ਸਨ ਜਿਸ ਦੇ ਸਿੱਟੇ ਵਜੋਂ ਕਰੀਬ 19 ਰਾਜਾਂ ਦੇ ਸਰਵਿੰਗ, ਸੇਵਾਮੁਕਤ ਅਫਸਰ ਤੇ ਮੁਲਾਜ਼ਮ ਪੰਜਾਬ ਦੇ ਮੁੱਖ ਮੰਤਰੀ ਦੀ ਸੁਰੱਖਿਆ ਲਈ ਬਣੇ 'ਸਪੈਸ਼ਲ ਪ੍ਰੋਟੈਕਸ਼ਨ ਯੂਨਿਟ' ਵਿੱਚ ਭਰਤੀ ਹੋਣ ਵਿੱਚ ਸਫਲ ਹੋ ਗਏ। ਇਸ ਸੰਬੰਧ ਵਿੱਚ ਸਾਹਮਣੇ ਆਏ ਤੱਥਾਂ ਅਨੁਸਾਰ ਗੈਰ ਪੰਜਾਬੀਆਂ ਦੀ ਭਰਤੀ ਇਕੱਲੀ ਗੱਠਜੋੜ ਸਰਕਾਰ ਸਮੇਂ ਹੀ ਨਹੀਂ,ਉਸ ਦੇ ਬਾਅਦ ਮੌਜੂਦਾ ਕਾਂਗਰਸ ਸਰਕਾਰ ਵਿੱਚ ਕੈਪਟਨ ਅਮਰਿੰਦਰ ਸਿੰਘ ਦੇ ਮੁੱਖ ਮੰਤਰੀ ਹੋਣ ਦੌਰਾਨ ਵੀ ਹੋਈ ਸੀ, ਜਿਸ ਵਿੱਚ ਸਿੱਧੀ ਭਰਤੀ ਦਾ ਰੌਲਾ ਪੈਣ ਉੱਤੇ ਮੌਜੂਦਾ ਡਿਪਟੀ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਨੇ ਡੀ ਜੀ ਪੀ (ਪੰਜਾਬ ਪੁਲਸ ਦੇ ਮੁਖੀ) ਤੋਂ ਰਿਪੋਰਟ ਮੰਗੀ ਸੀ। ਜਿਹੜੀ ਰਿਪੋਰਟ ਉਪ ਮੁੱਖ ਮੰਤਰੀ ਕੋਲ ਪੁੱਜੀ, ਉਸ ਅਨੁਸਾਰ ਕੇਂਦਰੀ ਸੁਰੱਖਿਆ ਫੋਰਸਾਂ ਦੇ ਸਰਵਿੰਗ ਅਤੇ ਸੇਵਾਮੁਕਤ 209 ਅਫਸਰ ਅਤੇ ਮੁਲਾਜ਼ਮ 'ਸਪੈਸ਼ਲ ਪ੍ਰੋਟੈਕਸ਼ਨ ਯੂਨਿਟ' ਵਿੱਚ ਭਰਤੀ ਕੀਤੇ ਗਏ ਸਨ। ਇਨ੍ਹਾਂ ਵਿੱਚੋਂ ਅਕਾਲੀ-ਭਾਜਪਾ ਗੱਠਜੋੜ ਨੇ ਸਾਲ 2014 ਅਤੇ ਸਾਲ 2016 ਵਿੱਚ ਕੁੱਲ ਮਿਲਾ ਕੇ 146 ਜਣੇ ਭਰਤੀ ਕੀਤੇ ਅਤੇ ਅਮਰਿੰਦਰ ਸਿੰਘ ਦੇ ਰਾਜਦੌਰਾਨ 63 ਅਧਿਕਾਰੀ ਭਰਤੀ ਕੀਤੇ ਗਏ ਸਨ।

ਇਸ ਬਾਰੇ ਮੀਡੀਆ ਰਿਪੋਰਟ ਅਨੁਸਾਰ 23 ਜੁਲਾਈ 2013 ਨੂੰ ਪੰਜਾਬ ਦੀ ਕੈਬਨਿਟ ਨੇ 'ਸਪੈਸ਼ਲ ਪ੍ਰੋਟੈਕਸ਼ਨ ਯੂਨਿਟ' ਵਿੱਚ ਕੇਂਦਰੀ ਸੁਰੱਖਿਆ ਫੋਰਸਾਂ ਦੇ ਸਰਵਿੰਗ ਅਤੇ ਸੇਵਾਮੁਕਤ 300 ਮੁਲਾਜ਼ਮਭਰਤੀ ਕਰਨ ਲਈ ਪ੍ਰਵਾਨਗੀ ਦਿੱਤੀ ਅਤੇ ਪੜਾਅਵਾਰ ਭਰਤੀ ਕਰਨ ਦਾ



ਫੈਸਲਾ ਕੀਤਾ ਸੀ। ਇਸੇ ਆਧਾਰ ਉੱਤੇ 29 ਅਗਸਤ 2013 ਨੂੰ ਇਸ ਦੀ ਭਰਤੀ ਲਈ ਛੇ ਮੈਂਬਰੀ ਭਰਤੀ ਕਮੇਟੀ ਬਣਾਈ ਗਈ ਸੀ।

ਇਸ ਭਰਤੀ ਬਾਰੇ ਰੌਲਾ ਇਹ ਪਿਆ ਹੈ ਕਿ ਪੰਜਾਬੀ ਨੌਜਵਾਨ ਜਦੋਂ ਸੜਕਾਂ ਉੱਤੇ ਰੁਲਦੇ ਪਏ ਹਨ ਤਾਂ ਪੰਜਾਬ ਸਰਕਾਰ ਦੂਸਰੇ ਰਾਜਾਂ ਦੇ ਸੇਵਾਮੁਕਤ ਅਫਸਰਾਂ ਨੂੰ ਨੌਕਰੀਆਂ ਦੇ ਰਹੀ ਹੈ। ਇਸ ਰਿਪੋਰਟ ਅਨੁਸਾਰ ਗੱਠਜੋੜ ਸਰਕਾਰ ਨੇ ਸਾਲ 2014 ਵਿੱਚ 'ਸਪੈਸ਼ਲ ਪ੍ਰੋਟੈਕਸ਼ਨ ਯੂਨਿਟ' ਵਿੱਚ 82 ਕਰਮਚਾਰੀ ਭਰਤੀ ਕੀਤੇ ਸਨ ਅਤੇ ਫਿਰ 2016 ਵਿੱਚ 64 ਹੋਰ ਭਰਤੀ ਕੀਤੇ। ਇਸੇ ਤਰ੍ਹਾਂ ਸਾਲ 2021 ਵਿੱਚ ਮੌਜੂਦਾ ਸਰਕਾਰ ਨੇ ਵੀ 63 ਜਣੇ ਭਰਤੀ ਕੀਤੇ। ਇਨ੍ਹਾਂ 209 ਜਣਿਆਂ ਵਿੱਚ ਚਾਰ ਡੀ ਐਸ ਪੀ, 34 ਇੰਸਪੈਕਟਰ ਤੇ 15 ਸਬ ਇੰਸਪੈਕਟਰ ਸ਼ਾਮਲ ਹਨ। 'ਸਪੈਸ਼ਲ ਪ੍ਰੋਟੈਕਸ਼ਨ ਯੂਨਿਟ' ਵਿੱਚ ਭਰਤੀ ਕੀਤੇ 209 ਜਣਿਆਂ ਵਿੱਚੋਂ ਪੰਜਾਬ ਦੇ ਸਿਰਫ 17 ਜਣੇ ਹਨ ਤੇ ਬਾਕੀ 19 ਰਾਜਾਂ ਦੇ 192 ਮੁਲਾਜ਼ਮ ਹਨ। ਇਸ ਯੂਨਿਟ ਵਿੱਚ ਹਰਿਆਣਾ ਦੇ ਸਭ ਤੋਂ ਵੱਧ 36, ਉਤਰ ਪ੍ਰਦੇਸ਼ ਦੇ 35, ਰਾਜਸਥਾਨ ਦੇ 26, ਹਿਮਾਚਲ ਪ੍ਰਦੇਸ਼ ਦੇ 22, ਉਤਰਾਖੰਡ ਦੇ 14, ਜੰਮੂ ਕਸ਼ਮੀਰ ਦੇ 14, ਦਿੱਲੀ ਦੇ 12, ਪੱਛਮੀ ਬੰਗਾਲ ਦੇ 6, ਮਹਾਰਾਸ਼ਟਰ ਦੇ 5 ਤੇ ਉੜੀਸਾ ਦੇ 4ਹਨ। ਝਾਰਖੰਡ, ਕਰਨਾਟਕ ਤੇ ਤਾਮਿਲ ਨਾਡੂ ਦੇ ਤਿੰਨ-ਤਿੰਨ, ਬਿਹਾਰ, ਕੇਰਲਾ ਅਤੇ ਤ੍ਰਿਪੁਰਾ ਦੇ ਦੋ-ਦੋ ਅਤੇ ਚੰਡੀਗੜ੍ਹ, ਗੋਆ ਅਤੇ ਮੱਧ ਪ੍ਰਦੇਸ਼ ਦਾ ਇੱਕ ਕਰਮਚਾਰੀ ਹੈ। ਭਰਤੀ ਕੀਤੇ ਲੋਕਾਂ ਵਿੱਚੋਂ ਨੌਂ ਜਣੇ ਨੌਕਰੀ ਛੱਡ ਵੀ ਚੁੱਕੇ ਹਨ। ਪੰਜਾਬ ਕੈਬਨਿਟ ਨੇ ਦੂਸਰੇ ਰਾਜਾਂ ਲਈ ਰਾਹ ਸਾਫ ਕਰਨ ਵਾਸਤੇ ਪਹਿਲੀ ਅਕਤੂਬਰ 2013 ਤੇ 30 ਨਵੰਬਰ 2013 ਨੂੰ ਵਿਸ਼ੇਸ਼ ਛੋਟਾਂ ਵੀ ਦਿੱਤੀਆਂ ਸਨ। ਇਸ ਭਰਤੀ ਲਈ ਡੀ ਐਸ ਪੀ ਦੀਆਂ ਪੰਜ ਪੋਸਟਾਂ, ਇੰਸਪੈਕਟਰ ਰੈਂਕ ਦੀਆਂ 15 ਅਤੇ ਸਬ ਇੰਸਪੈਕਟਰ ਦੀਆਂ ਪੰਜਾਹ ਪੋਸਟਾਂ ਨੂੰ ਪੰਜਾਬ ਪਬਲਿਕ ਸਰਵਿਸ ਕਮਿਸ਼ਨ (ਪੀ ਪੀ ਐਸ ਸੀ) ਦੇ ਘੇਰੇ ਵਿੱਚੋਂ ਕੱਢਿਆ ਗਿਆ ਅਤੇ ਸਿੱਧੀ ਭਰਤੀ ਲਈ ਪੀ ਪੀ ਆਰ ਦੀਆਂ ਪ੍ਰੋਵੀਜ਼ਨਾਂ ਵਿੱਚ ਛੋਟਾਂ ਦਿੱਤੀਆਂ ਗਈਆਂ ਸਨ। ਉਪਰਲੀ ਉਮਰ ਹੱਦ ਵੀ 42 ਸਾਲ ਕੀਤੀ ਗਈ ਅਤੇ ਮੈਟ੍ਰਿਕ ਪੱਧਰ ਉੱਤੇ ਪੰਜਾਬੀ ਭਾਸ਼ਾ (ਲਾਜ਼ਮੀ) ਪਾਸ ਕਰਨ ਤੋਂ ਵੀ ਛੋਟ ਦਿੱਤੀ ਗਈ।

ਇਸੇ ਤਰ੍ਹਾਂ ਇਸ ਯੂਨਿਟ ਵਿੱਚ ਟ੍ਰੇਨਰ ਤੇ ਟੈਕਨੀਕਲ ਅਫਸਰ ਭਰਤੀ ਲਈ ਜਨਰਲ ਕੈਟਾਗਰੀ ਲਈ ਉਮਰ ਹੱਦ ਪਹਿਲੀ ਵਾਰ 42 ਸਾਲ ਕੀਤੀ ਗਈ ਅਤੇ ਦੂਸਰੀ ਵਾਰ 45 ਸਾਲ ਕਰ ਦਿੱਤੀ। ਚੁਣੇ ਜਾਣ ਵਾਲਿਆਂ ਦੀ ਤਨਖਾਹ ਪ੍ਰੋਟੈਕਟ ਕੀਤੀ ਗਈ ਸੀ। ਅਮਰਿੰਦਰ ਸਰਕਾਰ ਨੇ ਤਾਂ ਸਪੈਸ਼ਲ ਪ੍ਰੋਟੈਕਸ਼ਨ ਯੂਨਿਟ ਵਿੱਚ ਵਧੇਰੇ ਇੰਸਪੈਕਟਰਾਂ ਦੀ ਲੋੜ ਦੱਸ ਕੇ 28 ਜੁਲਾਈ 2021 ਨੂੰ ਤੀਹ ਸਬ ਇੰਸਪੈਕਟਰਾਂ ਦੀਆਂ ਪੋਸਟਾਂ ਸਰੰਡਰ ਕਰ ਕੇ 29 ਇੰਸਪੈਕਟਰ ਰੈਂਕ ਦੀਆਂ ਪੋਸਟਾਂ ਬਣਾਉਣ ਨੂੰ ਪ੍ਰਵਾਨਗੀ ਦੇ ਦਿੱਤੀ। ਡਿਪਟੀ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਰਿਪੋਰਟ ਪ੍ਰਾਪਤ ਹੋ ਗਈ ਹੈ ਅਤੇ ਉਹ ਇਸ ਰਿਪੋਰਟ ਦਾ ਮੁੱਲਾਂਕਣ ਕਰ ਰਹੇ ਹਨ।

## ਮੰਦਰ ਤੋਂ ਮੱਥਾ ਟੇਕ ਕੇ ਮੁੜਦੇ ਪਰਿਵਾਰ ਨਾਲ ਹਾਦਸਾ, 3 ਮੌਤਾਂ

ਖੰਨਾ, 24 ਨਵੰਬਰ (ਪੋਸਟ ਬਿਊਰੋ)- ਏਥੋਂ ਨੇੜੇ ਪਿੰਡ ਦਹਿੜੂ ਦੇ ਨੈਸ਼ਨਲ ਹਾਈਵੇ ਉੱਤੇਕੱਲ੍ਹ ਰਾਤ ਸੜਕ ਹਾਦਸੇ ਵਿੱਚ ਬੱਚੀ ਸਮੇਤ ਪਰਵਾਰ ਦੇ ਤਿੰਨ ਜੀਆਂ ਦੀ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਸੁਸ਼ੀਲ ਕੁਮਾਰ, ਪੂਜਾ ਰਾਣੀ ਪਤਨੀ ਸੁਸ਼ੀਲ ਕੁਮਾਰ ਤੇ ਪਰੀ ਉਰਫ਼ ਗੁੰਨੂੰ (6)





ਪੁੱਤਰੀ ਸੁਸ਼ੀਲ ਕੁਮਾਰ ਵਾਸੀ ਸਲਾਮ ਗੰਜ ਲੁਧਿਆਣਾ ਵਜੋਂ ਹੋਈ ਹੈ। ਮਿਲੀ ਜਾਣਕਾਰੀ ਅਨੁਸਾਰ ਸੁਨੀਲ ਕੁਮਾਰ ਆਪਣੀ ਪਤਨੀ ਤੇ ਬੱਚੀ ਨਾਲ ਸਕੂਟਰੀ ਉੱਤੇ ਪਟਿਆਲਾ ਵਿੱਚ ਕਾਲੀ ਮਾਤਾ ਦੇ ਮੰਦਰ ਵਿਖੇ ਦਰਸ਼ਨ ਕਰ ਕੇ ਵਾਪਸ ਲੁਧਿਆਣੇ ਆ ਰਿਹਾ ਸੀ। ਜਦੋਂ ਇਹ ਪਿੰਡ ਦਹਿੜੂ ਕੋਲ ਪੁੱਜੇ ਤਾਂ ਉਨ੍ਹਾਂ ਦੀ ਸਕੂਟਰੀ ਨੈਸ਼ਨਲ ਹਾਈਵੇ ਉੱਤੇ ਖੜੇ ਸਰੀਏ ਨਾਲ ਭਰੇ ਟਰੱਕ ਹੇਠਾਂ ਜਾ ਵੜੀ, ਜਿਸ ਕਾਰਨ ਤਿੰਨਾਂ ਦੀ ਮੌਕੇ ਉੱਤੇ ਮੌਤ ਹੋ ਗਈ। ਪੁਲਸ ਚੌਕੀ ਕੋਟਾਂਦੇ ਇੰਚਾਰਜ ਸੁਖਵਿੰਦਰਪਾਲ ਸਿੰਘ ਨੇ ਦੱਸਿਆ ਕਿ ਟਰੱਕ ਡਰਾਈਵਰ ਪਵਨ ਕੁਮਾਰ ਪੁੱਤਰ ਰੂਪ ਲਾਲ ਖ਼ਿਲਾਫ਼ ਕੇਸ ਦਰਜ ਕਰ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।






## 8,393 ਟੀਚਰਾਂ ਦੀ ਭਰਤੀ ਦੇ 28 ਨੂੰ ਹੋਣ ਵਾਲੇ ਲਿਖਤੀ ਟੈੱਸਟ ਉੱਤੇ ਹਾਈ ਕੋਰਟ ਵੱਲੋਂ ਰੋਕ




ਚੰਡੀਗੜ੍ਹ, 24 ਨਵੰਬਰ (ਪੋਸਟ ਬਿਊਰੋ)- ਪੰਜਾਬ ਵਿੱਚ 8,393 ਐਨ ਟੀ ਟੀ, ਪ੍ਰੀ ਪ੍ਰਾਇਮਰੀ ਸਕੂਲ ਟੀਚਰਜ਼ ਦੀਭਰਤੀ ਲਈ ਸੋਧੇ ਹੋਏ ਨਿਯਮਾਂ ਹੇਠ ਫਿਰ ਸ਼ੁਰੂ ਕੀਤੀ ਨਿਯੁਕਤੀ ਪ੍ਰਕਿਰਿਆ ਨੂੰ ਰੱਦ ਕਰਨ ਦੀ ਮੰਗ ਦੇ ਲਈ ਸੈਂਕੜੇ ਉਮੀਦਵਾਰਾਂ ਦੀਆਂ ਕੁੱਲ 23 ਪਟੀਸ਼ਨਾਂਦੀ ਸੁਣਵਾਈ ਕਰਦਿਆਂ ਹਾਈ ਕੋਰਟ ਦੇ ਜਸਟਿਸ ਜੀ ਐਸ ਸੰਧਾਵਾਲੀਆ ਅਤੇ ਜਸਟਿਸ ਵਿਕਾਸ ਸੂਰੀ ਦੀ ਡਬਲ ਬੈਂਚ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸੈਕਟਰੀ ਨੂੰ ਐਫੀਡੇਵਿਟ ਪੇਸ਼ ਕਰਨ ਦੇ ਆਦੇਸ਼ ਦਿੱਤੇ ਹਨ। ਅਦਾਲਤ ਨੇ ਇਹ ਵੀ ਕਿਹਾ ਕਿ ਇਸ਼ਤਿਹਾਰ ਦੇ ਹਿਸਾਬ ਨਾਲ ਲਿਖਤੀ ਪ੍ਰੀਖਿਆ 28 ਨਵੰਬਰ ਲਈ ਤੈਅ ਹੈ, ਇਸ ਲਈ ਸਰਕਾਰ ਨੂੰ ਆਦੇਸ਼ ਦਿੱਤੇ ਹਨ ਕਿ ਅਗਲੇ ਆਦੇਸ਼ ਤਕ ਸਬੰਧਤ ਪ੍ਰੀਖਿਆ ਨਾ ਕਰਵਾਈ ਜਾਵੇ। 29 ਨਵੰਬਰ ਜਾਂ ਸਰੀਰਕ ਤੌਰ ਉੱਤੇ ਸੁਣਵਾਈ ਹੋਣ ਵਾਲੇ ਦਿਨ ਕੇਸ ਨੂੰ ਸੁਣਿਆ ਜਾਵੇਗਾ।

ਇਨ੍ਹਾਂ ਪਟੀਸ਼ਨਾਂ ਵਿੱਚ ਚਾਹਵਾਨ ਉਮੀਦਵਾਰਾਂ ਨੇ ਕਿਹਾ ਕਿ ਉਹ ਐਟ ਟੀ ਟੀ, ਪ੍ਰੀ ਪ੍ਰਾਇਮਰੀ ਸਕੂਲ ਟੀਚਰਜ਼ ਦੇ ਅਹੁਦੇ ਲਈ ਪੂਰੀ ਯੋਗਤਾ ਰੱਖਦੇ ਹਨ। 23 ਨਵੰਬਰ 2020 ਨੂੰ ਇਨ੍ਹਾਂ ਅਧਿਆਪਕਾਂ ਲਈ 8,393 ਅਹੁਦੇ ਭਰਨ ਲਈ ਇਸ਼ਤਿਹਾਰ ਕੱਢਿਆ ਗਿਆ ਸੀ। ਨਿਯੁਕਤੀ ਪ੍ਰਕਿਰਿਆ ਅੱਧ ਵਿਚਾਲੇ 26 ਅਗਸਤ ਨੂੰ ਰੱਦ ਕਰ ਦਿੱਤੀ ਗਈ ਤੇ ਫਿਰਪੰਜਾਬ ਰਾਜ ਮੁੱਢਲੀ ਸਿੱਖਿਆ ਗਰੁੱਪ-ਸੀ ਸਰਵਿਸ ਰੂਲਜ਼ਦੀ ਸੋਧ ਕੀਤੀ ਗਈ। ਪਟੀਸ਼ਨਰਾਂ ਨੇ ਇਸ ਵਿੱਚ ਕੀਤੀ ਸੋਧ ਅਤੇ ਕੱਢੇ ਇਸ਼ਤਿਹਾਰ ਨੂੰ ਰੱਦ ਕਰਨ ਦੀ ਮੰਗ ਕੀਤੀ ਹੈ। ਇਸ ਦੇ ਨਾਲ ਹੀ ਪੁਰਾਣੇ ਇਸ਼ਤਿਹਾਰ ਮੁਤਾਬਕ ਸ਼ੁਰੂ ਕੀਤੀ ਨਿਯੁਕਤੀ ਪ੍ਰਕਿਰਿਆ ਨੂੰ ਰੱਦ ਕਰਨ ਵਾਲੇ 26 ਅਗਸਤ ਦੇ ਆਦੇਸ਼ ਨੂੰ ਰੱਦ ਕਰਨ ਦੀ ਮੰਗ ਕੀਤੀ ਗਈ ਹੈ।

## ਨੌਜਵਾਨ ਨੇ ਫਾਂਸੀ ਲਾ ਕੇ ਖੁਦਕੁਸ਼ੀ ਕਰ ਲਈ



ਜਲੰਧਰ, 24 ਨਵੰਬਰ (ਪੋਸਟ ਬਿਊਰੋ)- ਇਸ ਸ਼ਹਿਰ ਵਿੱਚ ਬਸਤੀ ਸ਼ੇਖ਼ ਇਲਾਕੇ ਦੇ ਗੁਰਦੀਪ ਸਿੰਘ ਨੇ ਕੱਲ੍ਹ ਬੈਡਰੂਮ ਵਿੱਚ ਫਾਂਸੀ ਲਾ ਕੇ ਸੁਸਾਈਡ ਕਰ ਲਿਆ। ਉਸ ਨੇ ਸੁਸਾਈਡ ਨੋਟ ਵਿੱਚ ਪਤਨੀ ਤੇ ਸੱਸ ਨੂੰ ਜ਼ਿੰਮੇਵਾਰ ਕਿਹਾ ਹੈ। ਘਟਨਾ ਦਾ ਪਤਾ ਓਦੋਂ ਲੱਗਾ, ਜਦ ਪਿਤਾ ਤ੍ਰਿਲੋਚਨ ਸਿੰਘ ਰਾਤ ਨੂੰ ਬਾਹਰੋਂ ਘਰ ਆਏ ਤਾਂ ਬੇਟੇ ਦੀ ਲਾਸ਼ ਦੇਖੀ।

ਥਾਣਾ ਨੰਬਰ ਪੰਜ ਦੇ ਐਸ ਐਚ ਓ ਗੁਰਵਿੰਦਰਜੀਤ ਸਿੰਘ ਨੇ ਸੁਸਾਈਡ ਨੋਟ ਮਿਲਣ ਦੀ ਪੁਸ਼ਟੀ ਕਰਦੇ ਹੋਏ ਕਿਹਾ ਕਿ ਕੇਸ ਨਾਲ ਜੁੜੇ ਹਰ ਪਹਿਲੂ ਦੀ ਜਾਂਚ ਕੀਤੀ ਜਾ ਰਹੀ ਹੈ। ਮ੍ਰਿਤਕ ਗੁਰਦੀਪ ਸਿੰਘ ਦੀ ਭੈਣ ਗੁਰਪ੍ਰੀਤ ਕੌਰ ਨੇ ਭਰਜਾਈ ਉੱਤੇ ਦੋਸ਼ ਲਾਏ ਹਨ। ਉਸ ਨੇ ਦੱਸਿਆ ਕਿ ਹੋਟਲ ਵਿੱਚ ਕੰਮ ਕਰਦੇ ਉਸ ਦੇ ਭਰਾ ਦਾ ਵਿਆਹ 11 ਮਹੀਨੇ ਪਹਿਲਾਂ ਗੋਪਾਲ ਨਗਰ ਵਿੱਚ ਹੋਇਆ ਸੀ। ਦੋ ਮਹੀਨੇ ਬਾਅਦ ਭਰਜਾਈ ਨੇ ਝਗੜਾ ਸ਼ੁਰੂ ਕਰ ਦਿੱਤਾ ਸੀ। ਉਹ ਭਰਾ ਨੂੰ ਕਹਿਣ ਲੱਗੀ ਕਿ ਭੈਣ ਨਾਲ ਨਹੀਂ ਮਿਲਣਾ, ਰਿਸ਼ਤੇਦਾਰ ਘਰ ਨਾ ਆਉਣ। ਕਿਸੇ ਨਾ ਕਿਸੇ ਗੱਲ ਉਤੇ ਤਾਅਨੇ ਮਾਰਦੀ ਸੀ। ਭਰਜਾਈ ਪ੍ਰੈਗਨੈਂਟ ਸੀ, ਪਰ ਸੋਮਵਾਰ ਝਗੜਾ ਕਰ ਕੇ ਪੇਕੇ ਚਲੀ ਗਈ। ਫਿਰ ਭਰਾ ਨੂੰ ਸੱਸ ਵੀ ਧਮਕੀਆਂ ਦਿੰਦੀ ਸੀ। ਉਸ ਨੂੰ ਕਾਫੀ ਜ਼ਲੀਲ ਕੀਤਾ ਜਾਂਦਾ ਸੀ ਇਸ ਲਈ ਭਰਾ ਨੇ ਭਰਜਾਈ ਤੇ ਸੱਸ ਤੋਂ ਤੰਗ ਆ ਕੇ ਜਾਨ ਦੇ ਦਿੱਤੀ।

## ਸੁਖਪਾਲ ਸਿੰਘ ਖਹਿਰਾ ਦੀ ਜ਼ਮਾਨਤ ਉਤੇ ਸੁਣਵਾਈ 29 ਤਕ ਟਲੀ

ਐਸ ਏ ਐਸ ਨਗਰ (ਮੁਹਾਲੀ), 24 ਨਵੰਬਰ (ਪੋਸਟ ਬਿਊਰੋ)- ਇਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਵੱਲੋਂ ਮਨੀ ਲਾਂਡਰਿੰਗ ਦੇ ਦੋਸ਼ ਵਿੱਚ ਗ੍ਰਿਫਤਾਰ ਸੀਨੀਅਰ ਕਾਂਗਰਸ ਆਗੂ ਸੁਖਪਾਲ ਸਿੰਘ ਖਹਿਰਾ ਨੇ ਆਪਣੇ ਵਕੀਲ ਹਰਿੰਦਰਪਾਲ ਸਿੰਘ ਰਾਹੀਂ ਮੁਹਾਲੀ ਦੀ ਅਦਾਲਤ ਵਿੱਚ ਅਰਜ਼ੀ ਦਾਇਰ ਕਰ ਕੇ ਜ਼ਮਾਨਤ ਦੇਣ ਦੀ ਮੰਗ ਕੀਤੀ ਹੈ। ਉਹ 14 ਦਿਨਾਂ ਦੀ ਪਟਿਆਲਾ ਜੇਲ੍ਹ ਵਿੱਚ ਬੰਦ ਹਨ ਤੇ ਉਨ੍ਹਾਂ ਨੂੰ ਦੋ ਦਸੰਬਰ ਨੂੰ ਅਦਾਲਤ ਪੇਸ਼ ਕੀਤਾ ਜਾਵੇਗਾ।

ਇਸ ਦੌਰਾਨ ਮੁਹਾਲੀ ਦੇ ਐਡੀਸ਼ਨਲ ਜ਼ਿਲ੍ਹਾ ਤੇ ਸੈਸ਼ਨ ਜੱਜ ਰੰਜਨ ਖੁੱਲਰ ਦੀ ਅਦਾਲਤ ਨੇ ਖਹਿਰਾ ਦੀ ਜ਼ਮਾਨਤ ਅਰਜ਼ੀ ਉੱਤੇ ਸੁਣਵਾਈ 29 ਨਵੰਬਰ ਤਕ ਟਾਲ ਦਿੱਤੀ ਹੈ। ਦੂਸਰੇ



ਪਾਸੇ ਪੰਜਾਬ ਹਰਿਆਣਾ ਹਾਈ ਕੋਰਟ ਨੇ ਈ ਡੀ ਨੂੰ ਨੋਟਿਸ ਜਾਰੀ ਕਰ ਕੇ 29 ਨਵੰਬਰ ਤਕ ਜਵਾਬ ਦੇਣ ਲਈ ਕਿਹਾ ਹੈ। ਖਹਿਰਾ ਨੇ ਆਪਣੇ ਵਕੀਲ ਰਾਹੀਂ ਹਾਈ ਕੋਰਟ ਵਿੱਚ ਦਾਇਰ ਅਰਜ਼ੀ ਰਾਹੀਂ ਈ ਡੀ ਦੀ ਕਾਰਵਾਈ ਨੂੰ ਗੈਰ ਕਾਨੂੰਨੀ ਦੱਸ ਕੇ ਉਸ ਨੂੰ ਕਿਸੇ ਡੂੰਘੀ ਸਾਜ਼ਿਸ਼ ਤਹਿਤ ਝੂਠੇ ਕੇਸ ਵਿੱਚ ਫਸਾਉਣ ਦਾ ਦੋਸ਼ ਲਾਇਆ ਹੈ। ਵਰਨਣ ਯੋਗ ਹੈ ਕਿ ਸੁਖਪਾਲ ਸਿੰਘ ਖਹਿਰਾ ਨੂੰ ਬੀਤੀ 11 ਨਵੰਬਰ ਨੂੰ ਕੇਸਦੀ ਪੁੱਛਗਿੱਛ ਲਈ ਈ ਡੀ ਦੇ ਸੈਕਟਰ 18 ਵਾਲੇ ਦਫਤਰ ਸੱਦਿਆ ਗਿਆ ਸੀ, ਜਿੱਥੇ ਮੁੱਢਲੀ ਪੁੱਛਗਿੱਛ ਦੌਰਾਨ ਕਾਂਗਰਸ ਆਗੂ ਦੀ ਗ੍ਰਿਫਤਾਰੀ ਪਾ ਦਿੱਤੀ ਗਈ ਸੀ।ਈ ਡੀ ਨੇ ਸਾਲ 2015 ਵਿੱਚ ਫਾਜ਼ਿਲਕਾ ਵਿੱਚ ਨਸ਼ਾ ਤਸਕਰੀ ਦਾ ਕੇਸ ਦਰਜ ਕੀਤਾ ਸੀ। ਖਹਿਰਾ ਉੱਤੇ ਵਿਦੇਸ਼ਾਂ ਵਿੱਚੋਂ ਚੰਦੇ ਵਜੋਂ ਪੈਸਾ ਇਕੱਠੇ ਕਰਨ ਦਾ ਦੋਸ਼ ਵੀ ਹੈ। ਬਾਅਦ ਵਿੱਚ ਈ ਡੀ ਨੇ ਇਸ ਕੇਸ ਵਿੱਚ ਖਹਿਰਾ ਨੂੰ ਵੀ ਨਾਮਜ਼ਦ ਕਰ ਲਿਆ ਸੀ। ਖਹਿਰਾ ਦੇ ਸਪੁੱਤਰ ਐਡਵੋਕੇਟ ਮਹਿਤਾਬ ਸਿੰਘ ਖਹਿਰਾ ਨੇ ਈ ਡੀ ਕੇਸ ਵਿੱਚ ਉਨ੍ਹਾਂ ਦੇ ਪਰਵਾਰ ਦਾ ਸਹਿਯੋਗ ਦੇਣ ਲਈ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦਾ ਧੰਨਵਾਦ ਕੀਤਾ ਹੈ।

## ਮੰਤਰੀਆਂ ਦੇ ਖਾਣੇ ਦੇ ਬਿੱਲ ਪੰਜਾਬ ਸਰਕਾਰ ਨਹੀਂ ਭਰ ਰਹੀ

*** ਮਾਮਲਾ ਹਾਈ ਕੋਰਟ ਵਿੱਚ ਵੀ ਜਾ ਪਹੁੰਚਿਆ**

ਚੰਡੀਗੜ੍ਹ, 24 ਨਵੰਬਰ (ਪੋਸਟ ਬਿਊਰੋ)- ਦੋ ਸਾਲ ਪਹਿਲਾਂ ਬਟਾਲਾ (ਗੁਰਦਾਸਪੁਰ) ਵਿੱਚ ਹੋਈ ਪੰਜਾਬ ਕੈਬਨਿਟ ਦੀ ਬੈਠਕ ਵਿੱਚ ਖਾਣ-ਪੀਣ ਦਾ ਪ੍ਰਬੰਧ ਕਰਨ ਵਾਲੇ ਕੈਟਰਰ ਦਾ ਭੁਗਤਾਨ ਨਾ ਕਰਨ ਦਾ ਮਾਮਲਾ ਪੰਜਾਬ ਤੇ ਹਰਿਆਣਾ ਹਾਈ ਕੋਰਟ ਪਹੁੰਚ ਗਿਆ ਹੈ। ਕੈਟਰਰ ਨੇ ਅਰਜ਼ੀ ਦਿੱਤੀ ਹੈ ਕਿ ਉਸ ਦੇ 3.99 ਲੱਖ ਰੁਪਏ ਬਕਾਇਆ ਹਨ।

ਹਾਈ ਕੋਰਟ ਦੇ ਜਸਟਿਸ ਰਾਜ ਮੋਹਨ ਸਿੰਘ ਨੇ ਪੰਜਾਬ ਸਰਕਾਰ ਨੂੰ ਇੱਕ ਮਹੀਨੇ ਵਿੱਚ ਮਾਮਲਾ ਨਿਬੇੜਨ ਅਤੇ ਪਟੀਸ਼ਨਰਾਂ ਦਾ ਦਾਅਵਾ ਸਹੀ ਪਾਏ ਜਾਣ ਉੱਤੇ ਦੋ ਹਫਤੇ ਦੇ ਅੰਦਰ ਭੁਗਤਾਨ ਕਰਨ ਦਾ ਹੁਕਮ ਦਿੱਤਾ ਹੈ।ਅੰਮ੍ਰਿਤਸਰ ਦੇ ਆਰ ਕੇ ਕੈਟਰਰਸ ਨੇ ਪਟੀਸ਼ਨ ਵਿੱਚ ਕਿਹਾ ਹੈ ਕਿ ਓਦੋਂ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਿੱਚ 24 ਅਕਤੂਬਰ 2019 ਨੂੰ ਬਟਾਲੇ ਵਿੱਚ ਹੋਈ ਕੈਬਨਿਟ ਦੀ ਬੈਠਕ ਵਿੱਚ ਉਸ ਨੇ ਖਾਣ-ਪੀਣ ਦੀ ਸਰਵਿਸ ਦਿੱਤੀ। ਇਸ ਦੇ ਲਈ ਅਧਿਕਾਰੀਆਂ ਨੇ ਕੋਟੇਸ਼ਨਾਂ ਮੰਗੀਆਂ ਸਨ। ਪਟੀਸ਼ਨਰ ਅਨੁਸਾਰ ਉਸ ਨੇ ਤੈਅ ਤਰੀਕ ਉੱਤੇ ਸੇਵਾਵਾਂ ਦਿੱਤੀਆਂ ਤੇ ਸਰਕਾਰ ਨੂੰ ਜੀ ਐਸ ਟੀ ਸਮੇਤ 4.20 ਲੱਖ ਰੁਪਏ ਦਾ ਬਿੱਲ ਪੇਸ਼ ਕੀਤਾ। ਅਧਿਕਾਰੀਆਂ ਨੇ 3.99 ਲੱਖ ਰੁਪਏ ਦਾ ਬਿੱਲ ਮਨਜ਼ੂਰ ਕੀਤਾ, ਪਰ ਅਜੇ ਤਕ ਰਾਸ਼ੀ ਜਾਰੀ ਨਹੀਂ ਕੀਤੀ। ਪਟੀਸ਼ਨਰ ਦਾ ਦਾਅਵਾ ਹੈ ਕਿ ਉਸ ਵੱਲੋਂ ਦਿੱਤੀ ਸਰਵਿਸ ਗਈ ਸੇਵਾ ਵਿੱਚ ਕੋਈ ਕਮੀਂ ਨਹੀਂ ਸੀ, ਇਸ ਲਈ ਪੈਸੇ ਦਾ ਭੁਗਤਾਨ ਕੀਤਾ ਜਾਵੇ।

# ਖੇਤੀ ਕਾਨੂੰਨਾਂ ਬਾਰੇ ਰਿਪੋਰਟ ਜਨਤਕ ਕਰਨ ਲਈ ਘਣਵਤ ਵੱਲੋਂ ਚੀਫ ਜਸਟਿਸ ਨੂੰ ਪੱਤਰ

ਨਵੀਂ ਦਿੱਲੀ, 24 ਨਵੰਬਰ (ਪੋਸਟ ਬਿਊਰੋ)- ਭਾਰਤ ਸਰਕਾਰ ਵੱਲੋਂ ਪਿਛਲੇ ਸਾਲ ਬਣਾਏ ਖੇਤੀ ਕਾਨੂੰਨਾਂ ਲਈ ਸੁਪਰੀਮ ਕੋਰਟ ਵੱਲੋਂ ਨਿਯੁਕਤ ਮਾਹਰਾਂ ਦੀ ਕਮੇਟੀ ਦੇ ਮੈਂਬਰਾਂ ਵਿੱਚੋਂ ਇੱਕ ਅਨਿਲ ਘਣਵਤ ਨੇ ਕੱਲ੍ਹ ਚੀਫ ਜਸਟਿਸ ਨੂੰ ਪੱਤਰ ਲਿਖ ਕੇ ਤਿੰਨ ਖੇਤੀ ਕਾਨੂੰਨਾਂ ਉੱਤੇ ਰਿਪੋਰਟ ਨੂੰ ਜਲਦੀ ਜਨਤਕ ਕਰਨ ਅਤੇ ਵਿਚਾਰ ਕਰਨ ਜਾਂ ਕਮੇਟੀ ਨੂੰ ਅਜਿਹਾ ਕਰਨ ਦੀ ਅਥਾਰਟੀ ਦੇਣ ਦੀ ਅਪੀਲ ਕਰ ਕੇ ਮਾਮਲਾ ਉਲਝਾ ਦਿੱਤਾ ਹੈ।

ਸ਼ੇਤਕਾਰੀ ਸੰਗਠਨ ਦੇ ਆਗੂ ਅਨਿਲ ਘਣਵਤ ਨੇ ਪ੍ਰੈੱਸ ਕਾਨਫਰੰਸ ਵਿੱਚ ਕਿਹਾ ਕਿ ਅਗਲੇ ਕੁਝ ਮਹੀਨਿਆਂ ਵਿੱਚ ਉਹ ਇੱਕ ਲੱਖ ਕਿਸਾਨਾਂ ਨੂੰ ਦਿੱਲੀ ਵਿੱਚ ਲਾਮਬੰਦ ਕਰਨਗੇ। ਉਹ ਤਿੰਨ ਖੇਤੀ ਕਾਨੂੰਨਾਂ ਨੂੰ ਰੱਦ ਕਰ ਦੇਣ ਦੇ ਫੈਸਲੇ ਤੋਂ ਬਾਅਦ ਵੀ ਖੇਤੀ ਸੁਧਾਰਾਂ ਦੀ ਮੰਗ ਕਰ ਰਹੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਘੱਟੋ-ਘੱਟ ਸਮਰਥਨ ਮੁੱਲ (ਐਮ ਐਸ ਪੀ) ਨੂੰ ਕਾਨੂੰਨੀ ਗਾਰੰਟੀ ਬਣਾਉਣ ਅਤੇ ਐਮ ਐਸ ਪੀ ਉੱਤੇ ਸਾਰੀਆਂ ਫਸਲਾਂ ਦੀ ਖਰੀਦ ਯਕੀਨੀ ਕਰਨ ਦੀ ਮੰਗ ਅਸੰਭਵ ਹੈ ਅਤੇ ਇਹ ਲਾਗੂ ਕਰਨ ਯੋਗ ਨਹੀਂ ਹੈ। ਭਾਰਤ ਦੇ ਚੀਫ ਜਸਟਿਸ ਐਨ ਵੀ ਰਾਮੰਨਾ ਨੂੰ 23 ਨਵੰਬਰ ਨੂੰ ਲਿਖੇ ਪੱਤਰ ਵਿੱਚ ਅਨਿਕਲ ਘਣਵਤ ਨੇ ਕਿਹਾ ਕਿ ਪਾਰਲੀਮੈਂਟ ਦੇ ਅਗਲੇ ਸਰਦ ਰੁੱਤ ਸੈਸ਼ਨ ਵਿੱਚ ਤਿੰਨ ਖੇਤੀ ਕਾਨੂੰਨ ਰੱਦ ਕਰਨ ਦੇ ਸਰਕਾਰ ਦੇ ਫੈਸਲੇ ਪਿੱਛੋਂ ਕਮੇਟੀ ਦੀ ਰਿਪੋਰਟ ਦੀ ਪ੍ਰਸੰਗਿਕਤਾ ਨਹੀਂ ਰਹਿ ਗਈ, ਪਰ ਸਿਫਾਰਸ਼ਾਂ ਵੱਡੇ ਪੱਧਰ ਉੱਤੇ ਲੋਕ ਹਿੱਤ ਵਿੱਚ ਹਨ। ਉਨ੍ਹਾਂ ਕਿਹਾ ਕਿ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਖਾਸ ਕਾਨੂੰਨ ਮੌਜੂਦ ਨਹੀਂ ਹੋਣਗੇ, ਪਰ ਤਿੰਨਾਂ ਖੇਤੀ ਕਾਨੂੰਨਾਂ ਵਿੱਚ ਤੈਅ ਕੀਤਾ ਸੁਧਾਰ ਦਾ ਰਸਤਾ ਕਮਜ਼ੋਰ ਨਾ ਹੋਵੇ। ਉਨ੍ਹਾਂ ਕਿਹਾ, ‘‘ਇਹ ਰਿਪੋਰਟ ਸਿਖਾਉਣ ਵਾਲੀ ਭੂਮਿਕਾ ਵੀ ਨਿਭਾਅ ਸਕਦੀ ਹੈ ਅਤੇ ਕਈ ਕਿਸਾਨਾਂ ਦੀ ਗਲਤਫਹਿਮੀ ਦੂਰ ਕਰ ਸਕਦੀ ਹੈ।''

ਵਰਨਣ ਯੋਗ ਹੈ ਕਿ ਤਿੰਨ ਮੈਂਬਰੀ ਕਮੇਟੀ ਨੇ 19 ਮਾਰਚ ਨੂੰ ਸੁਪਰੀਮ ਕੋਰਟ ਨੂੰ ਰਿਪੋਰਟ ਦੇ ਦਿੱਤੀ ਸੀ, ਪਰ ਇਹ ਰਿਪੋਰਟ ਜਨਤਕ ਨਹੀਂ ਕੀਤੀ ਗਈ। ਅਨਿਲ ਘਣਵਤ ਨੇ ਨਵੇਂ ਪੱਤਰ ਵਿੱਚ ਕਿਹਾ ਹੈ ਕਿ ਵਿਰੋਧ ਕਰਦੇ ਕਿਸਾਨਾਂ ਨੇ ਤਿੰਨਾਂ ਖੇਤੀ ਕਾਨੂੰਨਾਂ ਨੂੰ ਸਿਧਾਂਤਕ ਤੌਰ ਉੱਤੇਮੰਨ ਲਿਆ ਸੀ, ਪਰ ਪੂਰੀ ਤਰ੍ਹਾਂ ਨਹੀਂ ਮੰਨਿਆ, ਕਿਉਂਕਿ ਸਰਕਾਰ ਦੀ ਨੀਤੀ ਪ੍ਰਕਿਰਿਆ ਸਲਾਹ ਦੇਣ ਦੀ ਨਹੀਂ ਸੀ। ਅਨਿਲ ਘਣਵਤ ਨੇ ਨਵੇਂ ਖੇਤੀ ਕਾਨੂੰਨ ਬਣਾਉਣ ਲਈ ਇੱਕ ਵ੍ਹਾਈਟ ਪੇਪਰ ਤਿਆਰ ਕਰਨ ਲਈ ਇੱਕ ਕਮੇਟੀ ਬਣਾਉਣ ਦਾ ਸੁਝਾਅ ਵੀ ਦਿੱਤਾ ਗਿਆ ਸੀ। ਉਨ੍ਹਾਂ ਕਿਹਾ ਕਿ ਮੌਜੂਦਾ ਹਾਲਾਤ ਨਾ ਬਣਦੇ, ਜੇ ਸੁਪਰੀਮ ਕੋਰਟ ਨੇ ਰਿਪੋਰਟ ਜਮ੍ਹਾਂ ਕਰਨ ਤੋਂ ਕੁਝ ਦਿਨ ਅੰਦਰ ਇਸ ਨੂੰ ਜਨਤਕ ਕਰ ਦਿੱਤਾ ਹੁੰਦਾ। ਉਨ੍ਹਾਂ ਕਿਹਾ, ‘‘ਰਿਪੋਰਟ ਪੇਸ਼ ਕੀਤਿਆਂ 8 ਮਹੀਨੇ ਤੋਂ ਵੱਧ ਸਮਾਂ ਹੋ ਗਿਆ ਹੈ। ਕਾਨੂੰਨ ਰੱਦ ਹੋਣ ਜਾ ਰਹੇ ਹਨ। ਘੱਟ ਤੋਂ ਘੱਟ ਰਿਪੋਰਟ ਤਾਂ ਜਨਤਾ ਨੂੰ ਪੇਸ਼ ਕੀਤੀ ਜਾਵੇ, ਤਾਂ ਜੋ ਲੋਕਾਂ ਨੂੰ ਸਿਫਾਰਸ਼ਾਂ ਦਾ ਪਤਾ ਲੱਗ ਸਕੇ।'' ਉਨ੍ਹਾਂ ਕਿਹਾ, ‘‘ਅਸੀਂ ਸੁਧਾਰ ਚਾਹੁੰਦੇ ਹਾਂ। ਮੈਂ ਦੇਸ਼ ਦੀ ਯਾਤਰਾ ਕਰਾਂਗਾ ਅਤੇ ਕਿਸਾਨਾਂ ਨੂੰ ਖੇਤੀ ਖੇਤਰ ਵਿੱਚ ਸੁਧਾਰਾਂ ਦੇ ਲਾਭ ਬਾਰੇ ਸਮਝਾਵਾਂਗਾ ਤੇ ਅਗਲੇ ਕੁਝ ਮਹੀਨਿਆਂ ਵਿੱਚ ਇੱਕ ਲੱਖ ਕਿਸਾਨਾਂ ਨੂੰ ਖੇਤੀ ਸੁਧਾਰਾਂ ਦੀ ਮੰਗ ਉੱਤੇ ਦਿੱਲੀ ਲਿਆਵਾਂਗਾ।''

ਫਸਲਾਂ ਦੀ ਘੱਟੋ-ਘੱਟ ਖਰੀਦ ਮੁੱਲ (ਐਮ ਐਸ ਪੀ) ਨੂੰ ਕਾਨੂੰਨੀ ਗਾਰੰਟੀ ਦੇਣ ਦੀ ਕਿਸਾਨਾਂ ਦੀ ਮੰਗ ਦਾ ਵਿਰੋਧ ਕਰਨ ਬਾਰੇਅਨਿਲ ਘਣਵਤ ਨੇ ਕਿਹਾ ਕਿ ਉਹ ਐਮ ਐਸ ਪੀ ਸਿਸਟਮ ਦੇ ਖਿਲਾਫ ਨਹੀਂ, ਪਰ ਇਸ ਨੂੰ ਸੀਮਿਤ ਢੰਗ ਨਾਲ ਲਾਗੂ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਸਵਾਲ ਕੀਤਾ, ‘‘ਸਾਰੀਆਂ ਫਸਲਾਂ ਦੀ ਖਰੀਦ ਲਈ ਸਰਕਾਰ ਨੂੰ ਪੈਸਾ ਕਿੱਥੋਂ ਮਿਲੇਗਾ? ਜੇ ਉਹ ਸਾਰੀਆਂ ਫਸਲਾਂ ਖਰੀਦ ਵੀ ਲਵੇ ਤਾਂਸਟੋਰੇਜ ਕਿਵੇਂ ਹੋਵੇਗਾ?'' ਉਨ੍ਹਾ ਕਿਹਾ, ‘‘ਇਹ ਅਸੰਭਵ ਹੈ ਤੇ ਲਾਗੂ ਕਰਨ ਯੋਗ ਨਹੀਂ। ਸਰਕਾਰ ਦਾ ਸਾਰਾ ਮਾਲੀਆ ਐਮ ਐਸ ਪੀ ਉੱਤੇ ਖਰਚ ਨਹੀਂ ਕੀਤਾ ਜਾ ਸਕਦਾ।''

# ਸੈਂਟਰਲ ਵਿਸਟਾ ਪ੍ਰਾਜੈਕਟ ਖਿਲਾਫ ਅਰਜ਼ੀ ਸੁਪਰੀਮ ਕੋਰਟ ਵੱਲੋਂ ਰੱਦ



ਨਵੀਂ ਦਿੱਲੀ, 24 ਨਵੰਬਰ (ਪੋਸਟ ਬਿਊਰੋ)- ਭਾਰਤ ਦੀ ਸੁਪਰੀਮ ਕੋਰਟ ਨੇ ਉਸ ਪਲਾਟ ਦੀ ਜ਼ਮੀਨੀ ਵਰਤੋਂ ਬਦਲਣ ਨੂੰ ਚੁਣੌਤੀ ਦੇਣ ਵਾਲੀ ਅਪੀਲ ਕੱਲ੍ਹ ਰੱਦ ਕਰ ਦਿੱਤੀ, ਜਿੱਥੇ ਲੂਟੀਅਨਜ਼ ਦਿੱਲੀ ਵਿੱਚ ਸੈਂਟਰਲ ਵਿਸਟਾ ਪ੍ਰੋਜੈਕਟ ਦੇ ਹਿੱਸੇ ਵਜੋਂ ਉਪ ਰਾਸ਼ਟਰਪਤੀ ਦੀ ਨਵੀਂ ਅਧਿਕਾਰਤ ਰਿਹਾਇਸ਼ ਬਣਾਏ ਜਾਣ ਦੀ ਤਜਵੀਜ਼ ਹੈ।

ਇਸ ਮੌਕੇ ਸੁਪਰੀਮ ਕੋਰਟ ਨੇ ਕਿਹਾ ਕਿ ਹਰ ਗੱਲ ਦੀ ਆਲੋਚਨਾ ਹੋ ਸਕਦੀ ਹੈ, ਪਰ ਰਚਨਾਤਮਕ ਆਲੋਚਨਾ ਹੋਣੀ ਚਾਹੀਦੀ ਹੈ। ਅਦਾਲਤ ਨੇ ਕਿਹਾ ਕਿ ਇਹ ਢਾਂਚਾਗਤ ਕੇਸ ਹੈ ਅਤੇ ਸਬੰਧਤ ਅਫਸਰਾਂ ਨੇ ਲੋੜੀਂਦੇ ਸਪੱਸ਼ਟੀਕਰਨ ਦੇ ਦਿੱਤੇ ਹਨ, ਜੋ ਪਲਾਟ ਦੀ ਜ਼ਮੀਨ ਵਰਤੋਂ ਵਿੱਚ ਤਬਦੀਲੀ ਸਹੀ ਦੱਸਦੇ ਹਨ। ਜਸਟਿਸ ਏ ਐਮ ਖਾਨਵਿਲਕਰ, ਜਸਟਿਸ ਦਿਨੇਸ਼ ਮਹੇਸ਼ਵਰੀ ਤੇ ਜਸਟਿਸ ਸੀ ਟੀ ਰਵੀਕੁਮਾਰ ਦੇ ਬੈਂਚ ਨੇ ਕਿਹਾ, ‘‘ਸਾਨੂੰ ਇਸ ਕੇਸ ਉੱਤੇ ਹੋਰ ਵਿਚਾਰ ਦਾ ਕੋਈ ਕਾਰਨ ਨਹੀਂ ਮਿ-ਲਆ, ਇਸ ਲਈ ਅਸੀਂ ਅਪੀਲ ਨੂੰ ਰੱਦ ਕਰ ਕੇ ਪੂਰਾ ਵਿਵਾਦ ਖਤਮ ਕਰ ਰਹੇ ਹਾਂ।''

ਪਲਾਟ ਨੰਬਰ ਇੱਕ ਦੀ ਜ਼ਮੀਨੀ ਵਰਤੋਂ ਨੂੰ ਮਨੋਰੰਜਨ ਵਾਲੇ ਖੇਤਰ ਤੋਂ ਰਿਹਾਇਸ਼ੀ ਖੇਤਰ ਵਿੱਚ ਤਬਦੀਲ ਕਰਨ ਨੂੰ ਚੁਣੌਤੀ ਦੇਣ ਦੀ ਅਪੀਲ ਉੱਤੇ ਅਦਾਲਤ ਵਿੱਚ ਸੁਣਵਾਈ ਹੋ ਰਹੀ ਸੀ। ਪਟੀਸ਼ਨਰ ਵਕੀਲ ਦਾ ਤਰਕ ਸੀ ਕਿ ਪਲਾਟ ਦੀ ਜ਼ਮੀਨ ਵਰਤੋਂ ਵਿੱਚ ਤਬਦੀਲੀ ਲੋਕ ਹਿੱਤ ਵਿੱਚ ਨਹੀਂ ਅਤੇ ਉਹ ਸਿਰਫ ਹਰਿਆਲੀ ਵਾਲੇ ਅਤੇ ਇਸ ਖੁੱਲ੍ਹੇ ਖੇਤਰ ਨੂੰ ਸੁਰੱਖਿਅਤ ਕਰਨਾ ਚਾਹੁੰਦੇ ਹਨ। ਇਸ ਉੱਤੇ ਅਦਾਲਤ ਨੇ ਪੁੱਛਿਆ, ‘‘ਅਜਿਹਾ ਹੈ ਤਾਂ ਕੀ ਆਮ ਲੋਕਾਂ ਤੋਂ ਸਿਫਾਰਸ਼ ਲਈ ਜਾਵੇਗੀ ਕਿ ਉਪ ਰਾਸ਼ਟਰਪਤੀ ਦੀ ਰਿਹਾਇਸ਼ ਕਿੱਥੇ ਹੋਣੀ ਚਾਹੀਦੀ ਹੈ।'' ਬੈਂਚ ਨੇ ਕਿਹਾ, ‘‘ਹਰ ਗੱਲ ਦੀ ਆਲੋਚਨਾ ਹੋ ਸਕਦੀ ਹੈ। ਇਸ ਵਿੱਚ ਕੋਈ ਦਿੱਕਤ ਨਹੀਂ, ਪਰ ਆਲੋਚਨਾ ਰਚਨਾਤਮਕ ਹੋਣੀ ਚਾਹੀਦੀ ਹੈ।'' ਬੈਂਚ ਨੇ ਕਿਹਾ ਕਿ ਉਪ ਰਾਸ਼ਟਰਪਤੀ ਦੀ ਰਿਹਾਇਸ਼ ਕਿਵੇਂ ਕਿਤੇ ਹੋਰ ਤਬਦੀਲ ਕੀਤੀ ਜਾ ਸਕਦੀ ਹੈ।

## ਕਿਊਬਾ ਦੀ ਮਹਿਲਾ ਵੱਲੋਂ ਮਾਰਾਡੋਨਾ ਉੱਤੇ ਸੈਕਸ ਸ਼ੋਸ਼ਣ ਦਾ ਦੋਸ਼



ਬਿਊਨਸ ਆਇਰਸ, 24 ਨਵੰਬਰ (ਪੋਸਟ ਬਿਊਰੋ)- ਸਵਰਗੀ ਸਟਾਰ ਡਿਆਰੀ ਮਾਰਾਡੋਨਾ ਦੇ ਨਾਲ ਰਿਸ਼ਤੇ ਵਿੱਚ ਰਹੀ ਕਿਊਬਾ ਦੀ ਮਹਿਲਾ ਮਾਵਿਸ ਅਲਵਾਰੇਜ ਨੇ ਇਸ ਫੁੱਟਬਾਲ ਖਿਡਾਰੀ ਵਿਰੁੱਧ ਨਸ਼ੀਲੀਆਂ ਦਵਾਈਆਂ ਦੀ ਆਦਤਪਾਉਣ ਦੇ ਨਾਲ ਜਿਣਸੀ ਸ਼ੋਸ਼ਣ ਦਾ ਦੋਸ਼ ਵੀ ਲਾਇਆ ਹੈ।

ਮਨੁੱਖੀ ਤਸਕਰੀ ਨਾਲ ਜੁੜੇ ਕੇਸ ਵਿੱਚ ਅਰਜਨਟੀਨਾ ਦੀ ਅਦਾਲਤ ਵਿੱਚ ਬਿਆਨ ਦਰਜ ਕਰਾਉਣ ਪਹੁੰਚੀ ਇਸ ਮਹਿਲਾ ਨੇ ਕਿਹਾ ਕਿ ਉਸਨਾਲ ਇਹ ਅੱਤਿਆਚਾਰ ਓਦੋਂ ਸ਼ੁਰੂ ਹੋਇਆ, ਜਦੋਂ ਉਹ ਸਿਰਫ਼ 16 ਸਾਲ ਦੀ ਸੀ।ਕਿਊਬਾ ਨੂੰ ਛੱਡ ਕੇ ਅਮਰੀਕਾ ਵਿੱਚ ਜਾ ਵੱਸੀ ਅਲਵਾਰੇਜ ਨੇ ਕੱਲ੍ਹ ਪੱਤਰਕਾਰਾਂ ਨੂੰ ਦੱਸਿਆ ਕਿ ਫਿਦੇਲ ਕਾਸਤਰੋ ਦੀ ਸਰਕਾਰ ਤੇ ਮਾਰਡੋਨਾ ਦੇ ਨੇੜਲੇ ਰਿਸ਼ਤੇ ਕਾਰਨ ਲੱਗਭਗ ਪੰਜ ਸਾਲ ਦੇ ਉਸ ਦੇ ਰਿਸ਼ਤੇ ਦੌਰਾਨ ਹੋਏ ਜ਼ੁਲਮ ਦਾ ਖੁਲਾਸਾ ਨਹੀਂ ਹੋ ਸਕਿਆ ਸੀ।ਫੁੱਟਬਾਲ ਦੇ ਮਹਾਨ ਖਿਡਾਰੀਆਂ ਵਿੱਚੋਂ ਇੱਕ ਮਾਰਾਡੋਨਾ ਨੇ ਵਧੇਰੇ ਮਾਤਰਾ ਵਿੱਚ ਡਰੱਗ ਸੇਵਨ ਕਾਰਨ ਮੌਤ ਦੇ ਕੰਢੇ ਉੱਤੇ ਪਹੁੰਚਣ ਪਿੱਛੋਂ ਕੋਕੀਨ ਦੇ ਇਲਾਜ ਲਈ ਕਈ ਸਾਲ ਕਿਊਬਾ ਵਿੱਚ ਬਿਤਾਏ ਸਨ।

37 ਸਾਲਾ ਅਲਵਾਰੇਜ ਮਨੁੱਖੀ ਤਸਕਰੀ ਦੀ ਮੁੱਢਲੀ ਜਾਂਚ ਵਿੱਚ ਸਹਿਯੋਗ ਲਈ ਅਰਜਨਟੀਨਾ ਦੀ ਕੋਰਟਵਿੱਚ ਗਵਾਹੀ ਦੇਣ ਲਈ ਪਿਛਲੇ ਹਫ਼ਤੇ ਬਿਊਨਸ ਆਇਰਸ ਪਹੁੰਚੀ। ਮਾਰਾਡੋਨਾ ਦੀ ਪਿਛਲੇ ਸਾਲ ਨਵੰਬਰ ਵਿੱਚ ਮੌਤ ਹੋ ਗਈ ਸੀ, ਪਰ ਮਹਿਲਾ ਦੇ ਕਾਨੂੰਨੀ ਪ੍ਰਤੀਨਿਧੀ ਸਾਬਕਾ ਫੁੱਟਬਾਲ ਦੇ ਨੇੜਲੇ ਸਹਿਯੋਗੀਆਂ ਨੂੰ ਨਿਸ਼ਾਨਾ ਬਣਾ ਰਹੇ ਹਨ। ਇਸ ਵਿੱਚ ਉਸ ਦੇ ਸਾਬਕਾ ਮੈਨੇਜਰ ਗਿਲਰਮੋ ਕੋਪੋਲਾਤੇ ਸੰਨ 2000 ਦੇ ਸ਼ੁਰੂ ਵਿੱਚ ਉਸ ਦੇ ਨਾਲ ਕਿਊਬਾ ਵਿੱਚ ਰਹਿਣ ਵਾਲੇ ਅਰਜਨਟੀਨਾ ਦੇ ਉਸਦੇ ਦੋਸਤ ਸ਼ਾਮਲ ਹਨ।

## ਪਾਇਲਟ ਵਰਧਮਾਨ ਵੱਲੋਂ ਐਫ-16 ਡੇਗਣ ਬਾਰੇ ਭਾਰਤ ਦੇ ਦਾਅਵੇ ਨੂੰ ਪਾਕਿ ਨੇ ਨਕਾਰਿਆ

ਇਸਲਾਮਾਬਾਦ, 24 ਨਵੰਬਰ (ਪੋਸਟ ਬਿਊਰੋ)- ਪਾਕਿਸਤਾਨ ਨੇ ਕੱਲ੍ਹ ਭਾਰਤ ਦੇ ਉਸ ਦਾਅਵੇ ਨੂੰ ਬੇਬੁਨਿਆਦ ਕਹਿ ਕੇ ਰੱਦ ਕਰ ਦਿੱਤਾ, ਜਿਸ ਵਿੱਚ ਕਿਹਾ ਗਿਆ ਹੈ ਕਿ ਫਰਵਰੀ 2019 ਵਿੱਚ ਭਾਰਤੀ ਪਾਇਲਟ ਨੇ ਹਵਾਈ ਟਕਰਾਅ ਦੌਰਾਨ ਇੱਕ ਪਾਕਿਸਤਾਨੀ ਐਫ-16 ਹਵਾਈ ਜਹਾਜ਼ ਡੇਗ ਲਿਆ ਸੀ।

ਵਰਨਣ ਯੋਗ ਹੈ ਕਿ ਵਿੰਗ ਕਮਾਂਡਰ ਅਭਿਨੰਦਨ ਵਰਧਮਾਨ (ਇਸ ਵਕਤ ਗਰੁੱਪ ਕੈਪਟਨ) ਦਾ ਮਿੱਗ-21 ਜਹਾਜ਼ 27 ਫਰਵਰੀ 2019 ਨੂੰ ਪਾਕਿਸਤਾਨੀ ਖੇਤਰ ਵਿੱਚ ਡਿੱਗ ਗਿਆ ਸੀ ਅਤੇ ਉਨ੍ਹਾਂ ਨੂੰ ਉਥੋਂ ਦੀ ਫੌਜ ਨੇ ਫੜ ਲਿਆ ਸੀ। ਅਭਿਨੰਦਨ ਵਰਧਮਾਨ ਨੂੰ ਇਸ ਪਿੱਛੋਂ ਪਹਿਲੀ ਮਾਰਚ ਨੂੰ ਰਿਹਾਅਕੀਤਾ ਗਿਆ ਸੀ। ਇਸ ਹਵਾਈ ਟਕਰਾਅ ਵੇਲੇ ਵਿੰਗ ਕਮਾਂਡਰ ਵੱਲੋਂ ਪਾਕਿਸਤਾਨ ਦਾ ਐਫ-1 ਜਹਾਜ਼ ਡੇਗਣ ਬਾਰੇ ਕਿਹਾ ਗਿਆ ਸੀ। ਵਿੰਗ ਕਮਾਂਡਰ ਨੂੰ ਰਾਸ਼ਟਰਪਤੀ ਵੱਲੋਂ ਵੀਰ ਚੱਕਰ ਨਾਲ ਸਨਮਾਨਤ ਕੀਤਾ ਗਿਆ ਹੈ। ਵੀਰ ਚੱਕਰ ਭਾਰਤ ਦਾ ਤੀਜਾ ਸਭ ਤੋਂ ਵੱਡਾ ਬਹਾਦਰੀ ਸਨਮਾਨ ਹੈ।

ਪਾਕਿਸਤਾਨਾ ਦੇ ਮੰਤਰਾਲੇ ਨੇ ਕਿਹਾ ਕਿ ਕੌਮਾਂਤਰੀ ਮਾਹਰ ਤੇ ਅਮਰੀਕੀ ਅਧਿਕਾਰੀ ਪਹਿਲਾਂ ਸਪੱਸ਼ਟ ਕਰ ਚੁੱਕੇ ਹਨ ਕਿ ਉਸ ਦਿਨ ਪਾਕਿਸਤਾਨ ਦਾ ਕੋਈ ਐਫ-16 ਨਹੀਂ ਡਿੱਗਿਆ। ਉਨ੍ਹਾਂ ਕਿਹਾ ਕਿ ਪਾਇਲਟ ਦੀ ਰਿਹਾਈ ਇਸ ਗੱਲ ਦੀ ਗਵਾਹੀ ਸੀ ਕਿ ਭਾਰਤ ਦੇ ਹਮਲਾਵਰ ਰੁਖ਼ ਦੇ ਬਾਵਜੂਦ ਪਾਕਿਸਤਾਨ ਸ਼ਾਂਤੀ ਚਾਹੁੰਦਾ ਹੈ। ਪੁਲਵਾਮਾ ਹਮਲੇ ਵਿੱਚ ਸੀ ਆਰ ਪੀ ਐਫ ਦੇ ਚਾਲੀ ਜਵਾਨਾਂ ਦੀ ਮੌਤ ਮਗਰੋਂ ਭਾਰਤ ਨੇ 26 ਫਰਵਰੀ 2019 ਨੂੰ ਪਾਕਿਸਤਾਨ ਦੇ ਬਾਲਾਕੋਟ ਵਿੱਚ ਜੈਸ਼-ਏ-ਮੁਹੰਮਦ ਦੇ ਦਹਿਸ਼ਤਗਰਦ ਕੈਂਪਾਂ ਉਤੇ ਹੱਲਾ ਬੋਲਿਆ ਸੀ।

## ਕੇਜਰੀਵਾਲ ਦਾ ਝੂਠਾ ਫ਼ਰਜ਼ੀ ਵੀਡੀਓ ਪੋਸਟ ਕਰਨ ਉਤੇ ਭਾਜਪਾ ਆਗੂ ਸੰਬਿਤ ਪਾਤਰਾ ਵਿਰੁੱਧ ਪਰਚਾ



ਨਵੀਂ ਦਿੱਲੀ, 24 ਨਵੰਬਰ (ਪੋਸਟ ਬਿਊਰੋ)- ਭਾਰਤ ਦੀ ਰਾਜਧਾਨੀ ਦਿੱਲੀ ਦੀ ਇੱਕ ਅਦਾਲਤ ਨੇ ਭਾਜਪਾ ਦੇ ਰਾਸ਼ਟਰੀ ਬੁਲਾਰੇ ਸੰਬਿਤ ਪਾਤਰਾ ਵਿਰੁੱਧ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਫ਼ਰਜ਼ੀ ਵੀਡੀਓ ਸੋਸ਼ਲ ਮੀਡੀਆ ਉੱਤੇ ਪੋਸਟ ਕਰਨ ਦੇ ਦੋਸ਼ ਵਿੱਚਕੇਸ ਦਰਜ ਕਰਨ ਦਾ ਹੁਕਮ ਦਿੱਤਾ ਹੈ।


ਪਤਾ ਲੱਗਾ ਹੈ ਕਿ ਇਸ ਸਾਲ ਜਨਵਰੀ ਵਿੱਚ ਆਮ ਆਦਮੀ ਪਾਰਟੀ ਨੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਇੱਕ ਫ਼ਰਜ਼ੀ ਵੀਡੀਓ ਸੋਸ਼ਲ ਮੀਡੀਆ ਉੱਤੇ ਪੋਸਟ ਕਰਨ ਲਈ ਭਾਜਪਾ ਦੇ ਰਾਸ਼ਟਰੀ ਬੁਲਾਰੇ ਸੰਬਿਤ ਪਾਤਰਾ ਵਿਰੁੱਧ ਦਿੱਲੀ ਪੁਲਸ ਨੂੰ ਸ਼ਿਕਾਇਤ ਦਿੱਤੀ ਸੀ। ਕੇਸ ਦਰਜ ਨਾ ਹੋਣ ਕਾਰਨ ਪਾਰਟੀ ਨੇ ਅਦਾਲਤ ਨੂੰ ਪਹੁੰਚ ਕੀਤੀ। ਇਸ ਮਾਮਲੇ ਉੱਤੇ ਸੁਣਵਾਈ ਕਰਦੇ ਹੋਏ ਅਦਾਲਤ ਨੇ ਕੱਲ੍ਹ ਸੰਬਿਤ ਪਾਤਰਾ ਵਿਰੁੱਧ ਕੇਸ ਦਰਜ ਕਰਨ ਦਾ ਹੁਕਮ ਦਿੱਤਾ ਹੈ।ਭਾਜਪਾ ਦੇ ਬੁਲਾਰੇ ਸੰਬਿਤ ਪਾਤਰਾ ਨੇ ਆਪਣੇ ਟਵਿਟਰ ਹੈਂਡਲ ਤੋਂ ਵੀਡੀਓ ਪੋਸਟ ਕੀਤੀ ਸੀ ਜਿਸ ਵਿੱਚ ਅਰਵਿੰਦ ਕੇਜਰੀਵਾਲ ਨੂੰ ਕੇਂਦਰ ਦੇ ਨਵੇਂ ਖੇਤੀ ਕਾਨੂੰਨਾਂ ਦੀ ਤਾਰੀਫ਼ ਕਰਦੇ ਦਿਖਾਇਆ ਗਿਆ ਸੀ। ਵੀਡੀਓ ਵਿੱਚ ਉਹ ਇਨ੍ਹਾਂ ਕਾਨੂੰਨਾਂ ਨੂੰ ਬੀਤੇ 70 ਸਾਲਾਂ ਦਾ ਇਨਕਲਾਬੀ ਕਦਮ ਦੱਸ ਰਹੇ ਸਨ। ਆਮ ਆਦਮੀ ਪਾਰਟੀ ਨੇ ਇਸ ਨੂੰ ਗ਼ਲਤ ਦੱਸਿਆ ਸੀ।

## ਉਲੰਪਿਕ ਤਮਗ਼ਾ ਜਿੱਤਣ ਵਾਲੀ ਪੀ ਵੀ ਸਿੰਧੂ ਚੋਣ ਲੜੇਗੀ



ਨਵੀਂ ਦਿੱਲੀ, 24 ਨਵੰਬਰ (ਪੋਸਟ ਬਿਊਰੋ)- ਭਾਰਤ ਦੀ ਦੋ ਵਾਰ ਦੀ ਉਲੰਪਿਕ ਤਮਗ਼ਾ ਜੇਤੂ ਪੀਵੀ ਸਿੰਧੂ 17 ਦਸੰਬਰ ਤੋਂ ਸਪੇਨ ਵਿੱਚ ਹੋਣ ਵਾਲੀ ਵਿਸ਼ਵ ਚੈਂਪੀਅਨਸ਼ਿਪ ਦੌਰਾਨ ਬੀਡਬਲਿਊਐਫ਼ ਐਥਲੀਟ ਕਮਿਸ਼ਨ ਲਈ ਚੋਣ ਲੜੇਗੀ। ਮੌਜੂਦਾ ਵਿਸ਼ਵ ਚੈਂਪੀਅਨ ਸਿੰਧੂ ਇਸ ਸਮੇਂ ਬਾਲੀ ਵਿੱਚ ਇੰਡੋਨੇਸ਼ੀਆ ਓਪਨ ਸੁਪਰ 1000 ਟੂਰਨਾਮੈਂਟ ਖੇਡ ਰਹੀ ਹੈ। ਉਹ ਛੇ ਅਹੁਦਿਆਂ ਲਈ ਨਾਮਜ਼ਦ ਨੌਂ ਖਿਡਾਰੀਆਂ ਵਿੱਚੋਂ ਇੱਕ ਹੈ।

ਬੈਡਮਿੰਟਨ ਦੀ ਸਿਖਰਲੀ ਸੰਸਥਾ ਨੇ ਇੱਕ ਰਿਲੀਜ਼ ਵਿੱਚ ਕਿਹਾ, ‘ਐਥਲੀਟ ਕਮਿਸ਼ਨ (2021 ਤੋਂ 2025) ਦੀ ਚੋਣ 17 ਦਸੰਬਰ 2021 ਨੂੰ ਸਪੇਨ ਵਿੱਚ ਟੋਟਲ ਐਨਰਜੀਜ਼ ਬੀਡਬਲਿਊਐਫ਼ ਵਿਸ਼ਵ ਚੈਂਪੀਅਨਸ਼ਿਪ ਦੇ ਨਾਲ ਹੋਵੇਗੀ। ਮੌਜੂਦਾ ਖਿਡਾਰੀਆਂ ਵਿੱਚੋਂ ਸਿਰਫ਼ ਸਿੰਧੂ ਫਿਰ ਚੋਣ ਲੜੇਗੀ। ਉਹ ਇਸ ਤੋਂ ਪਹਿਲਾਂ 2017 ਵਿੱਚ ਚੁਣੀ ਗਈ ਸੀ। ਇਸ ਚੋਣ ਲਈ ਉਹ ਛੇ ਮਹਿਲਾ ਪ੍ਰਤੀਨਿਧਾਂ ਵਿੱਚੋਂ ਇੱਕ ਹੈ। ਸਿੰਧੂ ਨਾਲ ਇੰਡੋਨੇਸ਼ੀਆ ਦੀ ਮਹਿਲਾ ਡਬਲਜ਼ ਖ਼ਿਡਾਰਨ ਗ੍ਰੇਸ਼ੀਆ ਪੋਲੀ ਵੀ ਹੋਵੇਗੀ, ਜੋ ਉਲੰਪਿਕ ਸੋਨ ਤਮਗਾ ਜੇਤੂ ਰਹਿ ਚੁੱਕੀ ਹੈ। ਸਿੰਧੂ ਨੂੰ ਮਈ ਵਿੱਚ ਆਈ ਓ ਸੀ ਦੀ ‘ਬੀਲੀਵ ਇਨ ਸਪੋਰਟਸ' ਮੁਹਿੰਮ ਲਈ ਐਥਲੀਟ ਕਮਿਸ਼ਨ ਵਿੱਚ ਚੁਣਿਆ ਗਿਆ ਸੀ। ਪੀ ਵੀ ਸਿੰਧੂਅੱਜਕੱਲ੍ਹ ਇੰਡੋਨੇਸ਼ੀਆ ਵਿੱਚ ਹੈ। ਉਹ ਪਿੱਛੇ ਜਿਹੇ ਇੰਡੋਨੇਸ਼ੀਆ ਮਾਸਟਰਜ਼ ਦੇ ਸੈਮੀਫ਼ਾਈਨਲ ਵਿੱਚ ਜਾਪਾਨ ਦੀ ਅਕਾਨੇ ਯਾਮਾਗੁਚੀ ਤੋਂ ਹਾਰ ਗਈ ਸੀ।




# ਅਮਰੀਕੀ ਬੇੜੇ ਦੇ ਤਾਈਵਾਨ ਖੇਤਰ ਵਿੱਚੋਂ ਲੰਘਣ ਉੱਤੇ ਚੀਨ ਨੂੰ ਫਿਰ ਇਤਰਾਜ਼



ਪੇਈਚਿੰਗ, 24 ਨਵੰਬਰ (ਪੋਸਟ ਬਿਊਰੋ)- ਚੀਨ ਨੇ ਅਮਰੀਕਾ ਦੇ ਜੰਗੀ ਬੇੜੇ ਦੇ ਤਾਈਵਾਨ ਦੇ ਪਾਣੀਆਂ ਵਿੱਚੋਂ ਲੰਘਣ ਉਤੇ ਇਤਰਾਜ਼ ਕੀਤਾ ਅਤੇ ਇਸ ਨੂੰ ਇਸ ਖੇਤਰ ਵਿੱਚ ਸਥਿਰਤਾ ਲਈ ਖਤਰਾ ਕਰਾਰ ਦਿੱਤਾ ਹੈ।

ਇਸ ਬਾਰੇ ਚੀਨ ਨੇ ਕਿਹਾ ਹੈ ਕਿ ਅਜਿਹਾ ਜਾਣਬੁੱਝ ਕੇ ਕੀਤਾ ਜਾ ਰਿਹਾ ਹੈ। ਅਮਰੀਕੀ ਸਮੁੰਦਰੀ ਫੌਜ ਨੇ ਇੱਕ ਬਿਆਨ ਵਿੱਚ ਕਿਹਾ ਕਿ ਮਿਜ਼ਾਈਲਾਂ ਤਬਾਹ ਕਰਨ ਦੀ ਸਮੱਰਥਾ ਰੱਖਦੇ ਯੂ ਐਸ ਐਸ ਮਿਲੀਅਸ ਨੇ ਕੱਲ੍ਹ ਤਾਈਵਾਨ ਦੇ ਸਮੁੰਦਰੀ ਖੇਤਰ ਵਿੱਚ ਰੂਟੀਨ ਗੇੜਾ ਮਾਰਿਆ ਅਤੇ ਉਥੋਂ ਸਿਰਫ ਲੰਘਿਆ ਹੀ ਹੈ।ਉਨ੍ਹਾਂ ਕਿਹਾ ਕਿ ਇਹ ਸਭ ਕੌਮਾਂਤਰੀ ਕਾਨੂੰਨਾਂ ਮੁਤਾਬਕ ਹੈ। ਅਮਰੀਕਾ ਨੇ ਕਿਹਾ ਕਿ ਜਹਾਜ਼ ਦਾ ਉਥੋਂ ਲੰਘਣਾ ਆਜ਼ਾਦ ਤੇ ਖੁੱਲ੍ਹੇ ਹਿੰਦ-ਪ੍ਰਸ਼ਾਂਤ ਖੇਤਰ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਸੱਤਵੇਂ ਬੇੜੇ ਦੀ ਵੈਬਸਾਈਟ ਉਤੇ ਪੋਸਟ ਬਿਆਨ ਵਿੱਚ ਕਿਹਾ ਗਿਆ ਹੈ ਕਿ ‘ਜਿੱਥੇ ਵੀ ਕੌਮਾਂਤਰੀ ਕਾਨੂੰਨ ਇਜਾਜ਼ਤ ਦਿੰਦਾ ਹੈ, ਅਮਰੀਕਾ ਉਥੋਂ ਲੰਘਦਾ ਤੇ ਉਡਦਾ ਹੈ।'

ਚੀਨ ਦੇ ਵਿਦੇਸ਼ ਮੰਤਰਾਲੇ ਦੇ ਬੁਲਾਰੇ ਝਾਓ ਲਿਜਿਆਨ ਨੇ ਕਿਹਾ ਕਿ ਅਮਰੀਕਾ ਦੇ ਜੰਗੀ ਬੇੜੇ ‘ਇਸ ਖੇਤਰ ਵਿੱਚ ਆਵਾਜਾਈ ਦੀ ਆਜ਼ਾਦੀ ਦੇ ਨਾਂਅ ਉਤੇ ਤਾਕਤ ਦਾ ਪ੍ਰਗਟਾਵਾ ਕਰ ਰਹੇ ਹਨ ਤੇ ਮੁਸ਼ਕਲ ਪੈਦਾ ਕਰ ਰਹੇ ਹਨ।' ਝਾਓ ਨੇ ਮੀਡੀਆ ਨੂੰ ਕਿਹਾ ਕਿ ਇਹ ਆਜ਼ਾਦ ਆਵਾਜਾਈ ਪ੍ਰਤੀ ਵਚਨਬੱਧਤਾ ਨਹੀਂ,ਸਗੋਂ ਖੇਤਰੀ ਸ਼ਾਂਤੀ-ਸਥਿਰਤਾ ਨੂੰ ਜਾਣਬੁੱਝ ਕੇ ਵਿਗਾੜਣ ਦਾ ਯਤਨ ਹੈ। ਦੱਸਣਯੋਗ ਹੈ ਕਿ ਅਮਰੀਕੀ ਜਲ ਸੈਨਾ ਦੇ ਜਹਾਜ਼ ਤਾਈਵਾਨ ਨੇੜਿਓਂ ਆਮ ਹੀ ਲੰਘਦੇ ਰਹਿੰਦੇ ਹਨ, ਜੋ ਕਿ ਕੌਮਾਂਤਰੀ ਪਾਣੀ ਹੈ।

## ਅਮਰੀਕਾ ਵੱਲੋਂ ਰੂਸੀ ਗੈਸ ਪਾਈਪਲਾਈਨ ਉੱਤੇ ਪਾਬੰਦੀ ਦਾ ਐਲਾਨ

ਵਾਸ਼ਿੰਗਟਨ, 24 ਨਵੰਬਰ (ਪੋਸਟ ਬਿਊਰੋ)- ਅਮਰੀਕਾ ਦੇ ਵਿਦੇਸ਼ ਮੰਤਰਾਲੇ ਨੇ ਅਮਰੀਕਾ ਵਿਰੋਧੀ ਨਾਰਡ ਸਟ੍ਰੀਮ-2 ਪਾਈਪਲਾਈਨ ਦੇ ਸਬੰਧ ਵਿੱਚ ਰੂਸ ਉੱਤੇ ਦਬਾਅ ਬਣਾਈ ਰੱਖਣ ਲਈ ਪ੍ਰਾਜੈਕਟ ਨਾਲ ਜੁੜੇ ਲੋਕਾਂ ਅਤੇ ਜਹਾਜ਼ਾਂ ਉੱਤੇ ਪਾਬੰਦੀ ਲਾ ਦਿੱਤੀ ਹੈ। ਇਸ ਦੌਰਾਨ ਅਮਰੀਕਾ ਨੇ ਨਾਰਡ ਸਟ੍ਰੀਮ-2 ਦੀ ਉਸਾਰੀ ਦੇ ਕੰਮ ਨੂੰ ਸੁਸਤ ਕਰਨ ਜਾਂ ਰੋਕਣ ਦੀ ਅਸਫਲ ਕੋਸ਼ਿਸ਼ ਕੀਤੀ ਹੈ, ਜਿਸ ਨਾਲ ਰੂਸੀ ਗੈਸ ਨੂੰ ਜਰਮਨੀ ਤਕ ਪਹੁੰਚਾਇਆ ਜਾਏਗਾ।

ਅਸਲ ਵਿੱਚ ਅਮਰੀਕਾ ਨੂੰ ਡਰ ਹੈ ਕਿ ਇਸ ਊਰਜਾ ਪ੍ਰਾਜੈਕਟ ਦਾ ਫਾਇਦਾ ਲੈ ਕੇ ਰੂਸ ਦੀ ਯੂਰਪ ਵਿੱਚ ਪਹੁੰਚ ਵੱਧ ਸਕਦੀ ਹੈ। ‘ਗਜਪ੍ਰੋਮ' ਪਾਈਪਲਾਈਨ ਰੂਸੀ ਕੰਟਰੋਲ ਦੀ ਕੰਪਨੀ ਹੈ, ਜਿਸ ਵਿੱਚ ਕਈ ਯੂਰਪੀ ਕੰਪਨੀਆਂ ਨੇ ਵੀ ਨਿਵੇਸ਼ ਕੀਤਾ ਹੈ, ਐਲਾਨ ਵਿੱਚ ‘ਟ੍ਰਾਂਸਏਡ੍ਰਿਯਾ ਲਿਮਟਿਡ' ਅਤੇ ਉਸਦੇ ਇੱਕ ਜਹਾਜ਼ ਨੂੰ ਟਾਰਗੈਟ ਬਣਾਇਆ ਗਿਆ ਹੈ ਜਿਸ ਵਿੱਚ ਨਾਰਡ ਸਟ੍ਰੀਮ ਲਈ ਕੰਮ ਕੀਤਾ ਗਿਆ ਸੀ। ਅਮਰੀਕਾ ਦੇ ਵਿਦੇਸ਼ ਮੰਤਰੀ ਐਂਟੋਨੀ ਬਲਿੰਕਨ ਨੇ ਕਿਹਾ ਕਿ ਅਮਰੀਕਾ ਦੇ ਰਾਸ਼ਟਰਪਤੀ ਜੋਅ ਬਾਈਡੇਨ ਦੇ ਪ੍ਰਸ਼ਾਸਨ ਨੇ ਅੱਜ ਤਕ ਪਾਈਪਲਾਈਨ ਨਾਲ ਜੁੜੇ 8 ਲੋਕਾਂ ਅਤੇ 17 ਜਹਾਜ਼ਾਂ ਉੱਤੇ ਪਾਬੰਦੀ ਲਾਈ ਹੈ। ਦੂਜੇ ਪਾਸੇ ਰੂਸੀ ਰਾਸ਼ਟਰਪਤੀ ਵਲਾਦਿਮੀਰ ਪੂਤਿਨ ਨੇ ਇਹ ਕਿਹਾ ਹੈ ਕਿ ਜਰਮਨ ਰੈਗੂਲੇਟਰਾਂ ਨੂੰ ਨਵੀਂ ਪਾਈਪਲਾਈਨ ਦਾ ਕੰਮ ਸ਼ੁਰੂ ਕਰਨ ਦੀ ਇਜਾਜ਼ਤ ਦੇਣ ਤੋਂ ਬਾਅਦ ਦੇਸ਼ ਯੂਰਪੀ ਯੂਨੀਅਨ ਵਿੱਚ ਕੁਦਰਤੀ ਗੈਸ ਦੀ ਸਪਲਾਈ ਨੂੰ ਤੇਜ਼ੀ ਨਾਲ ਵਧਾ ਸਕਦਾ ਹੈ।

# ਟਾਰਚ ਤੇ ਕੁਝ ਪੱਥਰਾਂ ਨਾਲ ਤੇਂਦੂਏ ਤੋਂ ਬੇਟੀ ਛੁਡਾ ਲਈ

ਪਰਵਾਣੂ (ਸੋਲਨ), 24 ਨਵੰਬਰ (ਪੋਸਟ ਬਿਊਰੋ)- ਔਲਾਦ ਲਈ ਪਿਤਾ ਮੌਤ ਨਾਲ ਵੀ ਜੂਝ ਸਕਦਾ ਹੈ ਅਤੇ ਸਾਹਸ ਤੋਂ ਵੱਡਾ ਹਥਿਆਰ ਕੋਈ ਨਹੀਂ। ਇਹ ਦੋ ਗੱਲਾਂ ਸੋਲਨ ਦੇ ਖੇਮਰਾਜ ਨੇ ਸਿਖਾਈਆਂ ਹਨ, ਜਦ ਉਹ ਨੰਗੇ ਪੈਰੀਂ ਦੌੜ ਕੇ ਕੇਵਲ ਪੱਥਰਾਂ ਤੇ ਟਾਰਚ ਦੇ ਸਹਾਰੇ ਤੇਂਦੂਏ ਦੇ ਮੂੰਹ ਵਿੱਚੋਂ ਆਪਣੀ ਬੇਟੀ ਨੂੰ ਬਚਾ ਲਿਆਇਆ।

ਚੰਡੀਗੜ੍ਹ-ਸ਼ਿਮਲਾ ਰੋਡ ਉੱਤੇ ਜਾਬਲੀ ਪੰਚਾਇਤ ਦਾ ਪਿੰਡ ਸੁਜੀ ਹੈ। ਸੋਮਵਾਰ ਰਾਤ ਸਾਢੇ ਸੱਤ ਵਜੇ ਖੇਮਰਾਜ ਦੀ 27 ਸਾਲਾ ਬੇਟੀ ਸਪਨਾ ਉਰਫ ਪੂਜਾ ਵਿਹੜੇ ਨੇੜੇ ਬਣੇ ਟਾਇਲੇਟ ਵਿੱਚ ਗਈ ਤਾਂ ਪਿੰਡ ਵਿੱਚ ਤੇਂਦੂਆ ਘੁੰਮਦਾ ਸੀ, ਇਸ ਲਈ ਪਿਤਾ ਨੇ ਕਿਹਾ ਕਿ ਉਹ ਬਾਹਰ ਖੜ੍ਹੇ ਰਹਿਣਗੇ। ਇਸ ਉੱਤੇ ਸਪਨਾ ਨੇ ਕਿਹਾ ਕਿ ਤੁਸੀਂ ਵਿਹੜੇ ਵਿੱਚ ਬਣੇ ਮੰਦਰ ਵਿੱਚ ਪੂਜਾ ਦੀ ਤਿਆਰੀ ਕਰੋ। 10 ਮਿੰਟ ਬਾਅਦ ਜਦ ਖੇਮਰਾਜ ਨੇ ਬੇਟੀ ਨੂੰ ਆਵਾਜ਼ ਦਿੱਤੀ ਤਾਂ ਜਵਾਬ ਨਹੀਂ ਮਿ-ਲਆ। 10 ਵਾਰ ਆਵਾਜ਼ਾਂ ਲਾਉਣ ’ਤੇ ਵੀ ਆਵਾਜ਼ ਨਹੀਂ ਆਈ ਤਾਂ ਉਹ ਟਾਇਲੇਟ ਵੱਲ ਗਏ। ਉਥੇ ਉਸ ਦੀ ਟੋਪੀ ਡਿੱਗੀ ਸੀ। ਖੇਮਰਾਜ ਦੇ ਹੱਥ ਵਿੱਚ ਟਾਰਚ ਅਤੇ ਪੈਰ ਨੰਗੇ ਸਨ। ਉਹ ਨੰਗੇ ਪੈਰੀਂ ਦੌੜ ਪਏ। ਢਲਾਨਦਾਰ ਖੇਤਾਂ ਨੂੰ ਟੱਪਦੇ ਹੋਏ ਸਪਨਾ ਨੂੰ ਆਵਾਜ਼ਾਂ ਮਾਰਦੇ ਗਏ। ਓਧਰ ਸਪਨਾ ਦੀਆਂ ਚੱਪਲਾਂ ਅਤੇ ਸਵੈਟਰ ਵੀ ਦਿਸ ਪਏ। ਖੇਮਰਾਜ ਕਹਿੰਦੇ ਹਨ, ਮੈਂ ਹੇਠਾਂ ਵੱਲ ਪੱਥਰ ਸੁੱਟਦਾ ਗਿਆ ਅਤੇ ਕਰੀਬ ਪੰਜਾਹ ਆਵਾਜ਼ਾਂ ਸਪਨਾ ਨੂੰ ਦਿੱਤੀਆਂ। ਅਖੀਰ ਬੇਟੀ ਦੀ ਸਹਿਮੀ ਹੋਈ ਆਵਾਜ਼ ਆਈ ਕਿ ਪਾਪਾ ਮੈਨੂੰ ਬਚਾ ਲਓ। ਅਚਾਨਕ ਟਾਰਚ ਦੀ ਰੋਸ਼ਨੀ ਤੇਂਦੂਏ ਦੀਆਂ ਅੱਖਾਂ ਉੱਤੇ ਪਈ। ਖੇਮਰਾਜ ਨੇ ਪੱਥਰ ਉਸ ਨੂੰ ਮਾਰਿਆ, ਜੋ ਤੇਂਦੂਏ ਦੇ ਜਬਾੜੇ ਉੱਤੇ ਲੱਗਾ। ਫਿਰ ਲਗਾਤਾਰ ਪੱਥਰ ਮਾਰਨ ਉੱਤੇ ਤੇਂਦੂਆ ਚਲਾ ਗਿਆ। ਖੇਮਰਾਜ ਤੇ ਤੇਂਦੂਏ ਦਾ ਫਾਸਲਾ ਪੰਜ ਫੁੱਟ ਸੀ। ਖੇਮਰਾਜ ਨੇ ਕਿਹਾ ਕਿ ਇੱਕ ਮਿੰਟ ਵੀਦੇਰ ਹੁੰਦੀ ਤਾਂ ਮੇਰੀ ਬੇਟੀ ਨਾ ਮਿਲਦੀ।



ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 31 ਸਾਲਾ ਤਜਰਬੇ ਵਾਲੇ
ਅਵਤਾਰ ਸਿੰਘ ਟਿਵਾਣਾ
Free Evaluation of your Property
Special Packages for First Time Buyer
Arrangement of Low Mortgage rate Lawyer
Arrangement of Home Inspection
Avtar Singh Tiwana
Sales Representative
Tel: 905.793.5777
416.802.5866
31 Melanie Dr. Unit #4 Brampton, ON L6T 5H8





SOLD
$1,399,999
CASTLEMORE/GOREWAY
ਬਰੈਂਪਟਨ ਵਿਚ ਬਹੁਤ ਹੀ ਸੋਹਣਾ ਅਤੇ ਸਾਫ਼ ਸੁਥਰਾ 3500-5000 ਵਰਗ ਦਾ 4 ਬੈੱਡਰੂਮ ਅਤੇ 5 ਵਾਸ਼ਰੂਮ ਦਾ ਘਰ, ਫਿਨਿਸ਼ਡ ਬੇਸਮੈਂਟ ਵਿਚ ਕਿਚਨ ਅਤੇ ਸੈਪਰੇਟ ਐਂਟਰੈਂਸ, ਮੇਨ ਫਲੋਰ 'ਤੇ 9 ਫੁੱਟ ਦੀ ਸੀਲਿੰਗ,ਫਾਰਮਲ ਲਿਵਿੰਗ, ਡਾਇਨਿੰਗ ਅਤੇ ਫੈਮਿਲੀ ਰੂਮ, ਮੇਨ ਫਲੋਰ ਤੇ ਡੇਨ, ਅਪਗ੍ਰੇਡ ਕਿਚਨ ਅਤੇ ਗਰੇਨਾਈਟ ਕਾਊਂਟਰ ਟਾਪ, 2 ਫਰਿਜ, 2 ਸਟੋਵ, 1 ਡਿਸ਼ਵਾਸ਼ਰ, ਕੱਪੜੇ ਧੋਣ ਲਈ ਮੇਨ ਫਲੋਰ 'ਤੇ ਵਾਸ਼ਰ ਅਤੇ ਡਰਾਈਅਰ, 4 ਕਾਰ ਪਾਰਕਿੰਗ ਨਾਲ ਡਬਲ ਡੋਰ ਗਰਾਜ। ਸਾਰੀਆਂ ਸਹੂਲਤਾਂ ਦੇ ਨੇੜੇ



FOR SALE
$1,749,900
8337 ਗਲਫ ਲਾਈਨ
401 & ਗਲਫ ਲਾਈਨ ਏਰੀਆ ਵਿਚ 2.61 ਏਕੜ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 2 ਬੈਡਰੂਮ, 1 ਵਾਸ਼ਰੂਮ ਹੈ। ਆਪਣਾ ਮਨਪਸੰਦ ਦਾ ਕਸਟਮ ਡਰੀਮ ਹਾਊਸ ਬਣਾਉਣ ਲਈ ਪਰਮਿਟ ਅਪਰੂਵਡ। ਹਾਈਵੇ 410 ਅਤੇ ਟਾਊਨ ਆਫ ਮਿਲਟਨ ਦੇ ਨਜ਼ਦੀਕ। ਏਅਰਪੋਰਟ ਤੋਂ ਕੁਝ ਹੀ ਮਿੰਟਾਂ ਦੀ ਦੂਰੀ ਉਤੇ। ਹੋਰ ਜਿਆਦਾ ਜਾਣਕਾਰੀ ਲਈ ਕਾਲ ਕਰੋ: 416-802-5866



FOR SALE
$1,950,000
26 Yellow RomeRd
ਕੈਸਲਮੋਰ/ਗੋਰਵੇ
ਕੈਸਲਮੋਰ/ਗੋਰਵੇ ਦੇ ਏਰੀਆ ਵਿਚ ਬਹੁਤ ਹੀ ਸੁੰਦਰ ਫੁਲੀ ਅਪਗ੍ਰੇਡਡ ਘਰ। 4 ਬੈਡਰੂਮ ਵਿਚ ਇਨਸੂਟ ਅਤੇ ਵਾਕਇਨ ਕਲਾਜ਼ਿਟ, ਮਾਡਰਨ ਕਿਚਨ ਗ੍ਰੇਨਾਈਟ ਕਊਂਟਰ ਟਾਪ ਦੇ ਨਾਲ। 2 ਬੈਡਰੂਮਜ਼ ਦੀ ਫਿਨਿਸ਼ਡ ਬੇਸਮੈਂਟ ਵਿਚ ਸੈਪਰੇਟ ਐਂਟਰੈਂਸ, 6 ਵਾਸ਼ਰੂਮ, 2 ਫਰਿਜ, 2 ਸਟੋਵ, ਦੂਸਰੀ ਮੰਜ਼ਲ ਉਤੇ ਲਾਊਂਡਰੀ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ

jobs! jobs! jobs! jobs! jobs!
DUNDAS·JAFINE
HELP WANTED
ਕਾਮਿਆਂ ਦੀ ਲੋੜ
ਜਨਰਲ ਲੇਬਰ ਦਾ ਕੰਮ ਉਪਲੱਬਧ ਹੈ
ਬਰੈਂਪਟਨ ਦੇ ਇਲਾਕੇ ਡੰਡਾਸ ਜੈਫਿਨ, Air Distribution Products ਦੀ Leading Manufacture company HVAC Industry ਲਈ ਫੁੱਲ ਟਾਈਮ ਪੋਜੀਸ਼ਨ ਉਪਲੱਬਧ ਹੈ।
Afternoon and Midnight Shifts Available.
ਕਾਮਿਆਂ ਨੂੰ ਹੇਠ ਲਿਖੇ ਕਾਰਨ ਵਿੱਚ ਸਮਰੱਥ ਹੋਣਾ ਜਰੂਰੀ ਹੈ:
* ਸੁਤੰਤਰ ਤੌਰ ਤੇ ਕੰਮ ਕਰੋ * 20Lbs ਤੱਕ ਭਾਰ ਚੁੱਕ ਸਕਣ
* ਆਪਣੇ Safety Shoes ਹੋਣੇ ਚਾਹੀ ਦੇ ਹਨ
ਅਪਲਾਈ ਕਰਨ ਲਈ ਆਪ ਪਹੁੰਚੋ:
80 West Drive, Brampton
Apply In Person to complete application in the Shipping Department

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

# Matrimonial

## ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਟਾਂਕ ਕਸ਼ੱਤਰੀ ਲੜਕਾਂ, ਉਮਰ 25 ਸਾਲ, ਕੈਨੇਡਾ ਪੀ.ਆਰ., ਕੱਦ 5.8 ਇੰਚ, ਲਈ ਡਿਗਰੀ ਕਰਨ ਆਈ ਕੈਨੇਡਾ ਵਿੱਚ ਕੱਚੇ ਜਾ ਪੱਕੇ ਤੌਰ 'ਤੇ ਰਹਿ ਰਹੀ ਲੜਕੀ ਦੀ ਲੋੜ। +1-204-557-6726 (ਕੈਨੇਡਾ) +91-99142-07712 Email: hrpreet.ca@gmail.com

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422,
ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5''8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

Sikh Ramgarhiya family seeking match for their son 29 years, 6ft. Masters in Computer Science, working as a Software developer in a US based company. Boy is a PR and well settled in Canada. Preference will be given to someone already in Canada. Please contact +1-613-769-2680 or +91-97799-21292.

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9'', ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਕੈਨੇਡਾ ਵਿਚ ਵੈੱਲ ਸੈਟਲਡ ਪੀ.ਆਰ. ਲੜਕਾ, ਟਰੱਕਿੰਗ ਇੰਡਸਟਰੀ ਵਿਚ ਵਧੀਆ ਨੌਕਰੀ ਕਰ ਰਿਹਾ, ਉਮਰ 30 ਸਾਲ, ਕੱਦ 5'9'' ਲਈ ਕੈਨੇਡੀਅਨ ਪੀ.ਆਰ./ਸਿਟੀਜਨ, ਵਰਕ ਪਰਮਿਟ ਜਾਂ ਆਪਣੇ ਪਰਿਵਾਰ ਨਾਲ ਰਹਿ ਰਹੀ ਲੜਕੀ ਦੀ ਲੋੜ ਹੈ। ਲੜਕੇ ਦੀ ਭੇਣ ਕੈਨੇਡਾ ਵਿਚ ਆਪਣੇ ਪਰਿਵਾਰ ਨਾਲ ਰਹਿੰਦੀ ਹੈ। ਸੰਪਰਕ: 647-608-4013

ਰਵੀਦਾਸੀਆ/ਰਾਮਦਾਸੀਆ ਸਿੱਖ ਲੜਕਾ, ਉਮਰ 27 ਸਾਲ, ਕੱਦ 5 ਫੁੱਟ 11 ਇੰਚ, ਕੈਨੀਡੀਅਨ ਸਿਟੀਜ਼ਨ, ਕੈਨੇਡਾ ਵਿਚ ਸਰਕਾਰੀ ਨੌਕਰੀ ਕਰ ਰਹੇ ਲੜਕੇ ਲਈ ਯੋਗ ਪੜ੍ਹੀ-ਲਿਖੀ ਲੜਕੀ ਦੀ ਲੋੜ ਹੈ। ਲੜਕਾ 21 ਸਾਲ ਤੋਂ ਕੈਨੇਡਾ ਵਿਚ ਰਹਿ ਰਿਹਾ ਹੈ ਅਤੇ ਪਿੱਛੋਂ ਪਰਿਵਾਰ ਲੁਧਿਆਣੇ ਤੋਂ ਹੈ। ਸੰਪਰਕ: 905-996-0127, 416-728-9390

## ਲੜਕੀ ਦੀ ਲੋੜ

Jatt Sikh boy truck driver, 5'11, born in 1992. Clean shave , vegetarian, Permanent Resident, 1.5 acres property in India. 2 residential properties in Brampton. Living in Brampton, well settled. Looking for a suitable match. Only serious inquiries. Contact-+1-416-991-9192

ਜੱਟ ਸਿੱਖ ਲੜਕਾ, 29, ਕੱਦ 5 ਫੁੱਟ, 9 ਇੰਚ, ਅਮਰੀਕਾ ਜੰਮਪਲ, ਸਾਰਾ ਪਰਿਵਾਰ ਵੈਲ ਸੈਟਲਡ, Residency doctor ਕਰ ਰਹੇ ਲੜਕੇ ਲਈ ਅਮਰੀਕਨ ਜਾਂ ਕੈਨੇਡੀਅਨ ਜੰਮਪਲ ਲੜਕੀ ਦੀ ਲੋੜ ਹੈ। ਸੰਪਰਕ:+12627165859, email: karan2@sbcglobal.net

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11'' ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2'' ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

ਫਾਰਮ ਵਰਕਰ ਦੀ ਲੋੜ
ਨਰਸਰੀ ਅਤੇ ਫਾਰਮਾਂ ਵਿਚ ਕੰਮ ਕਰਨ ਲਈ ਤੁਰੰਤ ਵਰਕਰਾਂ ਦੀ ਲੋੜ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰਾਂ ਉਤੇ ਸੰਪਰਕ ਕੀਤਾ ਜਾ ਸਕਦਾ ਹੈ।
ਮੋਬਾਇਲ: ਪਰਮਿੰਦਰ ਗਰੇਵਾਲ 647-391-1000
ਬਲਵੀਰ ਸਰਪੰਚ 289-541-5384

ਲੇਡੀਜ਼ ਵਰਕਰ ਦੀ ਲੋੜ
ਵਸਾਗਾ ਬੀਚ ਦੇ ਏਰੀਆ ਵਿਚ ਘਰ ਅਤੇ ਮੋਟਲ ਵਿਚ ਕਲੀਨਿੰਗ ਦਾ ਅਤੇ ਹੋਰ ਛੋਟੇ ਮੋਟੇ ਕੰਮ ਕਰਨ ਲਈ ਲੇਡੀਜ਼ ਵਰਕਰ ਦੀ ਲੋੜ ਹੈ। ਰਹਿਣ ਸਹਿਣ ਅਤੇ ਖਾਣ ਪੀਣ ਦੀ ਸਹੂਲਤ ਉਥੇ ਹੀ ਦਿੱਤੀ ਜਾਵੇਗੀ। ਤਨਖਾਹ ਬਾਰੇ ਅਤੇ ਹੋਰ ਜਾਣਕਾਰੀ ਲੈਣ ਲਈ ਕਾਲ ਕਰੋ :
705-443-2556

A/Z CITY DRIVER WANTED
INNOVATION Transportation
∘A/Z City Drivers Needed
∘Good Pay and good Mileage
∘Day, Afternoon & Weekend Shifts
∘Weekly Pay
$22 /Hour
∘7 Days Work ∘All Shifts Available
Toronto ਤੇ Montreal ਲਈ ਵੀ ਡਰਾਇਵਰਾਂ ਦੀ ਲੋੜ ਹੈ
Call : 416- 268-9952
70 Delta Park Blvd, Unit # 4, Brampton

WWW.KULWINDERCHHINA.COM
MULTI AWARD WINNER REALTOR
KULWINDERCHHINA
BROKER
647.293.2327



STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋਂ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਢੇਸੀ

ਫੋਨਾਂ ਦੇ ਸਸਤੇ ਪਲਾਨ ਗਾਰੰਟਿਡ
ਸਸਤੇ ਫੋਨਾਂ ਦੇ ਪਲਾਨ, ਕਿ ਸੁਣ ਕੇ ਹੋ ਜਾਓਗੇ ਹੈਰਾਨ,
ਇਕ ਵਾਰੀ ਅਜ਼ਮਾਓ ਤੇ ਫਿਰ ਹੋਰਾਂ ਨੂੰ ਵੀ ਲਿਆਓ
20 ਸਾਲਾਂ ਤੋਂ ਇਕੋ ਨਾਮ-ਇਕੋ ਦੁਕਾਨ
(905)790-9999
2565 Steeles Ave. E, Brampton (Steeles/Torbram)

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀਜ਼ ਇੰਸਟਰਕਟਰ
647-998-7500 ਬਲਵਿੰਦਰ



# ਕੀ ਤੁਸੀਂ ਕਰਜ਼ੇ ਵਿੱਚ ਹੋ?

ਕੀ ਤੁਸੀਂ ਕਲੈਕਸ਼ਨ ਕਾਲ ਤੋਂ ਅੱਕ ਚੁੱਕੇ ਹੋ?



BOOK YOUR FREE CONSULTATION

ਹੁਣ ਘਬਰਾਉਣ ਦੀ ਜ਼ਰੁਰਤ ਨਹੀਂ
ਹੁਣ ਗੋਮਾ ਸੰਧੂ ਕਰਣਗੇ ਤੁਹਾਡੇ ਕਰੈਡਿਟ ਕਾਰਡ, ਲੋਨ ਤੇ ਟੈਕਸ ਦੇ ਕਰਜ਼ੇ ਦਾ ਹੱਲ ਤੇ ਤੁਹਾਡੇ ਕਰਜ਼ੇ ਦਾ ਲਗਭਗ 75% ਘਟਾਉਣ ਵਿੱਚ ਮਦਦ ਕਰਣਗੇ



ਜੇਕਰ ਤੁਸੀਂ ਸੂ ਹੋ ਚੁੱਕੇ ਹੋ ਤੇ ਤੁਸੀਂ ਘਰ ਤੇ ਲੀਨ ਪੈਣ ,ਵੇਜ ਗਾਰਨੀਸ਼ਮੈਂਟ ਅਤੇ ਬੈਂਕ ਅਕਾਊਂਟ ਨੂੰ ਫ੍ਰੀਜ਼ ਹੋਣ ਤੋਂ ਬਚਾਉਣਾ ਚਾਉਂਦੇ ਹੋ ,ਅਤੇ ਤੁਸੀਂ ਆਪਣੀ ਕਾਰ ਤੇ ਟਰੱਕ ਦੀ ਕਿਸ਼ਤ ਨਹੀਂ ਦਿੱਤੀ ਤੇ ਤੁਹਾਡਾ ਐਸੇਟ ਸਰਨਡਰ ਹੋ ਗਿਆ ਹੈ ਤਾ
ਹੁਣ ਹੀ ਮੁਫਤ ਸਲਾਹ ਲਈ ਕਾਲ ਕਰੋ ਗੋਮਾ ਸੰਧੂ 4167316382

- -Collection Calls
- -Personal Taxes
- -GST/HST

- -Credit Card Debts
- -Personal Loans
- -Pay Day Loans
- -Student Loans

- -Wage Garnishment
- -Writ on your property
- -Frozen Bank Accounts

CONTACT US:
Goma Sandhu
(416)-731-6382
gomasandhu@hotmail.com

WE HELP...
- -Save your Assets
- -Avoid Bankruptcy
- -Small monthly payments
- -Rebuild your credit

YOUR DEBT $ MY SOLUTION





Other Realtors only Promise
But JAG AUJLA SOLD YOUR HOME WITH
GUARANTEE

Advertisement GUARANTEED Till SOLD

# JAG AUJLA
REAL ESTATE BROKER
DIR: 416-371-7777
j.aujla@rogers.com www.jagaujla.com
RE/MAX Realty Specialist Inc., Brokerage (Independently Owned and Operated) Off: 905-456-3232
www.BramptonTopRelator.com

Top 1% Ranked Broker
Call For a Quick & Free Home Evaluation
www.BramptonQuickHomeEvaluation.com

**2016,2015,2014,2013 2012,2011,2010) **(2009,2008) **(2010) **(2014)

ਘਰਾਂ ਦੀਆਂ ਨਵੀਆਂ ਲਿਸਟਿੰਗਾਂ (Listings) ਦੀ ਬਹੁਤ ਲੋੜ ਹੈ

CALEDON




ਕੈਨੇਡੀ / ਦੂੱਗਲ

ਬਰੈਂਡ ਨੀਊ ਘਰ ਸੈਲ ਲਈ ਉਪਲਬੱਧ ਹੈ। ਲਗਭਗ 2800 ਸੁਕੇਅਰ ਫੁੱਟ ਏਰੀਆ ਅਤੇ 42 ਫੀਟ ਵਾਈਡ ਕਾਰਨਰ ਲਾਟ ਹੈ ਜਿਸ ਵਿੱਚ 4 ਬੈਂਡਰੂਮ ਅਤੇ 4 ਵਾਸ਼ਰੂਮ ਹਨ। ਮੇਨ ਫਲੋਰ 10 ਫੁੱਟ ਸਿਲਿੰਗ । ਡਾਇਨੀਂਗ ਰੂਮ ਉਪਰ ਨੂੰ ਖੁੱਲਾ ਹੈ ਅਤੇ 19 ਫੁੱਟ ਹਾਈ ਸਿਲਿੰਗ ਹੈ। ਹਾਰਡਵੂਡ ਫਲੋਰ, ਓਕ ਸਟਰੇਅਰਜ਼। ਅਪਗ੍ਰੇਡੇਡ ਕਿਚਨ ਅਤੇ ਕੁਆਰਟਜ਼ ਕਾਊਂਟਰ ਟਾਪ। ਮੈਨ ਫਲੋਰ ਲਾਂਡਰੀ ਹੈ ।
ਵਧੇਰੀ ਜਾਣਕਾਰੀ ਲਈ ਜੇਗ ਔਜਲਾ ਨਾਲ 416-371-7777 ਤੇ ਸੰਪਰਕ ਕਰ ਸਕਦੇ ਹੋ ।

BRAMPTON



Queen St / West Drive $514,905

12 laurelcrest St. 411
Queen St./West Drive
ਕੁਈਨ ਸਟਰੀਟ ਤੇ ਵੈਸਟ ਡਰਾਈਵ ਉਤੇ ਬਹੁਤ ਹੀ ਸੋਹਣਾ ਕੋਂਡੋ ਆਰਟਮੈਂਟ। 24 ਘੰਟੇ ਸਿਕਿਓਰਟੀ ਦੇ ਨਾਲ ਫੁਲੀ ਰੈਨੋਵੇਟਡ ਘਰ। ਜਿਸ ਵਿਚ ਮਾਸਟਰ ਬੈਡਰੂਮ, 4 ਪੀਸੀ ਵਾਸ਼ਰੂਮ ਇਨਸੂਟ ਹਨ। ਇਹ ਘਰ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ ਹਾਈਵੇ 410 ਦੇ ਨੇੜੇ ਹੈ।

BRAMPTON




$ 1,199,905 Bramlea Rd./Bovaird Dr.
2600 ਸਕੇਅਰ ਫੁੱਟ ਦਾ 45 ਫੁੱਟ ਦੀ ਲਾਟ ਦਾ ਡੀਟੈਚਡ ਘਰ, ਡਬਲ ਡੋਰ ਐਂਟਰੀ, 4 ਬੈਂਡਰੂਮ, 3 ਬੈਂਡਰੂਮ ਦੀ ਫਿਨਿਸ਼ਡ ਬੇਸਮੈਂਟ ਸੈਪਰੇਟ ਐਂਟਰੈਂਸ ਨਾਲ, 2 ਲਾਂਡਰੀ, ਅਪਗ੍ਰੇਡਡ ਕਿਚਨ, ਅਪਗ੍ਰੇਡਡ ਰੂਫ ਅਤੇ ਵੁੱਡ ਫਲੋਰ ਤੇ ਹੋਰ ਸਾਰੀਆਂ ਸਹੂਲਤਾਂ ਦੇ ਨਜ਼ਦੀਕ।
ਜਿਆਦਾ ਜਾਣਕਾਰੀ ਲਈ ਸੰਪਰਕ ਕਰੋ: 416-371-7777

BRAMPTON



24 Youngstar Tr
Hwy 50/Cottrelle
2+1 ਬੈਡਰੂਮ, 3 ਵਾਸ਼ਰੂਮ ਦਾ ਬਹੁਤ ਹੀ ਵਧੀਆ ਘਰ। ਜਿਸ ਵਿਚ ਫਿਨਿਸ਼ਡ ਵਾਕ ਆਊਟ, ਬੇਸਮੈਂਟ, ਡਬਲ ਡੋਰ ਐਂਟਰੀ, ਹਾਰਡਵੁੱਡ ਫ਼ਲੋਰ, 2 ਫਰਿਜ, 2 ਡਰਾਇਰ, 2 ਸਟੋਵ, 2 ਵਾਸ਼ਰ ਹਾਈਵੇ ਹਨ। ਇਹ ਘਰ ਹਾਈਵੇ 50, 427, 407 ਦੇ ਨੇੜੇ ਸਥਿਤ ਹੈ ਤੇ ਨਾਲ ਹੋਰ ਵੀ ਬਹੁਤ ਸਾਰੀਆਂ ਸਹੂਲਤਾਂ ਹਨ। ਜ਼ਿਆਦਾ ਜਾਣਕਾਰੀ ਲਈ ਸੰਪਰਕ ਕਰੋ:
416-371-7777

BRAMPTON




34 Winterfold Dr
CREDITVIEW & BOVAIRD
(MOUNT PLEASANT)
ਖੁੱਲ੍ਹਾ ਅਤੇ ਸ਼ਾਨਦਾਰ 2 ਮੇਨ ਐਂਟਰੈਂਸ ਵਾਲਾ ਘਰ, ਡਬਲ ਕਾਰ ਗਰਾਜ, ਓਪਨ ਕੰਸੈਪਟ ਕਿਚਨ ਬੈਕਸਪਲੈਸ ਦੇ ਨਾਲ, ਖੁੱਲ੍ਹਾ ਮਾਸਟਰ ਬੈਂਡਰੂਮ ਇਨਸੂਟ ਵਾਸ਼ਰੂਮ ਅਤੇ ਵਾਕਇਨ ਕਲਾਜ਼ਿਟ ਦੇ ਨਾਲ। 2 ਬੈਂਡਰੂਮ ਦੀ ਫਿਨਿਸ਼ਡ ਬੇਸਮੈਂਟ, ਖੁੱਲ੍ਹਾ ਡੁੱਲ੍ਹਾ ਬੈਕਯਾਰਡ। ਘਰ 2 ਵੱਖ-ਵੱਖ ਪਰਿਵਾਰਾਂ ਨੂੰ ਕਿਰਾਏ ਉਤੇ ਦਿੱਤਾ ਜਾ ਸਕਦਾ ਹੈ।




Orangeville Ontario L9W3X5
Orangeville Dufferin ਦੇ ਏਰੀਆ ਵਿਚ 5780 ਸਕੇਅਰ ਫੁਟ ਦਾ ਆਟੋ ਬਾਡੀ ਸ਼ਾਪ 1 ਏਕੜ ਦੀ ਜਗ੍ਹਾ, 3 ਗਰਾਜ ਡੋਰ 15 ਫੁੱਟ ਉਚਾਈ, 4 ਵਾਸ਼ਰੂਮ, 100 + ਕਾਰ ਪਾਰਕਿੰਗ, ਅਗਲੇ ਹਿੱਸੇ ਵਿਚ ਆਟੋ ਬਾਡੀ, ਕਾਰ ਰਿਪੇਅਰ ਅਤੇ ਬੈਕ ਸਾਈਡ ਉਤੇ ਕੋਈ ਹੋਰ ਬਿਜਨਸ ਚੱਲ ਰਿਹਾ ਹੈ। ਜਿਆਦਾ ਜਾਣਕਾਰੀ ਲਈ ਸੰਪਰਕ ਕਰੋ 416-371-7777






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017